ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7l

awazeqaumtvpunjab@gmail.com

ਸ਼ੁੱਕਰਵਾਰ, 23 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੦ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਸਿੱਖ ਕਤਲੇਆਮ ਦੇ ਇਕ ਮਾਮਲੇ ਵਿਚ

# ਅਦਾਲਤ ਨੇ ਸੱਜਣ ਕੁਮਾਰ ਨੂੰ ਕੀਤਾ ਬਰੀ

ਨਵੀਂ ਦਿੱਲੀ 22 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਦੀ ਰਾਜਨੀਤੀ ਵਿੱਚ ਕਦੇ "ਅਜਿੱਤ" ਮੰਨੇ ਜਾਂਦੇ ਸਾਬਕਾ ਕਾਂਗਰਸੀ ਸੰਸਦ ਮੈਂਬਰ ਸੱਜਣ ਕੁਮਾਰ ਨੂੰ ਅੱਜ ਰਾਊਜ਼ ਐਵੇਨਿਊ ਅਦਾਲਤ ਨੇ ਜਨਕਪੁਰੀ ਅਤੇ ਵਿਕਾਸਪੁਰੀ ਹਿੰਸਾ ਮਾਮਲਿਆਂ ਵਿੱਚੋਂ ਬਰੀ ਕਰਕੇ ਸਿੱਖਾਂ ਨੂੰ ਮੁੜ ਬੇਗਾਨਿਗੀ ਦਾ ਅਹਿਸਾਸ ਕਰਵਾਇਆ ਹੈ ਤੇ ਇੰਨਸਾਫ ਲਈ 41 ਸਾਲਾਂ ਤੋਂ ਭਟਕ ਰਹੇ ਸਿੱਖ ਕਤਲੇਆਮ ਪੀੜੀਤਾਂ ਦੇ ਡੁੱਲ੍ਹੇ ਖ਼ੂਨ ਉਪਰ ਨਮਕ ਛਿੜਕਯਾ ਗਿਆ ਹੈ ।ਅਦਾਲਤ ਨੇ 1984 ਦੇ ਸਿੱਖ ਕਤਲੇਆਮ ਨਾਲ ਸਬੰਧਤ ਇਸ ਮਾਮਲੇ ਵਿੱਚ ਉਨ੍ਹਾਂ ਨੂੰ ਬਰੀ ਕਰਨ ਦਾ ਮੁੱਖ ਕਾਰਨ ਸਬੂਤਾਂ ਦੀ ਘਾਟ ਦੱਸਿਆ। ਹਾਲਾਂਕਿ, ਇਹ ਰਾਹਤ ਉਸਨੂੰ ਜੇਲ੍ਹ ਤੋਂ ਮੁਕਤ ਨਹੀਂ ਕਰੇਗੀ, ਕਿਉਂਕਿ ਉਹ ਪਹਿਲਾਂ ਹੀ ਹੋਰ ਮਾਮਲਿਆਂ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਹੈ। ਇਥੇ ਦਸਣਯੋਗ ਹੈ ਕਿ ਸੱਜਣ ਕੁਮਾਰ ਦਾ ਰਾਜਨੀਤਿਕ ਸਫ਼ਰ ਕਿਸੇ ਫਿਲਮੀ ਕਹਾਣੀ ਤੋਂ ਘੱਟ ਨਹੀਂ ਹੈ। 1970 ਦੇ ਦਹਾਕੇ ਵਿੱਚ, ਉਹ ਦਿੱਲੀ ਦੇ ਆਨੰਦ ਪਰਬਤ ਖੇਤਰ ਵਿੱਚ ਇੱਕ ਸਧਾਰਨ ਚਾਹ ਦੀ ਦੁਕਾਨ ਚਲਾਉਂਦੇ ਸਨ ਅਤੇ ਆਪਣੇ ਸੰਗਠਨਾਤਮਕ ਹੁਨਰ ਨਾਲ ਸੰਜੇ ਗਾਂਧੀ ਦਾ ਮਨ ਜਿੱਤਦੇ ਸਨ। ਸੰਜੇ ਗਾਂਧੀ ਦੇ ਨੇੜੇ ਹੋਣ ਕਰਕੇ ਉਨ੍ਹਾਂ ਦੇ ਜ਼ਮੀਨੀ ਪ੍ਰਭਾਵ ਨੇ ਉਨ੍ਹਾਂ ਨੂੰ ਗਾਂਧੀ ਪਰਿਵਾਰ ਦਾ ਵਫ਼ਾਦਾਰ ਬਣਾਇਆ। 1980 ਵਿੱਚ, ਉਸਨੇ ਬਾਹਰੀ ਦਿੱਲੀ ਲੋਕ ਸਭਾ ਸੀਟ 'ਤੇ ਦਿੱਲੀ ਦੇ ਪਹਿਲੇ ਮੁੱਖ ਮੰਤਰੀ ਚੌਧਰੀ ਬ੍ਰਹਮ ਪ੍ਰਕਾਸ਼ ਨੂੰ ਹਰਾ ਕੇ ਸਾਰਿਆਂ ਨੂੰ ਹੈਰਾਨ ਕਰ ਦਿੱਤਾ। ਇਸ ਨਾਲ ਸੱਜਣ ਦੇ ਸੱਤਾ ਵਿੱਚ ਆਉਣ ਦੀ ਸ਼ੁਰੂਆਤ ਹੋਈ। 31 ਅਕਤੂਬਰ, 1984 ਨੂੰ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ ਸੱਜਣ ਕੁਮਾਰ ਦਾ ਸ਼ਾਨਦਾਰ ਕਰੀਅਰ ਪੂਰੀ ਤਰ੍ਹਾਂ ਉਲਟ ਗਿਆ ਸੀ। ਉਨ੍ਹਾਂ 'ਤੇ ਸੁਲਤਾਨਪੁਰੀ ਅਤੇ ਰਾਜ ਨਗਰ ਵਰਗੇ ਇਲਾਕਿਆਂ ਵਿੱਚ ਭੀੜ ਨੂੰ ਭੜਕਾਉਣ ਅਤੇ ਸਿੱਖਾਂ ਦੇ ਕਤਲੇਆਮ ਦੀ ਸਾਜ਼ਿਸ਼ ਰਚਣ ਦੇ ਗੰਭੀਰ ਦੋਸ਼ ਲੱਗੇ ਸਨ। ਵਿਸ਼ੇਸ਼ ਜੱਜ ਡੀਆਈਜੀ ਵਿਨੇ ਸਿੰਘ ਨੇ ਸੱਜਣ ਕੁਮਾਰ ਨੂੰ ਜਨਕਪੁਰੀ ਅਤੇ ਵਿਕਾਸਪੁਰੀ ਵਿੱਚ ਹੋਈ ਹਿੰਸਾ (ਜਿਸ ਵਿੱਚ ਸੋਹਣ ਸਿੰਘ, ਅਵਤਾਰ ਸਿੰਘ ਅਤੇ ਗੁਰਚਰਨ ਸਿੰਘ ਮਾਰੇ ਗਏ ਸਨ) ਨਾਲ ਸਬੰਧਤ ਮਾਮਲੇ ਵਿੱਚ ਬਰੀ ਕਰ ਦਿੱਤਾ। ਅਦਾਲਤ ਨੇ ਕਿਹਾ ਕਿ ਇਸਤਗਾਸਾ ਪੱਖ ਉਸਦੀ ਸ਼ਮੂਲੀਅਤ ਸਾਬਤ ਕਰਨ ਲਈ ਲੋੜੀਂਦੇ ਅਤੇ ਠੋਸ ਸਬੂਤ ਪੇਸ਼ ਕਰਨ ਵਿੱਚ ਅਸਫਲ ਰਿਹਾ ਹੈ।ਆਓ ਜਾਣਦੇ ਹਾਂ ਕਿ 1984 ਦੇ ਦਿੱਲੀ ਸਿੱਖ ਕਤਲੇਆਮ ਦਾ ਪੂਰਾ ਮਾਮਲਾ ਕੀ ਹੈ..? 2015 ਵਿਚ ਕੇਂਦਰ ਸਰਕਾਰ ਦੁਆਰਾ ਗਠਿਤ ਇੱਕ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਦੁਆਰਾ 2015 ਵਿੱਚ ਮਾਮਲੇ ਦੀ ਨਵੇਂ ਸਿਰੇ ਤੋਂ ਜਾਂਚ ਕੀਤੀ ਗਈ। ਦਿੱਲੀ ਹਾਈ ਕੋਰਟ ਨੇ ਉਨ੍ਹਾਂ ਨੂੰ ਰਾਜ ਨਗਰ ਮਾਮਲੇ ਵਿੱਚ 'ਮਨੁੱਖਤਾ ਵਿਰੁੱਧ ਅਪਰਾਧ' ਦਾ ਦੋਸ਼ੀ ਠਹਿਰਾਇਆ ਅਤੇ ਉਮਰ ਕੈਦ ਦੀ ਸਜ਼ਾ ਸੁਣਾਈ, ਜਿਸ ਤੋਂ ਬਾਅਦ ਉਨ੍ਹਾਂ ਨੂੰ ਰਾਜਨੀਤੀ ਛੱਡ ਕੇ ਜੇਲ੍ਹ ਜਾਣਾ ਪਿਆ। ਫਰਵਰੀ 2024 ਵਿੱਚ, ਉਸਨੂੰ ਸਰਸਵਤੀ ਵਿਹਾਰ ਮਾਮਲੇ ਵਿੱਚ ਵੀ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ, ਜਿਸ ਕਾਰਨ ਉਹ ਅੱਜ ਬਰੀ ਹੋਣ ਦੇ ਬਾਵਜੂਦ ਜੇਲ੍ਹ ਵਿੱਚ ਹੀ ਰਹੇਗਾ। ਜਿਕਰਯੋਗ ਹੈ ਕਿ ਸੱਜਣ ਕੁਮਾਰ ਦੀ ਅਸਲ ਤਾਕਤ ਇੱਕ "ਜਾਟ ਨੇਤਾ" ਵਜੋਂ ਉਸਦੀ ਛਵੀ ਵਿੱਚ ਸੀ, ਜਿਸਨੇ ਉਸਨੂੰ ਦਹਾਕਿਆਂ ਤੱਕ ਕਾਂਗਰਸ ਪਾਰਟੀ ਤੋਂ ਰਾਜਨੀਤਿਕ ਸਰਪ੍ਰਸਤੀ ਪ੍ਰਾਪਤ ਕੀਤੀ। ਉਸਨੂੰ 2009 ਵਿੱਚ ਲੋਕ ਸਭਾ ਦੀ ਟਿਕਟ ਵੀ ਦਿੱਤੀ ਗਈ ਸੀ, ਪਰ ਸਿੱਖ ਭਾਈਚਾਰੇ ਦੇ ਭਾਰੀ ਵਿਰੋਧ ਪ੍ਰਦਰਸ਼ਨ ਅਤੇ ਗ੍ਰਹਿ ਮੰਤਰੀ 'ਤੇ ਜੁੱਤੀ ਸੁੱਟਣ ਦੀ ਘਟਨਾ ਤੋਂ ਬਾਅਦ, ਕਾਂਗਰਸ ਪਾਰਟੀ ਨੂੰ ਉਸਦੀ ਟਿਕਟ ਰੱਦ ਕਰਨੀ ਪਈ। ਭਾਵੇਂ ਉਹ ਇੱਕ ਮਾਮਲੇ ਵਿੱਚ ਬਰੀ ਹੋ ਗਿਆ ਹੋਵੇ, ਪਰ 1984 ਦੇ ਸਿੱਖ ਕਤਲੇਆਮ ਦਾ ਪਰਛਾਵਾਂ ਉਨ੍ਹਾਂ ਦੇ ਰਾਜਨੀਤਿਕ ਅਤੇ ਸਮਾਜਿਕ ਜੀਵਨ 'ਤੇ ਇੱਕ ਅਮਿੱਟ ਧੱਬਾ ਬਣਿਆ ਹੋਇਆ ਹੈ। ਪੀੜਤਾਂ ਦੇ ਪਰਿਵਾਰਾਂ ਨੇ ਫੈਸਲੇ ਵਿਰੁੱਧ ਹਾਈ ਕੋਰਟ ਵਿੱਚ ਅਪੀਲ ਕਰਨ ਦਾ ਫੈਸਲਾ ਕੀਤਾ ਹੈ।



## ਸਿੱਖ ਕਤਲੇਆਮ ਦੇ ਦੋਸ਼ੀ ਸੱਜਣ ਕੁਮਾਰ ਦਾ ਬਰੀ ਹੋਣਾ ਪੀੜਤਾਂ ਨਾਲ ਬੇਇਨਸਾਫ਼ੀ : ਐਡਵੋਕੇਟ ਹਰਜਿੰਦਰ ਸਿੰਘ ਧਾਮੀ

**ਨਵੀਂ ਦਿੱਲੀ, 22 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਦਿੱਲੀ ਵਿਖੇ 1984 'ਚ ਹੋਏ ਸਿੱਖ ਕਤਲੇਆਮ ਦੇ ਦੋਸ਼ੀ ਕਾਂਗਰਸੀ ਆਗੂ ਸੱਜਣ ਕੁਮਾਰ ਨੂੰ ਜਨਕਪੁਰੀ ਅਤੇ ਵਿਕਾਸਪੁਰੀ ਨਾਲ ਸਬੰਧਤ ਕਤਲੇਆਮ ਦੇ ਮਾਮਲਿਆਂ ਵਿਚ ਅਦਾਲਤ ਵੱਲੋਂ ਬਰੀ ਕੀਤੇ ਜਾਣਾ ਕਰੀਬ 41 ਸਾਲਾਂ ਤੋਂ ਇਨਸਾਫ਼ ਦੀ ਆਸ ਲਗਾਈ ਬੈਠੇ ਪੀੜਤ ਪਰਿਵਾਰਾਂ ਨਾਲ ਘੋਰ ਬੇਇਨਸਾਫ਼ੀ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਫ਼ਤਰ ਤੋਂ ਜਾਰੀ ਬਿਆਨ ਵਿਚ ਕੀਤਾ।



ਐਡਵੋਕੇਟ ਧਾਮੀ ਨੇ ਕਿਹਾ ਕਿ ਅਦਾਲਤ ਦੇ ਇਸ ਫੈਸਲੇ ਨੇ ਉਨ੍ਹਾਂ ਪੀੜਤ ਪਰਿਵਾਰਾਂ ਨੂੰ ਮਾਨਸਿਕ ਤੌਰ 'ਤੇ ਗਹਿਰੀ ਸੱਟ ਮਾਰੀ ਹੈ, ਜੋ ਲੰਮੇ ਸਮੇਂ ਤੋਂ ਇਨਸਾਫ਼ ਦੀ ਲੜਾਈ ਲੜ ਰਹੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਨਵੰਬਰ 1984 ਦਾ ਸਿੱਖ ਕਲਤੇਆਮ ਇਤਿਹਾਸ ਅੰਦਰ ਕਰੂਰਕਾਰੇ ਵਜੋਂ ਦਰਜ ਹੈ, ਜਦੋਂ ਸਰਕਾਰੀ ਸ਼ਹਿ 'ਤੇ ਸਿੱਖਾਂ ਨੂੰ ਵਹਿਸ਼ੀਆਨਾ ਢੰਗ ਨਾਲ ਨਿਸ਼ਾਨਾ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾਵਾਂ ਅਤੇ ਪੀੜਤ ਪਰਿਵਾਰ ਕਰੀਬ 41 ਸਾਲਾਂ ਤੋਂ ਇਨਸਾਫ਼ ਦੀ ਲੜਾਈ ਲੜ੍ਹ ਰਹੇ ਹਨ। ਏਨੀ ਲੰਬੀ ਲੜਾਈ ਲੜਨ ਤੋਂ ਬਾਅਦ ਅਦਾਲਤ ਦਾ ਇਹ ਫੈਸਲਾ ਪੀੜਤਾਂ ਦੇ ਨਾਲ-ਨਾਲ ਸਮੁੱਚੀ ਕੌਮ ਨੂੰ ਵੱਡੀ ਪੀੜਾ ਦੇਣ ਵਾਲਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸੀ ਆਗੂ ਸੱਜਣ ਕੁਮਾਰ ਸਾਫ਼ ਤੌਰ 'ਤੇ ਦਿੱਲੀ ਸਿੱਖ ਕਤਲੇਆਮ ਦਾ ਦੋਸ਼ੀ ਹੈ ਅਤੇ ਉਹ ਪਹਿਲਾਂ ਵੀ ਇਕ ਕੇਸ ਵਿਚ ਸਜ਼ਾ ਭੁਗਤ ਰਿਹਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਕਤਲੇਆਮ ਦੇ ਦੋਸ਼ੀ ਸੱਜਣ ਕੁਮਾਰ ਦਾ ਇਨ੍ਹਾਂ ਮਾਮਲਿਆਂ ਵਿਚ ਸਜ਼ਾ ਤੋਂ ਬਚ ਜਾਣਾ ਦੁਖਦਾਈ ਤੇ ਨਿਰਾਸ਼ਾਜਨਕ ਹੈ।

## 200 ਫੁੱਟ ਡੂੰਘੀ ਖੱਡ 'ਚ ਡਿੱਗੀ ਫੌਜ ਦੀ ਗੱਡੀ, ਹਾਦਸੇ 'ਚ 10 ਜਵਾਨਾਂ ਦੀ ਹੋਈ ਮੌਤ; 3 ਦੀ ਹਾਲਤ ਗੰਭੀਰ

**ਨਵੀਂ ਦਿੱਲੀ, 22 ਜਨਵਰੀ (ਆਵਾਜ਼ਿ ਕੌਮ ਬਿਊਰੋ)-** 22 ਜਨਵਰੀ, 2026 ਨੂੰ ਜੰਮੂ-ਕਸ਼ਮੀਰ ਦੇ ਡੋਡਾ ਦੇ ਖੰਨੀਟੋਪ ਇਲਾਕੇ ਵਿੱਚ ਫੌਜੀਆਂ ਨੂੰ ਲੈ ਕੇ ਜਾ ਰਹੀ ਇੱਕ ਗੱਡੀ ਖੱਡ ਵਿੱਚ ਡਿੱਗ ਗਈ। ਇਸ ਹਾਦਸੇ ਵਿੱਚ ਚਾਰ ਫੌਜੀ ਮਾਰੇ ਗਏ। ਗੱਡੀ ਵਿੱਚ ਕੁੱਲ 17 ਫੌਜੀ ਸਵਾਰ ਸਨ। ਫੌਜ ਅਤੇ ਪੁਲਿਸ ਨੇ ਇੱਕ ਸਾਂਝਾ ਆਪਰੇਸ਼ਨ ਕਾਰਜ ਸ਼ੁਰੂ ਕੀਤਾ। ਆਰਮੀ ਕੈਸਪਰ ਡੋਡਾ ਵਿੱਚ ਭਦਰਵਾਹ-ਚੰਬਾ ਸੜਕ 'ਤੇ ਯਾਤਰਾ ਜਾ ਰਿਹਾ ਸੀ ਅਤੇ ਪਹਿਲਾਂ ਹੀ ਗੰਭੀਰ ਹਾਲਤ ਵਿੱਚ ਸੀ। ਕੈਸਪਰ ਲਗਭਗ 200 ਫੁੱਟ ਡੂੰਘੀ ਖੱਡ ਵਿੱਚ ਡਿੱਗ ਗਿਆ। ਸੈਨਿਕਾਂ ਨੂੰ ਕੱਢਣ ਲਈ ਬਚਾਅ ਕਾਰਜ ਜਾਰੀ ਹਨ, ਅਤੇ ਬਚਾਅ ਟੀਮਾਂ ਤੇਜ਼ੀ ਨਾਲ ਕੰਮ ਕਰ ਰਹੀਆਂ ਹਨ। ਜ਼ਖਮੀਆਂ ਨੂੰ ਹਾਦਸੇ ਵਾਲੀ ਥਾਂ ਤੋਂ ਬਾਹਰ ਕੱਢ ਕੇ ਨੇੜਲੇ ਮੈਡੀਕਲ ਕੈਂਪ ਵਿੱਚ ਲਿਜਾਇਆ ਗਿਆ। ਤਿੰਨ ਸੈਨਿਕਾਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ ਅਤੇ ਉਨ੍ਹਾਂ ਨੂੰ ਊਧਮਪੁਰ ਦੇ ਆਰਮੀ ਹਸਪਤਾਲ ਵਿੱਚ ਰੈਫਰ ਕਰ ਦਿੱਤਾ ਗਿਆ ਹੈ।

ਇਸ ਤੋਂ ਪਹਿਲਾਂ, 4 ਮਈ, 2025 ਨੂੰ, ਜੰਮੂ-ਕਸ਼ਮੀਰ ਦੇ ਰਾਮਬਨ ਜ਼ਿਲ੍ਹੇ ਦੇ ਬੈਟਰੀ ਚਸ਼ਮਾ ਖੇਤਰ ਵਿੱਚ ਇੱਕ ਫੌਜ ਦਾ ਵਾਹਨ 600 ਮੀਟਰ ਡੂੰਘੀ ਖੱਡ ਵਿੱਚ ਡਿੱਗ ਗਿਆ ਸੀ। ਇਸ ਹਾਦਸੇ ਵਿੱਚ ਤਿੰਨ ਜਵਾਨਾਂ ਦੀ ਮੌਤ ਹੋ ਗਈ ਸੀ। ਮ੍ਰਿਤਕ ਜਵਾਨਾਂ ਦੀ ਪਛਾਣ ਅਮਿਤ ਕੁਮਾਰ, ਸੁਜੀਤ ਕੁਮਾਰ ਅਤੇ ਮਾਨ ਬਹਾਦਰ ਵਜੋਂ ਹੋਈ ਹੈ। ਫੌਜ ਦਾ ਵਾਹਨ ਜੰਮੂ ਤੋਂ ਸ਼੍ਰੀਨਗਰ ਜਾ ਰਹੇ ਕਾਫਲੇ ਦਾ ਹਿੱਸਾ ਸੀ। ਸਵੇਰੇ ਲਗਭਗ 11:30 ਵਜੇ, ਜੰਮੂ-ਸ਼੍ਰੀਨਗਰ ਰਾਸ਼ਟਰੀ ਰਾਜਮਾਰਗ 44 'ਤੇ ਡਰਾਈਵਰ ਨੇ ਆਪਣਾ ਕੰਟਰੋਲ ਗੁਆ ਦਿੱਤਾ, ਜਿਸ ਕਾਰਨ ਵਾਹਨ ਖੱਡ ਵਿੱਚ ਡਿੱਗ ਗਿਆ। ਫੌਜ, ਪੁਲਿਸ, ਐਸਡੀਆਰਐਫ ਅਤੇ ਸਥਾਨਕ ਪ੍ਰਸ਼ਾਸਨ ਨੇ ਬਚਾਅ ਕਾਰਜ ਸ਼ੁਰੂ ਕੀਤਾ।

## ਜਥੇਦਾਰ ਸ੍ਰੀ ਅਕਾਲ ਤਖਤ ਨੇ ਸੱਜਣ ਕੁਮਾਰ ਦੇ ਬਰੀ ਹੋਣ ਤੇ ਪੁੱਛਿਆ ਸਰਕਾਰ ਅਤੇ ਅਦਾਲਤਾਂ ਦੱਸਣ ਫਿਰ ਦਿੱਲੀ 84 ਸਿੱਖਾਂ ਦਾ ਕਤਲੇਆਮ ਕਿਸ ਨੇ ਕੀਤਾ

ਨਵੀਂ ਦਿੱਲੀ, 22 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦਿੱਲੀ ਦੀ ਰਾਊਜ਼ ਐਵਨਿਊ ਅਦਾਲਤ ਵੱਲੋਂ ਨਵੰਬਰ 1984 ਸਿੱਖ ਕਤਲੇਆਮ ਦੇ ਜਨਕਪੁਰੀ ਨਾਲ ਸਬੰਧਤ ਇੱਕ ਮਾਮਲੇ ਵਿੱਚ ਕਾਂਗਰਸੀ ਆਗੂ ਸੱਜਣ ਕੁਮਾਰ ਨੂੰ ਬਰੀ ਕਰਨ ਦੇ ਫ਼ੈਸਲੇ ਉੱਤੇ ਸਵਾਲ ਕੀਤਾ ਕਿ ਸਰਕਾਰ ਅਤੇ ਅਦਾਲਤਾਂ ਇਹ ਦੱਸਣ ਕਿ ਫਿਰ ਦਿੱਲੀ ਵਿੱਚ ਸਿੱਖਾਂ ਦਾ ਕਤਲੇਆਮ ਕਿਸ ਨੇ ਕੀਤਾ ਹੈ। ਉਨ੍ਹਾਂ ਕਿਹਾ ਕਿ ਭਾਵੇਂ ਕਿ ਸਿੱਖ ਕਤਲੇਆਮ ਦੇ ਦੋ ਕੇਸਾਂ ਵਿੱਚ ਸੱਜਣ ਕੁਮਾਰ ਅਜੇ ਵੀ ਜੇਲ੍ਹ ਅੰਦਰ ਸਜ਼ਾ ਭੁਗਤ ਰਿਹਾ ਹੈ ਅਤੇ ਉਹ ਜੇਲ੍ਹ ਵਿੱਚ ਹੀ ਰਹੇਗਾ, ਪਰੰਤੂ ਇੱਕ ਕੇਸ ਵਿੱਚ ਉਸ ਦਾ ਬਰੀ ਹੋਣਾ ਸਰਕਾਰ ਦੀਆਂ ਜਾਂਚ ਏਜੰਸੀਆਂ ਦੀ ਸੁਹਿਰਦਤਾ ਅਤੇ ਗੰਭੀਰਤਾ ਉੱਤੇ ਵੱਡਾ ਸਵਾਲੀਆ ਚਿੰਨ੍ਹ ਹੈ ਅਤੇ ਇਹ ਸਿੱਖਾਂ ਦੇ ਜ਼ਖ਼ਮਾਂ ਉੱਤੇ ਲੂਣ ਛਿੜਕਣ ਦੇ ਤੁੱਲ ਹੈ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਿਸ ਸਿੱਖ ਕਤਲੇਆਮ ਮਾਮਲੇ ਵਿੱਚ ਸੱਜਣ ਕੁਮਾਰ ਨੂੰ ਬਰੀ ਕੀਤਾ ਗਿਆ ਹੈ ਉਸ ਵਿੱਚ 17 ਸਾਲ ਦੇ ਨਾਬਾਲਗ ਬੱਚੇ ਕਾਕਾ ਗੁਰਚਰਨ ਸਿੰਘ ਨੂੰ ਕਤਲ ਕਰਨ ਲਈ ਉਸ ਨੂੰ ਜਿਉਂਦਾ ਉਸ ਦੇ ਪਿਤਾ ਸ. ਨਾਥ ਸਿੰਘ ਦੇ ਜਲਦੇ ਟਰੱਕ ਵਿੱਚ ਸੁੱਟਿਆ ਗਿਆ ਸੀ। ਕਾਕਾ ਗੁਰਚਰਨ ਸਿੰਘ ਸਾਲ 1984 ਤੋਂ 2008 ਤੱਕ 24 ਸਾਲ ਅੱਧਾ ਜਲਿਆ ਹੋਇਆ ਹਾਲਤ ਵਿੱਚ ਇਹ ਕਹਿੰਦਿਆਂ ਇਨਸਾਫ਼ ਦੀ ਗੁਹਾਰ ਲਗਾਉਂਦਾ ਰਿਹਾ ਕਿ ਉਸ ਦਿਨ ਭੀੜ ਦੀ ਅਗਵਾਈ ਸੱਜਣ ਕੁਮਾਰ ਕਰ ਰਿਹਾ ਸੀ, ਪਰੰਤੂ ਉਸ ਦੀ ਗੱਲ ਜਾਂਚ ਏਜੰਸੀਆਂ ਨੇ ਨਹੀਂ ਸੁਣੀ, ਨਾ ਹੀ ਉਸ ਦੀ ਗਵਾਹੀ ਦਰਜ ਕੀਤੀ ਗਈ ਅਤੇ ਉਹ ਚਲਾਣਾ ਕਰ ਗਿਆ। ਉਨ੍ਹਾਂ ਕਿਹਾ ਕਿ ਭਾਵੇਂ ਕਿ 2008 ਵਿੱਚ ਸੀਬੀਆਈ ਨੇ ਕਾਕਾ ਗੁਰਚਰਨ ਸਿੰਘ ਦੀ ਗਵਾਹੀ ਰਿਕਾਰਡ ਕੀਤੀ ਪਰੰਤੂ ਉਸ ਨੂੰ ਦਰਜ ਕਰਕੇ ਕੇਸ ਵਿੱਚ ਸ਼ਾਮਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਕਾਕਾ ਗੁਰਚਰਨ ਸਿੰਘ ਦੀ ਗਵਾਹੀ ਦਰਜ ਕੀਤੇ ਜਾਣ ਦੇ ਬਾਵਜੂਦ ਵੀ ਉਸ ਨੂੰ ਉਸ ਦੇ ਵਿਰੁੱਧ ਕੇਸ ਦਾ ਹਿੱਸਾ ਕਿਉਂ ਨਹੀਂ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਸੱਜਣ ਕੁਮਾਰ ਵਿਰੁੱਧ ਜਨਕਪੁਰੀ ਵਾਲੇ ਕੇਸ ਦੀ ਜਾਂਚ ਦਿੱਲੀ ਪੁਲਿਸ ਵੱਲੋਂ ਕੀਤੀ ਜਾ ਰਹੀ ਸੀ ਪਰੰਤੂ ਦਿੱਲੀ ਪੁਲਿਸ ਨੇ ਕਾਕਾ ਗੁਰਚਰਨ ਸਿੰਘ ਦੇ ਬਿਆਨ ਦਰਜ ਕਰੇ ਬਿਨਾਂ ਹੀ ਕੇਸ ਬੰਦ ਕਰ ਦਿੱਤਾ ਸੀ, ਜੋ ਕਿ ਮੰਦਭਾਗਾ ਹੈ ਅਤੇ ਸਰਕਾਰ ਤੇ ਪੁਲਿਸ ਦੀ ਕਾਰਵਾਈ ਉੱਤੇ ਵੱਡਾ ਸਵਾਲ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਦੂਜਾ ਗਵਾਹ ਸ. ਹਰਵਿੰਦਰ ਸਿੰਘ ਕੋਹਲੀ ਵੀ ਇਹ ਕਹਿੰਦਾ ਰਿਹਾ ਕਿ ਸੱਜਣ ਕੁਮਾਰ ਭੀੜ ਦੀ ਅਗਵਾਈ ਕਰ ਰਿਹਾ ਸੀ, ਪਰੰਤੂ ਉਸ ਦਾ ਮਾਮਲਾ ਵੀ ਬਿਨਾਂ ਜਾਂਚ ਦੇ ਬੰਦ ਕਰ ਦਿੱਤਾ ਗਿਆ। ਬਾਅਦ ਵਿੱਚ ਸਾਲ 2015 ਵਿੱਚ ਜਦੋਂ ਨਵੀਂ ਜਾਂਚ ਟੀਮ ਬਣੀ ਤਾਂ ਸ. ਹਰਵਿੰਦਰ ਸਿੰਘ ਕੋਹਲੀ ਦੇ ਬਿਆਨ ਦਰਜ ਹੋਏ ਪਰੰਤੂ ਉਦੋਂ ਉਹ ਵੀ ਚਲਾਣਾ ਕਰ ਗਿਆ। ਉਨ੍ਹਾਂ ਕਿਹਾ ਕਿ ਦੋਵੇਂ ਮੁੱਖ ਗਵਾਹਾਂ ਦੇ ਪਰਿਵਾਰਕ ਮੈਂਬਰਾਂ ਨੇ ਵੀ ਸੱਜਣ ਕੁਮਾਰ ਨੂੰ ਪਛਾਣ ਕੇ ਉਸ ਵਿਰੁੱਧ ਗਵਾਹੀਆਂ ਦਰਜ ਕਰਵਾਈਆਂ ਪਰ ਇਸ ਦੇ ਬਾਵਜੂਦ ਵੀ ਉਸ ਨੂੰ ਬਰੀ ਕਰ ਦਿੱਤਾ ਗਿਆ, ਜੋ ਕਿ ਮੰਦਭਾਗਾ ਹੈ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਰਕਾਰ ਨੂੰ ਇਹ ਸਵਾਲ ਕੀਤਾ ਕਿ ਨਵੰਬਰ 1984 ਸਿੱਖ ਕਤਲੇਆਮ ਮਾਮਲਿਆਂ ਵਿੱਚ ਸਰਕਾਰੀ ਅੰਕੜਿਆਂ ਅਨੁਸਾਰ 2733 ਕਤਲ ਹੋਏ ਹਨ ਜਦਕਿ ਅਸਲ ਵਿੱਚ ਕਤਲ ਕਿਤੇ ਵੱਧ ਹੋਏ ਹਨ। ਉਨ੍ਹਾਂ ਕਿਹਾ ਕਿ ਸਿੱਖ ਭਾਵਨਾਵਾਂ ਸ਼ਾਂਤ ਕਰਨ ਲਈ ਸਰਕਾਰ ਦਿੱਲੀ ਅਤੇ ਦੇਸ਼ ਦੇ ਹੋਰ ਸੂਬਿਆਂ ਵਿੱਚ ਹੋਏ ਸਿੱਖ ਕਤਲੇਆਮ ਦੇ ਹਰ ਇੱਕ ਕਤਲ ਮਾਮਲੇ ਵਿੱਚ ਇਹ ਜ਼ਿੰਮੇਵਾਰੀ ਤੈਅ ਕਰੇ ਕਿ ਇਹ ਕਤਲ ਕਿਸ ਨੇ ਕੀਤੇ ਹਨ ਅਤੇ ਇਨ੍ਹਾਂ ਦਾ ਇਨਸਾਫ਼ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਇਨਸਾਫ਼ ਵਿੱਚ ਜਾਣਬੁੱਝ ਕੇ ਸਾਜ਼ਸ਼ ਤਹਿਤ ਕੀਤੀ ਗਈ ਦੇਰੀ ਲਈ ਕਿਸ ਦੀ ਜ਼ਿੰਮੇਵਾਰੀ ਤੈਅ ਕੀਤੀ ਜਾਵੇ, ਸਰਕਾਰ ਇਹ ਵੀ ਸਪੱਸ਼ਟ ਕਰੇ। ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਇਨਸਾਫ਼ ਦੇਣਾ ਸਰਕਾਰਾਂ ਦੀ ਜ਼ਿੰਮੇਵਾਰੀ ਸੀ ਪਰੰਤੂ ਇਹ ਕੰਮ ਸੰਜੀਦਗੀ ਤੇ ਗੰਭੀਰਤਾ ਨਾਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਿੱਖ ਕਾਕਾ ਗੁਰਚਰਨ ਸਿੰਘ ਦੇ ਜਨਕਪੁਰੀ ਇਰਾਦਾ ਕਤਲ ਮਾਮਲੇ ਵਿੱਚ ਵੀ ਇਨਸਾਫ਼ ਲਈ ਸੰਘਰਸ਼ ਜਾਰੀ ਰੱਖਣ ਅਤੇ ਅਦਾਲਤ ਵੱਲੋਂ ਕੀਤੇ ਗਏ ਤਾਜ਼ਾ ਆਦੇਸ਼ ਨੂੰ ਉੱਚ ਅਦਾਲਤ ਵਿੱਚ ਚੁਣੌਤੀ ਦਿੱਤੀ ਜਾਵੇ।



## ਸਕੂਲ ਦੇ ਬੱਚਿਆਂ ਨੂੰ ਗਣਤੰਤਰ ਦਿਵਸ ਮੌਕੇ ਹੋਣ ਵਾਲੇ ਮੁੱਖ ਮੰਤਰੀ ਦੇ ਪ੍ਰੋਗਰਾਮ 'ਚ ਨਾ ਭੇਜਣ ਦੀ ਧਮਕੀ




**ਹੁਸ਼ਿਆਰਪੁਰ, 22 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਸਮੇਤ ਦੇਸ਼ ਭਰ 'ਚ ਲਗਾਤਾਰ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲ ਰਹੀਆਂ ਹਨ। ਹੁਣ ਹੁਸ਼ਿਆਰਪੁਰ ਦੇ ਟਾਂਡਾ ਦੇ ਡਿਪਸ ਸਕੂਲ ਨੂੰ ਇੱਕ ਧਮਕੀ ਭਰੀ ਈਮੇਲ ਆਈ ਹੈ। ਇਸ ਈਮੇਲ 'ਚ ਲਿਖਿਆ ਹੈ ਕਿ ਜੇਕਰ 26 ਜਨਵਰੀ ਨੂੰ ਹੁਸ਼ਿਆਰਪੁਰ 'ਚ ਗਣਤੰਤਰ ਦਿਵਸ ਮੌਕੇ ਹੋਣ ਵਾਲੇ ਮੁੱਖ ਮੰਤਰੀ ਭਗਵੰਤ ਮਾਨ ਦੇ ਪ੍ਰੋਗਰਾਮ 'ਚ ਸਕੂਲ ਦੇ ਬੱਚੇ ਭੇਜੇ ਤਾਂ ਉੱਥੇ ਬਹੁਤ ਵੱਡਾ ਬਲਾਸਟ ਹੋਵੇਗਾ। ਈਮੇਲ 'ਚ ਲਿਖਿਆ ਗਿਆ ਕਿ ਤੁਸੀਂ ਆਪਣੇ ਬੱਚੇ ਆਪਣੇ ਸਕੂਲ ਹੀ ਵਿੱਚ ਹੀ ਰੱਖਣੇ ਹਨ। ਇਸ ਦੀ ਜਾਣਕਾਰੀ ਡੀਐਸਪੀ ਸਿਟੀ ਦਵਿੰਦਰ ਸਿੰਘ ਬਾਜਵਾ ਨੇ ਦਿੱਤੀ ਹੈ। ਉਹਨਾਂ ਨੇ ਕਿਹਾ ਕਿ ਸਕੂਲ ਪ੍ਰਸ਼ਾਸਨ ਵੱਲੋਂ ਸਾਡੇ ਕੋਲ ਇੱਕ ਐਫਆਈਆਰ ਆਈ ਹੈ ,ਜਿੱਥੇ ਲਿਖਿਆ ਹੈ ਕਿ ਇੱਕ ਸਾਨੂੰ ਈਮੇਲ ਆਈ ਹੈ ,ਜਿਸ ਵਿੱਚ ਬੱਚਿਆਂ ਨੂੰ ਉਸ ਪ੍ਰੋਗਰਾਮ 'ਚ ਨਾ ਭੇਜਣ ਦੀ ਧਮਕੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਫਿਲਹਾਲ ਤਫਤੀਸ਼ ਕੀਤੀ ਜਾ ਰਹੀ ਹੈ। ਬੁੱਧਵਾਰ ਨੂੰ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੂੰ ਗਣਤੰਤਰ ਦਿਵਸ 'ਤੇ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਸੀ। ਇਹ ਧਮਕੀ ਸ਼ਿਮਲਾ ਦੇ ਡੀਸੀ ਦਫ਼ਤਰ ਨੂੰ ਈਮੇਲ ਰਾਹੀਂ ਭੇਜੀ ਗਈ ਸੀ। ਪੁਲਿਸ ਦੇ ਅਨੁਸਾਰ ਧਮਕੀ ਭਰੇ ਈਮੇਲ ਵਿੱਚ ਕਿਹਾ ਗਿਆ ਕਿ ਜੇਕਰ ਮੁੱਖ ਮੰਤਰੀ ਗਣਤੰਤਰ ਦਿਵਸ 'ਤੇ ਰਾਸ਼ਟਰੀ ਝੰਡਾ ਲਹਿਰਾਉਣ ਲਈ ਪਹੁੰਚਦੇ ਹਨ ਤਾਂ ਉਨ੍ਹਾਂ 'ਤੇ ਆਤਮਘਾਤੀ ਬੰਬ ਨਾਲ ਹਮਲਾ ਕੀਤਾ ਜਾਵੇਗਾ।



ਘੜੀਐ ਸਬਦੁ ਸਚੀ ਟਕਸਾਲ ॥
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਵਰੋਸਾਈ ਹੋਈ ਦਮਦਮੀ ਟਕਸਾਲ ਦੇ
ਪਹਿਲੇ ਮੁਖੀ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ
ਜਨਮ ਦਿਹਾੜੇ ਨੂੰ ਸਮਰਪਿਤ 3 ਰੋਜ਼ਾ ਗੁਰਮਤਿ ਸਮਾਗਮ
22-23-24 ਜਨਵਰੀ 2026 ਨੂੰ ਸਮੂਹ ਨੌਜਵਾਨ ਸੇਵਾਦਾਰਾਂ ਵੱਲੋਂ
ਗੁਰੂ ਨਾਨਕ ਰੋਡ, ਗੁਰਦੁਆਰਾ ਸਿੰਘ ਸਭਾ ਸਾਊਥਹਾਲ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ 020 8574 4311
Guru Nanak Road, Southall UB2 4NP
ਵਿਸ਼ੇਸ਼ ਨੋਟ
ਸ੍ਰੀ ਅਖੰਡ ਪਾਠ ਸਾਹਿਬ
ਆਰੰਭ
ਭੋਗ




!! ਪੂਜਾ ਅਕਾਲ ਕੀ !!
!! ਪਰਚਾ ਸ਼ਬਦ ਕਾ !!
!! ਦੀਦਾਰ ਖਾਲਸੇ ਕਾ !!
ਸਮੂੰਹ ਇਲਾਕਾ ਨਿਵਾਸੀਆਂ ਨੂੰ ਇਹ ਜਾਣ ਕੇ ਬੜੀ ਖੁਸ਼ੀ ਹੋਵੇਗੀ ਕਿ ਹਰ ਸਾਲ ਦੀ ਤਰ੍ਹਾਂ
ਸੱਤਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਅਤੇ
ਸੱਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਜੀ ਅਤੇ ਸੰਤ ਬਾਬਾ ਹਰੀ ਸਿੰਘ ਜੀ
ਦੇਸੂਯੋਧਾ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ
20ਵਾਂ ਸਾਲਾਨਾ ਧਾਰਮਿਕ ਸਮਾਗਮ
ਮਿਤੀ 29-30-31 ਜਨਵਰੀ 2026
ਦਿਨ ਵੀਰਵਾਰ, ਸ਼ੁੱਕਰਵਾਰ ਅਤੇ ਸ਼ਨੀਵਾਰ
ਸਮਾਂ : ਸਵੇਰੇ 11 ਵਜੇ ਤੋਂ 2 ਵਜੇ ਤੱਕ
ਸਥਾਨ : ਪਿੰਡ ਜੋਗੇਵਾਲਾ
ਕੋਠੇ ਹਰਿ ਰਾਏ ਸਾਹਿਬ ਜੀ
ਨੇੜੇ ਡੱਬਵਾਲੀ ਮੰਡੀ ਸਿਰਸਾ ਵਿਖੇ
ਮਿਤੀ 31 ਜਨਵਰੀ, 3 ਵਜੇ
ਅੰਮ੍ਰਿਤ ਸੰਚਾਰ ਵੀ ਹੋਵੇਗਾ
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਸੰਤ ਬਾਬਾ ਬੂਟਾ ਸਿੰਘ ਗੁਰਥੜੀ ਵਾਲੇ,
ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਜੱਥਾ ਗੁਰਦੁਆਰਾ ਦਾਦੂ ਸਾਹਿਬ, ਬਾਬਾ ਜਸਵਿੰਦਰ ਸਿੰਘ ਤਿਉਣਾ ਵਾਲੇ
ਗੁਰਬਾਣੀ ਕਥਾ ਕੀਰਤਨ ਦੁਆਰਾ ਸਿੱਖ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।
ਸਰਬੱਤ ਸੰਗਤਾਂ ਸਮੇਂ ਸਿਰ ਹਾਜ਼ਰੀ ਭਰ ਕੇ ਗੁਰਬਾਣੀ ਕਥਾ ਕੀਰਤਨ ਦਾ ਲਾਹਾ ਪ੍ਰਾਪਤ ਕਰੋ ਜੀ।
ਬੇਨਤੀ ਕਰਤਾ -
ਸਮੂੰਹ ਸਾਧ ਸੰਗਤ, ਪਿੰਡ ਜੋਗੇਵਾਲਾ, ਨੇੜੇ ਡੱਬਵਾਲੀ, ਸਿਰਸਾ
86840-10671, 94167-69745, 95887-20116
94679-08015, 87088-48139

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਦਮਦਮੀ ਟਕਸਾਲ

ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


# ਸੰਤ ਗਿਆਨੀ ਗੁਰਬਚਨ ਸਿੰਘ ਜੀ

# ਖ਼ਾਲਸਾ ਮੈਮੋਰੀਅਲ ਹਸਪਤਾਲ

## ਇਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



+91 98767-50784 +91 98767-50784

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

ਮਹਿਤਾ ਚੌਂਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

0784 102 9416

## SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway Crossing, Maqsudan
Jalandhar-144 008

Contact :
98150-83338
70879-59639



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'


350 ਸਾਲਾ ਸ਼ਹੀਦੀ ਦਿਵਸ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ, ਭਾਈ ਮਤੀਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਨੂੰ ਸਮਰਪਿਤ
ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)
ਵੱਲੋਂ
21 ਸਭਾਗੇ ਜੋੜਿਆਂ ਦੇ ਅਨੰਦ ਕਾਰਜ
ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 22 ਫਰਵਰੀ 2026
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ
ਸਥਾਨ – ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜ਼ਿਲ੍ਹਾ ਸਿਰਸਾ (ਹਰਿਆਣਾ)
ਲੋੜਵੰਦ ਪ੍ਰੀਵਾਰ ਆਪਣੀਆਂ ਬੱਚੀਆਂ ਦੇ ਨਾਮ 15 ਜਨਵਰੀ ਤੋਂ ਪਹਿਲਾਂ ਪਹਿਲਾਂ ਦਰਜ ਕਰਵਾਉਣ ਦੀ ਕਿਰਪਾਲਤਾ ਕਰੋ ਜੀ
ਬੇਨਤੀ ਕਰਤਾ – ਸੁੱਖ ਸੇਵਾ ਸਿਮਰਨ ਟਰਸੱਟ (ਰਜ਼ਿ) ਜੱਥਾ ਦਾਦੂ ਸਾਹਿਬ
ਸਮੂੰਹ ਨਗਰ ਅਤੇ ਇਲਾਕਾ ਨਿਵਾਸੀ ਸਾਧ ਸੰਗਤ
ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ
LIVE ON
Akaal
CHARDIKLA TIME TV
ਆਵਾਜ਼ਿ ਕੌਮ AWAZE QAUM TV
YouTube
ਸੰਪਰਕ ਨੰ: 93560-60960, 97791-72813
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)


ਅਨੌਖੇ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
ਸਲਾਨਾ ਗੁਰਮਤਿ ਸਮਾਗਮ
ਪਿੰਡ ਅਤਲਾ ਖੁਰਦ ਵਿਖੇ ਮਿਤੀ 27 ਜਨਵਰੀ ਨੂੰ ਸਵੇਰੇ 8 ਤੋਂ 12 ਵਜੇ ਤੱਕ ਕਰਵਾਇਆ ਜਾ ਰਿਹਾ ਹੈ।
ਜਥੇਦਾਰ ਕੁਲਦੀਪ ਸਿੰਘ ਗੜਗੱਜ
ਜਥੇਦਾਰ ਬਾਬਾ ਬਲਵੀਰ ਸਿੰਘ ਜੀ
ਗਿਆਨੀ ਗੁਰਮੁਖ ਸਿੰਘ ਹੈੱਡ ਗ੍ਰੰਥੀ ਸ੍ਰੀ ਅਕਾਲ ਤਖਤ ਸਾਹਿਬ
ਜਸਕਰਨ ਸਿੰਘ ਕਾਹਨ ਸਿੰਘ ਵਾਲਾ
ਪ੍ਰੋ. ਗੁਰਤੇਜ ਸਿੰਘ ਤੇਜੀ
ਕਰਮ ਸਿੰਘ ਅਤਲਾ ਇੰਗਲੈਂਡ
ਭਾਈ ਅੰਮ੍ਰਿਤਪਾਲ ਸਿੰਘ ਭੀਖੀ ਵਾਲੇ
ਮਲਕੀਤ ਸਿੰਘ ਬੁਢਲਾਡਾ
ਜੈ ਸਿੰਘ ਭਾਦੜਾ
ਰਾਮ ਖਿਆਲਾ
ਰਮਨਦੀਪ ਸਿੰਘ ਤੂਰ
ਬੇਅੰਤ ਸਿੰਘ ਕੋਟੜਾ
ਸੁਖਰਾਜ ਸਿੰਘ ਅਤਲਾ
ਸੁਖਚੈਨ ਸਿੰਘ ਅਤਲਾ ਮੁੱਖ ਸੇਵਾਦਾਰ
ਗੁਰੂ ਕਾ ਲੰਗਰ ਅਤੁੱਟ ਵਰਤੇਗਾ।
ਭਾਈ ਅੰਮ੍ਰਿਤਪਾਲ ਸਿੰਘ ਭੀਖੀ ਵਾਲੇ ਸੰਗਤਾਂ ਨੂੰ ਗੁਰਬਾਣੀ ਸਰਵਣ ਕਰਵਾਉਣਗੇ।
ਬੀਬੀ ਸੁਖਜੀਤ ਕੌਰ ਅਤਲਾ
M. 89683-37778, 97811-73811
ਵੱਲੋਂ: ਮੁੱਖ ਸੇਵਾਦਾਰ ਸੁਖਚੈਨ ਸਿੰਘ ਅਤਲਾ, ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ (ਪੰਜਾਬ)

ੴ

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ਜੀ ॥



ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸੱਚੀ ਦਰਗਹ ਜਾਇ ਸਚਾ ਪਿੜ ਮਲਿਆ ॥

ਸਮੂਹ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸੱਚਖੰਡਵਾਸੀ ਸ਼੍ਰੀ ਮਾਨ ਸੰਤ ਬਾਬਾ ਜਸਵੰਤ ਸਿੰਘ ਸਾਹਿਬ ਜੀ ਦੇ ਛੋਟੇ ਭਰਾਤਾ ਅਤੇ ਬਾਬਾ ਅਨਹਦਰਾਜ ਸਿੰਘ ਜੀ ਦੇ ਸਤਿਕਾਰ ਯੋਗ ਪਿਤਾ ਜੀ

ਸਰਦਾਰ ਅਮਰਜੀਤ ਸਿੰਘ ਜੀ

ਮਿਤੀ 15/1/2026 ਨੂੰ ਅੰਮ੍ਰਿਤਵੇਲੇ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਸੱਚਖੰਡ ਜਾ ਬਿਰਾਜੇ ਹਨ।

ਅੰਤਿਮ ਅਰਦਾਸ ਦੁਸ਼ਹਿਰਾ ਸਮਾਗਮ

ਮਿਤੀ 24.01.2026 ਦਿਨ ਸ਼ਨੀਵਾਰ
ਦੁਪਹਿਰ 01:00 ਤੋਂ 02:00 ਵਜੇ ਤਕ
ਗੁਰਦੁਆਰਾ ਨਾਨਕਸਰ ਸਾਹਿਬ ਸਮਰਾਲਾ ਚੌਂਕ ਲੁਧਿਆਣਾ ਪੰਜਾਬ ਵਿਖੇ।

ਬੇਨਤੀ ਕਰਤਾ

ਡਾ. ਸ਼ਰਨਜੀਤ ਕੌਰ ਢਿੱਲੋਂ (ਪਤਨੀ) ਬਾਬਾ ਅਨਹਦ ਰਾਜ ਸਿੰਘ ਜੀ (ਸਪੁੱਤਰ)
+91 98140-23054

Sardar Amarjeet Singh Ji

(Younger brother of H.H Sant Baba Jaswant Singh Ji)

- FMR. Solicitor General Supreme Court of India
- Member Law Commission of India
- Vice Chairman BJS Dental College

Has completed his journey of life &
left for his heavenly abode on 15/01/2026

ANTIM ARDAS

24 January 2026, Saturday
01:00 PM to 02:00 PM
At Gurudwara Nanaksar Samrala Chowk
Ludhiana(Punjab)

Benti from

Wife : Dr. Sharanjeet Kaur Dhillon
Son : Dr. Baba Anhad Raj Singh Ji

Contact : +91 98140-23054


# ਪਿੰਡ ਬੁਰਜ ਕਲਾਰਾ ਵਿਖੇ ਤਿੰਨ ਸੰਤਾਂ ਮਹਾਂਪੁਰਸ਼ਾਂ ਦੀ ਯਾਦ ਵਿੱਚ ਬਰਸੀ ਸਮਾਗਮ 27 ਜਨਵਰੀ ਨੂੰ



ਜਗਰਾਉਂ -(ਵਰਿਆਮ ਹਠੂਰ) ਜ਼ਿਲ੍ਹਾ ਲੁਧਿਆਣਾ ਦੇ ਆਖਰੀ ਪਿੰਡ ਬੁਰਜ ਕਲਾਰਾ ਵਿਖੇ ਸ਼ਸ਼ੋਭਿਤ ਗੁਰਦੁਆਰਾ ਤਪ ਅਸਥਾਨ ਬਾਬਾ ਸਾਈਂ ਲੋਕ ਵਿਖੇ ਸੰਤ ਬਾਬਾ ਗੁਲਾਬ ਸਿੰਘ ਜੀ, ਸੰਤ ਬਾਬਾ ਵਿਸਾਵਾ ਸਿੰਘ ਜੀ ਅਤੇ ਸੰਤ ਬਾਬਾ ਭੋਲਾ ਸਿੰਘ ਜੀ ਦੀ ਨਿੱਘੀ ਪਿਆਰੀ ਯਾਦ ਵਿੱਚ ਸਲਾਨਾ ਬਰਸੀ ਸਮਾਗਮ ਮਿਤੀ 27 ਜਨਵਰੀ ਦਿਨ ਮੰਗਲਵਾਰ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਗਰ ਦੀਆਂ ਸਮੂਹ ਗੁਰਸੰਗਤਾਂ ਦੇ ਸਹਿਯੋਗ ਸਦਕਾ ਕਰਵਾਏ ਜਾ ਰਹੇ ਹਨ। ਜਾਣਕਾਰੀ ਦਿੰਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕਲਾਰਾ ਨੇ ਕਿਹਾ ਕਿ 25 ਜਨਵਰੀ ਦਿਨ ਐਤਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਤੇ 27 ਜਨਵਰੀ ਦਿਨ ਮੰਗਲਵਾਰ ਨੂੰ ਬੜੀ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਭੋਗ ਪਾਏ ਜਾਣਗੇ, ਉਪਰੰਤ ਕੀਰਤਨ ਦਰਬਾਰ ਸਜੇਗਾ ਤੇ ਤੇ ਕੀਰਤਨੀ ਜੱਥਾ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰੇਗਾ, ਉਨ੍ਹਾਂ ਅੱਗੇ ਕਿਹਾ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਗਰ ਪੰਚਾਇਤ ਵੱਲੋਂ ਬਰਸੀ ਸਮਾਗਮ ਵਿੱਚ ਪਹੁੰਚਣ ਲਈ ਜਿੱਥੇ ਪਿੰਡ ਬੁਰਜ ਕਲਾਰਾ ਦੀਆਂ ਨੇੜੇ ਅਤੇ ਦੂਰ ਦੁਰਾਡੇ ਵਿਆਹੀਆਂ ਹੋਈਆਂ ਧੀਆਂ ਨੂੰ ਖੁੱਲ੍ਹਾ ਸੱਦਾ ਪੱਤਰ ਹੈ। ਕਿ ਉਹ ਬਰਸੀ ਸਮਾਗਮ ਵਿੱਚ ਸ਼ਾਮਲ ਹੋਣ ਉੱਥੇ ਨਗਰ ਸਮੇਤ ਆਸ ਪਾਸ ਦੇ ਪਿੰਡਾਂ ਦੀਆਂ ਗੁਰਸੰਗਤਾਂ ਨੂੰ ਵੀ ਬਰਸੀ ਸਮਾਗਮ ਵਿੱਚ ਪਹੁੰਚਣ ਲਈ ਅਪੀਲ ਕੀਤੀ ਜਾਂਦੀ ਹੈ। ਅੰਤ ਵਿੱਚ ਉਨ੍ਹਾਂ ਕਿਹਾ ਕਿ ਨੌਜਵਾਨ ਸੇਵਾਦਾਰ ਅਤੇ ਗੁਰੂ ਘਰ ਸੇਵਾਵਾਂ ਨਿਭਾਉਣ ਵਾਲੀਆਂ ਬੀਬੀਆਂ ਭੈਣਾਂ ਸਮੇਂ ਸਿਰ ਹਾਜ਼ਰੀਆਂ ਭਰਨ ਦੀ ਕ੍ਰਿਪਾਲਤਾ ਕਰਨ ਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਦੇ ਵਿਦਿਆਰਥੀਆਂ ਵੱਲੋਂ ਚਾਈਨਾ ਡੋਰ ਬੰਦ ਕਰਨ ਲਈ ਕੱਢੀ ਜਾਗਰੂਕਤਾ ਰੈਲੀ




**ਤਲਵੰਡੀ ਸਾਬੋ, 22 ਜਨਵਰੀ (ਗੁਰਜੰਟ ਸਿੰਘ ਨਥੇਹਾ)**-ਭਾਗੀਵਾਂਦਰ ਸਥਿਤ ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਵੱਲੋਂ ਚਾਈਨਾ ਡੋਰ ਦੇ ਵੱਧ ਰਹੇ ਵਰਤੋਂ ਨੂੰ ਰੋਕਣ ਲਈ ਇੱਕ ਜਾਗਰੂਕਤਾ ਰੈਲੀ ਕੱਢੀ ਗਈ। ਇਸ ਰੈਲੀ ਦਾ ਮਕਸਦ ਲੋਕਾਂ ਨੂੰ ਇਹ ਸਮਝਾਉਣਾ ਸੀ ਕਿ ਚਾਈਨਾ ਡੋਰ ਅਤੇ ਤਿੱਖੀ ਡੋਰ ਸਿਰਫ਼ ਮਨੁੱਖਾਂ ਹੀ ਨਹੀਂ, ਸਗੋਂ ਪੰਛੀਆਂ, ਪਸ਼ੂਆਂ ਅਤੇ ਦੋ ਪਹੀਆ ਵਾਹਨ ਚਾਲਕਾਂ ਲਈ ਵੀ ਘਾਤਕ ਸਾਬਤ ਹੁੰਦੀ ਹੈ ਰੈਲੀ ਵਿੱਚ ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵੱਡੇ ਉਤਸ਼ਾਹ ਨਾਲ ਹਿੱਸਾ ਲਿਆ। ਵਿਦਿਆਰਥੀਆਂ ਦੇ ਹੱਥਾਂ ਵਿੱਚ ਬੈਨਰ ਅਤੇ ਨਾਅਰੇ ਲਿਖੇ ਹੋਏ ਸਨ ਜਿਨ੍ਹਾਂ ਰਾਹੀਂ ਲੋਕਾਂ ਨੂੰ ਚਾਈਨਾ ਡੋਰ ਦੇ ਨੁਕਸਾਨਾਂ ਬਾਰੇ ਜਾਣੂ ਕਰਵਾਇਆ ਗਿਆ। ਰੈਲੀ ਦੌਰਾਨ ਬੱਚਿਆਂ ਨੇ "ਚਾਈਨਾ ਡੋਰ ਬੰਦ ਕਰੋ", "ਪੰਛੀਆਂ ਦੀ ਰੱਖਿਆ ਕਰੋ" ਅਤੇ "ਸੁਰੱਖਿਆ ਨੂੰ ਪਹਿਲ ਦਿਓ" ਵਰਗੇ ਨਾਅਰੇ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ। ਇਹ ਰੈਲੀ ਸਕੂਲ ਤੋਂ ਸ਼ੁਰੂ ਹੋ ਕੇ ਭਾਗੀਵਾਂਦਰ ਪਿੰਡ ਦੀਆਂ ਗਲੀਆਂ ਅਤੇ ਵਾਰਡਾਂ ਦੇ ਵਿਚੋਂ ਲੰਘਦੀ ਹੋਈ ਸਾਰੇ ਪਿੰਡ ਵਿੱਚ ਕੱਢੀ ਗਈ। ਜਿਸ ਨਾਲ ਪਿੰਡ ਦੇ ਕਈ ਲੋਕਾਂ ਨੇ ਇਸ ਮੁਹਿੰਮ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਰੈਲੀ ਦੌਰਾਨ ਵਿਦਿਆਰਥੀਆਂ ਨੇ ਲੋਕਾਂ ਨੂੰ ਦੱਸਿਆ ਕਿ ਚਾਈਨਾ ਡੋਰ ਨਾਲ ਹੋਣ ਵਾਲੇ ਹਾਦਸਿਆਂ ਕਾਰਨ ਕਈ ਵਾਰ ਗੰਭੀਰ ਜ਼ਖ਼ਮ, ਗਲੇ ਕੱਟਣ ਵਰਗੀਆਂ ਘਟਨਾਵਾਂ ਅਤੇ ਪੰਛੀਆਂ ਦੀ ਮੌਤ ਤੱਕ ਹੋ ਜਾਂਦੀ ਹੈ। ਸਕੂਲ ਪ੍ਰਿੰਸੀਪਲ ਮੈਡਮ ਮੀਨੂੰ ਗਰਗ ਅਤੇ ਸਕੂਲ ਚੇਅਰਮੈਨ ਵਿਨੋਦ ਖੁਰਾਣਾ ਜੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਚਾਈਨਾ ਡੋਰ ਦੀ ਖਰੀਦ ਅਤੇ ਵਰਤੋਂ ਨੂੰ ਪੂਰੀ ਤਰ੍ਹਾਂ ਰੋਕਿਆ ਜਾਵੇ ਅਤੇ ਵਿਦਿਆਰਥੀਆਂ ਨੂੰ ਵੀ ਇਹ ਦੱਸਿਆ ਗਿਆ ਕਿ ਮਨੋਰੰਜਨ ਦੇ ਨਾਮ 'ਤੇ ਕਿਸੇ ਦੀ ਜ਼ਿੰਦਗੀ ਨੂੰ ਖਤਰੇ ਵਿੱਚ ਨਾ ਪਾਇਆ ਜਾਵੇ। ਉਨ੍ਹਾਂ ਕਿਹਾ ਕਿ ਸਮਾਜ ਦੀ ਜ਼ਿੰਮੇਵਾਰੀ ਹੈ ਕਿ ਅਸੀਂ ਸੁਰੱਖਿਅਤ ਵਿਕਲਪਾਂ ਨੂੰ ਅਪਣਾਈਏ ਅਤੇ ਪੰਛੀਆਂ ਅਤੇ ਜਾਨਵਰਾਂ ਦੇ ਜੀਵਨ ਦੀ ਰੱਖਿਆ ਕਰੀਏ। ਰੈਲੀ ਵਿੱਚ ਸਕੂਲ ਵੱਲੋਂ ਸੁਰੱਖਿਆ ਦਾ ਸੰਦੇਸ਼ ਦਿੱਤਾ ਗਿਆ ਕਿ ਹਰ ਵਿਅਕਤੀ ਚਾਹੇ ਵਿਦਿਆਰਥੀ ਹੋਵੇ, ਮਾਪੇ ਹੋਣ ਜਾਂ ਆਮ ਨਾਗਰਿਕ ਸਭ ਨੂੰ ਮਿਲ ਕੇ ਚਾਈਨਾ ਡੋਰ ਵਰਗੀ ਖ਼ਤਰਨਾਕ ਚੀਜ਼ ਦੇ ਵਿਰੁੱਧ ਇਕਜੁੱਟ ਹੋਣਾ ਚਾਹੀਦਾ ਹੈ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਇਹ ਵੀ ਸੰਕਲਪ ਲਿਆ ਕਿ ਉਹ ਆਪਣੇ ਘਰਾਂ ਅਤੇ ਗੁਆਂਢ ਵਿੱਚ ਵੀ ਲੋਕਾਂ ਨੂੰ ਇਸ ਬਾਰੇ ਜਾਣੂ ਕਰਦੇ ਰਹਿਣਗੇ। ਇਸ ਜਾਗਰੂਕਤਾ ਰੈਲੀ ਰਾਹੀਂ ਸਕੂਲ ਭਾਗੀਵਾਂਦਰ ਵੱਲੋਂ ਸਮਾਜ ਨੂੰ ਇੱਕ ਮਜ਼ਬੂਤ ਸੰਦੇਸ਼ ਦਿੱਤਾ ਗਿਆ ਕਿ ਚਾਈਨਾ ਡੋਰ ਛੱਡੋ, ਸੁਰੱਖਿਅਤ ਜੀਵਨ ਚੁਣੋ, ਤਾਂ ਜੋ ਮਨੁੱਖਤਾ ਅਤੇ ਕੁਦਰਤ ਦੋਹਾਂ ਦੀ ਰੱਖਿਆ ਕੀਤੀ ਜਾ ਸਕੇ। ਇਸ ਮੌਕੇ ਸਕੂਲ ਪ੍ਰਧਾਨ ਲਗਨ ਖੁਰਾਣਾ ਤੇ ਸਕੂਲ ਚੇਅਰਮੈਨ ਵਿਨੋਦ ਖੁਰਾਣਾ, ਪ੍ਰਿੰਸੀਪਲ ਮੀਨੂੰ ਗਰਗ , ਸੀਨੀਅਰ ਕੋਆਰਡੀਨੇਟਰ ਬੇਅੰਤ ਕੌਰ, ਜੂਨੀਅਰ ਕੋਆਰਡੀਨੇਟਰ ਕਿਰਨਦੀਪ ਕੌਰ, ਮੈਡਮ ਪਵਨਦੀਪ ਕੌਰ, ਰਮਨਦੀਪ ਕੌਰ, ਸਾਲੂ, ਮੇਘਾ, ਡੀ .ਪੀ ਸੁਖਦੀਪ ਸਿੰਘ ਅਤੇ ਸ. ਅਮਰਜੀਤ ਸਿੰਘ ਆਦਿ ਸਕੂਲ ਦਾ ਸਟਾਫ਼ ਹਾਜ਼ਰ ਸੀ।

ਗੁਰੂ ਹਰਗੋਬਿੰਦ ਪਬਲਿਕ ਸਕੂਲ ਲਹਿਰੀ ਵਿਖੇ

# ਚਾਈਨਾ ਡੋਰ ਖ਼ਿਲਾਫ਼ ਜਾਗਰੂਕਤਾ ਮੁਹਿੰਮ, ਬੱਚਿਆਂ ਅਤੇ ਸਟਾਫ ਵੱਲੋਂ ਚੁੱਕੀ ਸਹੁੰ





ਤਲਵੰਡੀ ਸਾਬੋ, 22 ਜਨਵਰੀ (ਗੁਰਜੰਟ ਸਿੰਘ ਨਥੇਹਾ)- ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਵਿਖੇ ਚਾਈਨਾ ਡੋਰ ਦੀ ਵਰਤੋਂ ਨੂੰ ਰੋਕਣ ਅਤੇ ਇਸ ਦੇ ਨੁਕਸਾਨਾਂ ਬਾਰੇ ਜਾਗਰੂਕਤਾ ਫੈਲਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਸ ਮੌਕੇ ਸਕੂਲ ਦੇ ਬੱਚਿਆਂ ਅਤੇ ਸਟਾਫ ਮੈਂਬਰਾਂ ਨੇ ਚਾਈਨਾ ਡੋਰ ਨਾ ਵਰਤਣ ਅਤੇ ਨਾ ਹੀ ਖਰੀਦਣ ਦੀ ਸਹੁੰ ਚੁੱਕੀ ਗਈ। ਬੱਚਿਆਂ ਨੇ ਪ੍ਰਣ ਲਿਆ ਕਿ ਉਹ ਆਪਣੇ ਜੀਵਨ ਵਿੱਚ ਕਦੇ ਵੀ ਖ਼ਤਰਨਾਕ ਚਾਈਨਾ ਡੋਰ ਦੀ ਵਰਤੋਂ ਨਹੀਂ ਕਰਨਗੇ ਅਤੇ ਹੋਰ ਲੋਕਾਂ ਨੂੰ ਵੀ ਇਸ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਗੇ। ਸਕੂਲ ਦੇ ਪ੍ਰਿੰਸੀਪਲ ਲਖਵਿੰਦਰ ਸਿੰਘ ਸਿੱਧੂ ਨੇ ਬੱਚਿਆਂ ਨੂੰ ਚਾਈਨਾ ਡੋਰ ਦੀ ਬਣਤਰ, ਇਸ ਦੇ ਖ਼ਤਰਨਾਕ ਪ੍ਰਭਾਵਾਂ ਅਤੇ ਪਿਛਲੇ ਦਿਨਾਂ ਦੌਰਾਨ ਇਸ ਨਾਲ ਵਾਪਰੀਆਂ ਦੁਖਦਾਈ ਘਟਨਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਚਾਈਨਾ ਡੋਰ ਨਾ ਸਿਰਫ਼ ਮਨੁੱਖੀ ਜਾਨ ਲਈ ਖ਼ਤਰਾ ਹੈ, ਸਗੋਂ ਪੰਛੀਆਂ ਅਤੇ ਵਾਤਾਵਰਣ ਲਈ ਵੀ ਬਹੁਤ ਹਾਨੀਕਾਰਕ ਹੈ।

ਇਸ ਮੌਕੇ ਸਕੂਲ ਪ੍ਰਬੰਧਕੀ ਕਮੇਟੀ ਦੀ ਪ੍ਰਧਾਨ ਸ੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ੍ਰੀਮਤੀ ਪਰਮਜੀਤ ਕੌਰ ਸੇਖੋਂ ਨੇ ਬੱਚਿਆਂ ਨੂੰ ਚਾਈਨਾ ਡੋਰ ਦੀ ਵਰਤੋਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਅਤੇ ਨੌਜਵਾਨਾਂ ਨੂੰ ਚਾਈਨਾ ਡੋਰ ਖਰੀਦਣ ਅਤੇ ਵਰਤਣ ਤੋਂ ਸਖ਼ਤੀ ਨਾਲ ਰੋਕਣ ਤਾਂ ਜੋ ਕੋਈ ਅਣਚਾਹੀ ਘਟਨਾ ਨਾ ਵਾਪਰੇ। ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਸਮਾਜ ਦੇ ਹਰ ਵਰਗ ਨੂੰ ਅਪੀਲ ਕੀਤੀ ਗਈ ਕਿ ਚਾਈਨਾ ਡੋਰ ਦਾ ਬਾਈਕਾਟ ਕਰਕੇ ਸੁਰੱਖਿਅਤ ਅਤੇ ਪਰੰਪਰਾਗਤ ਡੋਰ ਦੀ ਵਰਤੋਂ ਨੂੰ ਤਰਜੀਹ ਦਿੱਤੀ ਜਾਵੇ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਰੋਜ਼ਾਨਾ ਸਵਾ ਲੱਖ ਮੂਲ ਮੰਤਰ ਜਾਪ
ਨਾਮ ਰਸੀਏ ਅਸੀਸਾਂ ਬਖ਼ਸ਼ਣ ਨਾਮ ਅਭਿਆਸੀ ਹਾਜ਼ਰੀਆਂ ਭਰਨ
ਰੋਜ਼ਾਨਾ 125 ਪਾਠ ਸੁਖਮਨੀ ਸਾਹਿਬ
ਗੁਰ ਭਗਤੀ ਸ਼ਬਦ ਜਾਪ
ਧੰਨ ਬਾਬਾ ਨੰਦ ਸਿੰਘ ਜੀ ਧੰਨ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਯਾਦ ਵਿੱਚ ਅਭਿਆਸੀ ਗੁਰਸਿੱਖਾਂ ਨੂੰ ਸਮਰਪਿਤ
1 ਜਨਵਰੀ ਤੋਂ 5 ਫਰਵਰੀ ਪੋਹ ਮਾਘ 2026
ਨਾਨਕਸਰ ਕੁਟੀਆ ਪਟਿਆਲਾ ਵਿਖੇ
36 ਦਿਨ ਸ਼ਾਮ 7:00 ਤੋਂ 9:00 ਕੀਰਤਨ-ਕਥਾ
36 ਦਿਨ, 36 ਬਾਣੀਆਂ, 36 ਵਿਦਵਾਨ
31 ਜਨਵਰੀ 2026
ਵਿਸ਼ਾ: ਸਵਯੇ ਸ੍ਰੀ ਮੁਖਬਾਕ੍ਹ ਮਹਲਾ ੫
ਰਾਗੀ ਸੰਤੋਖ ਸਿੰਘ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ
ਆਵਾਜ਼ਿ ਕੌਮ AWAZE QAUM International Newspaper & WEB TV
ਅਰਜ਼ੋਈ ਕਰਤਾ:
ਬਾਬਾ ਹਰਚਰਨ ਸਿੰਘ,
ਨਾਨਕਸਰ ਕੁਟੀਆ ਬਿਹੰਗਮ,ਸਤਿਸੰਗੀ,
ਤ੍ਰਿਪੜੀ,ਪਟਿਆਲਾ,ਪੰਜਾਬ
9815133113

ਸੱਜਣ ਕੁਮਾਰ ਨੂੰ ਮਿਲੀ ਰਾਹਤ ਨੇ 1984 ਦਾ ਜ਼ਖ਼ਮ ਫਿਰ ਹਰਾ ਕੀਤਾ: ਪ੍ਰੋ. ਸਰਚਾਂਦ ਸਿੰਘ ਖਿਆਲਾ

# ਸਿੱਖ ਨਸਲਕੁਸ਼ੀ ਦੇ ਜ਼ਿੰਮੇਵਾਰ ਅਜੇ ਵੀ ਕਾਨੂੰਨ ਤੋਂ ਉਪਰ ? ਸੱਜਣ ਕੁਮਾਰ ਨੂੰ ਬਰੀ ਕਰਨਾ ਇਨਸਾਫ਼ ਦਾ ਕਤਲ



**ਅੰਮ੍ਰਿਤਸਰ, 22 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਵੱਲੋਂ 1984 ਦੇ ਸਿੱਖ ਵਿਰੋਧੀ ਦੰਗਿਆਂ ਦੌਰਾਨ ਦਿੱਲੀ ਦੇ ਵਿਕਾਸਪੁਰੀ ਅਤੇ ਜਨਕਪੁਰੀ ਵਿੱਚ ਹੋਈਆਂ ਹੱਤਿਆਵਾਂ ਦੇ ਮਾਮਲਿਆਂ ਵਿੱਚ ਕਾਂਗਰਸ ਨੇਤਾ ਸੱਜਣ ਕੁਮਾਰ ਨੂੰ ਰਾਹਤ ਦਿੱਤੇ ਜਾਣ 'ਤੇ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਗਹਿਰੀ ਹੈਰਾਨੀ ਅਤੇ ਰੋਸ ਪ੍ਰਗਟ ਕੀਤਾ ਹੈ। ਉਨ੍ਹਾਂ ਇਸ ਫ਼ੈਸਲੇ ਤੋਂ ਇਲਾਵਾ ਵੱਖ-ਵੱਖ ਅਦਾਲਤਾਂ ਵੱਲੋਂ ਬਰੀ ਕੀਤੇ ਗਏ ਜ਼ਿੰਮੇਵਾਰ ਲੋਕਾਂ ਖ਼ਿਲਾਫ਼ ਉੱਚ ਅਦਾਲਤਾਂ ਵਿੱਚ ਸਪੈਸ਼ਲ ਲੀਵ ਪਟੀਸ਼ਨਾਂ (ਐਸਐਲਪੀਜ਼) ਤੁਰੰਤ ਦਾਖ਼ਲ ਕਰਨ ਅਤੇ ਕੇਸ ਪੂਰੀ ਗੰਭੀਰਤਾ ਨਾਲ ਲੜਨ ਦੀ ਮੰਗ ਕੇਂਦਰੀ ਜਾਂਚ ਏਜੰਸੀਆਂ ਅਤੇ ਦਿੱਲੀ ਸਰਕਾਰ ਤੋਂ ਕੀਤੀ ਹੈ।

ਉਨ੍ਹਾਂ ਕਿਹਾ ਕਿ ਭਾਵੇਂ ਦੋ ਹੋਰ ਮਾਮਲਿਆਂ ਵਿੱਚ ਸੱਜਣ ਕੁਮਾਰ ਨੂੰ ਪਹਿਲਾਂ ਹੀ ਉਮਰ ਕੈਦ ਦੀ ਸਜ਼ਾ ਹੋ ਚੁੱਕੀ ਹੈ ਅਤੇ ਉਹ ਜੇਲ੍ਹ ਵਿੱਚ ਹੀ ਰਹੇਗਾ, ਪਰ ਸਿੱਖ ਨਸਲਕੁਸ਼ੀ ਵਿੱਚ ਉਸ ਦੀ ਦਰਿੰਦਗੀ ਭਰੀ ਅਤੇ ਘਿਨੌਣੀ ਭੂਮਿਕਾ ਲਈ ਉਹ ਮੌਤ ਦੀ ਸਜ਼ਾ ਦਾ ਹੱਕਦਾਰ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਿਆਸੀ ਸਰਪ੍ਰਸਤੀ ਦੇ ਕੇ ਨਾ ਕੇਵਲ ਕਾਨੂੰਨ ਤੋਂ ਬਚਾਇਆ, ਸਗੋਂ ਨਿਰਦੋਸ਼ ਸਿੱਖਾਂ ਦੇ ਕਾਤਲਾਂ ਨੂੰ ਸਰਕਾਰ ਅਤੇ ਪਾਰਟੀ ਵਿੱਚ ਅਹਿਮ ਅਹੁਦਿਆਂ ਨਾਲ ਨਿਵਾਜ ਕੇ ਸਿੱਖਾਂ ਦੀ ਖਿੱਲੀ ਵੀ ਉਡਾਉਂਦੀ ਰਹੀ।

ਪ੍ਰੋ. ਸਰਚਾਂਦ ਸਿੰਘ, ਜੋ ਸਿੱਖ ਚਿੰਤਕ ਅਤੇ ਦਮਦਮੀ ਟਕਸਾਲ ਦੇ ਸਾਬਕਾ ਬੁਲਾਰੇ ਵੀ ਹਨ, ਨੇ ਕਿਹਾ ਕਿ ਤਾਜ਼ਾ ਫ਼ੈਸਲਾ ਉਹਨਾਂ ਪੀੜਤ ਪਰਿਵਾਰਾਂ ਨਾਲ ਘੋਰ ਬੇਇਨਸਾਫ਼ੀ ਹੈ ਜੋ ਪਿਛਲੇ 41 ਸਾਲਾਂ ਤੋਂ ਇਨਸਾਫ਼ ਦੀ ਉਡੀਕ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਇਤਿਹਾਸਕ ਸੱਚ ਹੈ ਕਿ ਸੱਜਣ ਕੁਮਾਰ ਨੇ ਭੀੜ ਨੂੰ ਉਕਸਾ ਕੇ ਬੇਕਸੂਰ ਸਿੱਖਾਂ ਦਾ ਕਤਲੇਆਮ ਕਰਵਾਇਆ। ਉਨ੍ਹਾਂ ਕਿਹਾ ਕਿ ਸੱਜਣ ਕੁਮਾਰ ਨੂੰ ਦਿੱਲੀ ਕੈਂਟ ਦੀ ਪਾਲਮ ਕਾਲੋਨੀ ਵਿੱਚ ਪੰਜ ਸਿੱਖਾਂ ਦੇ ਕਤਲ ਤੋਂ ਬਾਅਦ ਗੁਰਦੁਆਰਾ ਸਾੜਨ ਦੇ ਮਾਮਲੇ ਵਿੱਚ ਦਿੱਲੀ ਹਾਈ ਕੋਰਟ ਨੇ 17 ਦਸੰਬਰ 2018 ਨੂੰ ਦੋਸ਼ੀ ਕਰਾਰ ਦਿੱਤਾ ਸੀ ਅਤੇ ਦਿੱਲੀ ਦੇ ਸਰਸਵਤੀ ਵਿਹਾਰ ਵਿੱਚ ਜਸਵੰਤ ਸਿੰਘ ਅਤੇ ਉਨ੍ਹਾਂ ਦੇ ਪੁੱਤਰ ਤਰੁਣਦੀਪ ਸਿੰਘ ਨੂੰ ਜਿੰਦਾ ਸਾੜਨ ਦੇ ਮਾਮਲੇ ਵਿੱਚ ਵੀ ਉਸ ਨੂੰ ਉਮਰ ਕੈਦ ਦੀ ਸਜ਼ਾ ਹੋਣਾ ਇਹ ਸਪਸ਼ਟ ਕਰਦਾ ਹੈ ਕਿ ਸਿੱਖ ਕਤਲੇਆਮ ਵਿੱਚ ਉਹ ਮਾਸਟਰਮਾਈਂਡ ਸੀ। ਅਜਿਹੀ ਸਥਿਤੀ ਵਿੱਚ ਹੁਣ ਵਿਕਾਸਪੁਰੀ ਅਤੇ ਜਨਕਪੁਰੀ ਦੀਆਂ ਹੱਤਿਆਵਾਂ ਵਿੱਚ ਠੋਸ ਸਬੂਤਾਂ ਦੀ ਘਾਟ ਦਾ ਹਵਾਲਾ ਦੇ ਕੇ ਉਸ ਨੂੰ ਬਰੀ ਕਰਨਾ ਕਈ ਗੰਭੀਰ ਸਵਾਲ ਖੜ੍ਹੇ ਕਰਦਾ ਹੈ।

**ਵੱਖ-ਵੱਖ ਅਦਾਲਤਾਂ ਵੱਲੋਂ ਬਰੀ ਕੀਤੇ ਗਏ ਦੋਸ਼ੀਆਂ ਖ਼ਿਲਾਫ਼ ਤੁਰੰਤ ਐਸਐਲਪੀਜ਼ ਦਾਖ਼ਲ ਕਰ ਕੇ ਕੇਸ ਪੂਰੀ ਗੰਭੀਰਤਾ ਨਾਲ ਲੜਨ ਦੀ ਕੀਤੀ ਮੰਗ**

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਦਿੱਲੀ ਹਾਈ ਕੋਰਟ ਵੱਲੋਂ ਸਿੱਖ ਕਤਲੇਆਮ ਦੇ ਕਈ ਕੇਸਾਂ ਵਿੱਚ ਸੁਣਾਏ ਗਏ ਫ਼ੈਸਲਿਆਂ ਨੂੰ ਪਿਛਲੀ ਕੇਜਰੀਵਾਲ ਸਰਕਾਰ ਵੱਲੋਂ ਚੁਣੌਤੀ ਨਹੀਂ ਦਿੱਤੀ ਗਈ। ਕੁਝ ਕੇਸਾਂ ਵਿੱਚ ਸਿਰਫ਼ ਰਸਮੀ ਤੌਰ 'ਤੇ ਪਟੀਸ਼ਨਾਂ ਦਾਖ਼ਲ ਕੀਤੀਆਂ ਗਈਆਂ ਪਰ ਮਾਮਲੇ ਗੰਭੀਰਤਾ ਨਾਲ ਨਹੀਂ ਲੜੇ ਗਏ ਅਤੇ ਨਾ ਹੀ ਕੋਈ ਸੀਨੀਅਰ ਵਕੀਲ ਨਿਯੁਕਤ ਕੀਤਾ ਗਿਆ। ਇਹ ਸਾਰਾ ਵਰਤਾਰਾ ਮਾਮਲਿਆਂ ਪ੍ਰਤੀ ਗੈਰ-ਸੰਜੀਦਗੀ, ਇਮਾਨਦਾਰੀ ਦੀ ਕਮੀ ਅਤੇ ਸ਼ੱਕ ਪੈਦਾ ਕਰਦਾ ਹੈ। ਰਿਕਾਰਡ ਤੋਂ ਇਹ ਵੀ ਸਪਸ਼ਟ ਹੈ ਕਿ ਕਈ ਕੇਸਾਂ ਦੀ ਸੁਣਵਾਈ ਇਸ ਢੰਗ ਨਾਲ ਕੀਤੀ ਗਈ, ਜਿਸ ਦੇ ਨਤੀਜੇ ਵਜੋਂ ਮੁਲਜ਼ਮਾਂ ਨੂੰ ਦੋਸ਼ੀ ਠਹਿਰਾਉਣ ਦੀ ਥਾਂ ਬਰੀ ਕਰ ਦਿੱਤਾ ਗਿਆ।

ਉਨ੍ਹਾਂ ਦਿੱਲੀ ਹਾਈ ਕੋਰਟ ਵੱਲੋਂ ਸਿੱਖ ਕਤਲੇਆਮ ਦੇ ਕੇਸਾਂ ਵਿੱਚ ਬਰੀ ਕੀਤੇ ਗਏ ਲੋਕਾਂ ਖ਼ਿਲਾਫ਼ ਸੁਪਰੀਮ ਕੋਰਟ ਵਿੱਚ ਦਿੱਲੀ ਪੁਲਿਸ ਵੱਲੋਂ ਦਿਖਾਈ ਗਈ ਗੈਰ-ਸੰਜੀਦਗੀ ਅਤੇ ਕੇਵਲ ਰਸਮੀ ਖਾਨਾਪੂਰਤੀ ਦੀ ਸਖ਼ਤ ਨਿੰਦਾ ਕਰਦਿਆਂ ਦਿੱਲੀ ਸਰਕਾਰ ਤੋਂ ਮੰਗ ਕੀਤੀ ਕਿ ਇਨਸਾਫ਼ ਲਈ ਕੇਸਾਂ ਦੀ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਵਕਾਲਤ ਵਾਸਤੇ ਠੋਸ ਤੇ ਜ਼ਰੂਰੀ ਕਦਮ ਚੁੱਕੇ ਜਾਣ। ਉਨ੍ਹਾਂ ਕਿਹਾ ਕਿ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਵਿੱਚ ਵਰਤੀ ਗਈ ਢਿੱਲ ਮੱਠ ਨਾ ਕੇਵਲ ਸਿੱਖ ਹਿਰਦਿਆਂ ਨੂੰ ਠੇਸ ਪਹੁੰਚਾਏਗੀ, ਸਗੋਂ ਭਾਰਤੀ ਨਿਆਂ ਪ੍ਰਣਾਲੀ ਨਾਲ ਖੁੱਲ੍ਹਾ ਮਜ਼ਾਕ ਹੋਵੇਗਾ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ 41 ਸਾਲ ਪਹਿਲਾਂ, 31 ਅਕਤੂਬਰ 1984 ਨੂੰ ਪ੍ਰਧਾਨ ਮੰਤਰੀ ਸ੍ਰੀਮਤੀ ਇੰਦਰਾ ਗਾਂਧੀ ਦੀ ਉਨ੍ਹਾਂ ਦੇ ਅੰਗ-ਰੱਖਿਅਕਾਂ ਵੱਲੋਂ ਕੀਤੀ ਗਈ ਹੱਤਿਆ ਤੋਂ ਬਾਅਦ, ਕਾਂਗਰਸ ਸਰਕਾਰ ਦੀ ਨਫ਼ਰਤ ਭਰੀ ਨੀਤੀ ਤਹਿਤ ਹੋਈ ਹਿੰਸਾ ਅਤੇ ਯੋਜਨਾਬੱਧ ਸਿੱਖ ਨਸਲਕੁਸ਼ੀ ਦੌਰਾਨ ਸਿੱਖ ਭਾਈਚਾਰੇ ਨੂੰ ਜੋ ਅਸਹਿਣਸ਼ੀਲ ਦੁੱਖ ਝੱਲਣਾ ਪਿਆ, ਉਸ ਦੀ ਪੀੜਾ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਅਸੰਭਵ ਹੈ। ਕਾਂਗਰਸ ਨੇ ਆਜ਼ਾਦੀ ਤੋਂ ਬਾਅਦ ਦੇਸ਼ ਦੀ ਵਾਗਡੋਰ ਸੰਭਾਲਦਿਆਂ ਰਾਜਸੀ ਸਵਾਰਥਾਂ ਲਈ ਪੰਜਾਬ ਅਤੇ ਸਿੱਖਾਂ ਪ੍ਰਤੀ ਗ਼ਲਤ ਅਤੇ ਘਾਤਕ ਫ਼ੈਸਲੇ ਲਏ। ਹਿੰਦੂ ਅਤੇ ਸਿੱਖ ਭਾਈਚਾਰਿਆਂ ਵਿਚ ਨਫ਼ਰਤ ਪੈਦਾ ਕਰਕੇ ਮਨੁੱਖਤਾ ਅਤੇ ਸਭਿਆਚਾਰ ਦੇ ਘਾਣ ਦੀ 1984 ਵਿੱਚ ਜੋ ਕਾਲੀ ਦਾਸਤਾਨ ਲਿਖੀ ਗਈ, ਉਹ ਸੋਚ ਤੋਂ ਪਰੇ ਸੀ।

ਦਿੱਲੀ ਸਮੇਤ ਦੇਸ਼ ਭਰ ਵਿੱਚ ਨਵੰਬਰ 1984 ਦਾ ਪਹਿਲਾ ਹਫ਼ਤਾ ਖ਼ੌਫ਼ਨਾਕ ਦੌਰ ਸੀ, ਜਿੱਥੇ ਸਿੱਖ ਹੋਣ ਦਾ ਮਤਲਬ ਮੌਤ ਬਣ ਗਿਆ ਸੀ। ਜਿਸ ਸਿੱਖ ਭਾਈਚਾਰੇ ਨੇ ਆਪਣੀ ਕਿਸਮਤ ਭਾਰਤ ਨਾਲ ਜੋੜੀ, ਦੇਸ਼ ਦੀ ਆਜ਼ਾਦੀ ਅਤੇ ਪੁਨਰਨਿਰਮਾਣ ਲਈ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ, ਉਸ ਨੇ ਕਦੇ ਸੋਚਿਆ ਵੀ ਨਹੀਂ ਸੀ ਕਿ ਉਸੇ ਦੇਸ਼ ਵਿੱਚ ਉਸ ਨੂੰ ਆਪਣੀ ਪਹਿਚਾਣ ਕਰਕੇ ਬੇਆਬਰੂ ਹੋਣਾ ਪਵੇਗਾ। ਸਿਰਫ਼ ਪੱਗ ਅਤੇ ਦਾੜ੍ਹੀ ਕਾਰਨ ਬੇਕਸੂਰ ਲੋਕਾਂ ਨੂੰ ਨਿਸ਼ਾਨਾ ਬਣਾਇਆ ਗਿਆ। ਦਿੱਲੀ ਸਮੇਤ ਦੇਸ਼ ਦੇ 18 ਸੂਬਿਆਂ ਵਿੱਚ 7,000 ਤੋਂ ਵੱਧ ਨਿਰਦੋਸ਼ ਸਿੱਖਾਂ ਨੂੰ ਬੇਰਹਿਮੀ ਨਾਲ ਮੌਤ ਦੇ ਘਾਟ ਉਤਾਰਿਆ ਗਿਆ। ਉਨ੍ਹਾਂ ਨੂੰ ਟੋਟੇ-ਟੋਟੇ ਕਰਕੇ, ਕੋਹ-ਕੋਹ ਕੇ ਮਾਰਿਆ ਗਿਆ। ਪੈਟਰੋਲ ਪਾ ਕੇ ਜਿਊਂਦੇ ਸਾੜਿਆ ਗਿਆ, ਗਲ੍ਹਾਂ ਵਿੱਚ ਟਾਇਰ ਪਾ ਕੇ ਅੱਗ ਲਗਾਈ ਗਈ ਅਤੇ ਦਿਨ ਦਿਹਾੜੇ ਧੀਆਂ-ਭੈਣਾਂ ਨੂੰ ਬੇ-ਆਬਰੂ ਕੀਤਾ ਗਿਆ। ਸਿੱਖਾਂ ਦੀ ਕਰੋੜਾਂ ਦੀ ਸੰਪਤੀ ਲੁੱਟੀ ਅਤੇ ਫੂਕੀ ਗਈ।

ਉਸ ਸਮੇਂ ਪੂਰਾ ਸਿਸਟਮ ਸਿੱਖਾਂ ਦੇ ਵਿਰੁੱਧ ਸੀ। ਸਰਕਾਰ, ਪ੍ਰਸ਼ਾਸਨ ਅਤੇ ਪੁਲਿਸ ਨਾ ਸਿਰਫ਼ ਦਰਸ਼ਕ ਬਣੇ ਰਹੇ, ਸਗੋਂ ਕਾਤਲ ਟੋਲੀਆਂ ਦੀ ਮਦਦ ਕਰਦੇ ਰਹੇ ਅਤੇ ਸਿੱਖਾਂ ਦੇ ਘਰਾਂ ਦੀ ਨਿਸ਼ਾਨਦੇਹੀ ਵੀ ਕਰਵਾਈ। ਰਾਜੀਵ ਗਾਂਧੀ ਦਾ ਬਿਆਨ — "ਜਦੋਂ ਵੱਡਾ ਦਰੱਖ਼ਤ ਡਿੱਗਦਾ ਹੈ ਤਾਂ ਧਰਤੀ ਹਿਲਦੀ ਹੈ" — ਕਾਤਲਾਂ ਲਈ ਹੌਸਲਾ ਅਫ਼ਜ਼ਾਈ ਬਣਿਆ। ਇਹ ਹਾਕਮ ਧਿਰ ਦੀ ਸਰਪ੍ਰਸਤੀ ਹੇਠ ਸਿੱਖਾਂ ਦਾ ਯੋਜਨਾਬੱਧ ਸਮੂਹਿਕ ਕਤਲੇਆਮ ਸੀ। ਬਾਅਦ ਵਿੱਚ ਮਰਵਾਹਾ ਕਮੇਟੀ ਤੋਂ ਲੈ ਕੇ ਨਾਨਾਵਤੀ ਕਮਿਸ਼ਨ ਤੱਕ 30 ਸਾਲਾਂ ਵਿੱਚ 10 ਜਾਂਚ ਕਮਿਸ਼ਨ ਬਣਾਏ ਗਏ। ਨਾਨਾਵਤੀ ਕਮਿਸ਼ਨ ਦੀ ਰਿਪੋਰਟ ਅਨੁਸਾਰ ਦਿੱਲੀ ਵਿੱਚ 587 ਐਫਆਈਆਰ ਦਰਜ ਹੋਈਆਂ, ਜਿਨ੍ਹਾਂ ਵਿੱਚ 2,733 ਲੋਕ ਮਾਰੇ ਗਏ। ਪੁਲਿਸ ਵੱਲੋਂ ਲਗਭਗ 240 ਕੇਸ ਬੰਦ ਕਰ ਦਿੱਤੇ ਗਏ ਅਤੇ ਕਰੀਬ 250 ਕੇਸਾਂ ਵਿੱਚ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ ਗਿਆ। ਨਾਨਾਵਤੀ ਕਮਿਸ਼ਨ ਨੇ ਦਿਨ ਦਿਹਾੜੇ ਹਜ਼ਾਰਾਂ ਨਿਰਦੋਸ਼ਾਂ ਦੇ ਕਤਲਾਂ ਲਈ ਉਸ ਸਮੇਂ ਦੀ ਕਾਂਗਰਸ ਸਰਕਾਰ ਅਤੇ ਉਸ ਦੇ ਆਗੂਆਂ ਦੀ ਸਖ਼ਤ ਆਲੋਚਨਾ ਕੀਤੀ, ਪਰ ਕਾਰਵਾਈ ਕਰਨ ਦੀ ਥਾਂ ਦੋਸ਼ੀਆਂ ਨੂੰ ਕਲੀਨ ਚਿੱਟ ਦਿੱਤੀ ਗਈ। ਪੀੜਤਾਂ ਦੇ ਜ਼ਖ਼ਮਾਂ 'ਤੇ ਲੂਣ ਛਿੜਕਦਿਆਂ, ਕਤਲੇਆਮ ਦੇ ਮੁੱਖ ਦੋਸ਼ੀ ਐਚ.ਕੇ.ਐਲ. ਭਗਤ, ਕਮਲ ਨਾਥ, ਜਗਦੀਸ਼ ਟਾਈਟਲਰ ਅਤੇ ਸੱਜਣ ਕੁਮਾਰ ਵਰਗੇ ਆਗੂਆਂ ਨੂੰ ਵੱਡੇ ਸਰਕਾਰੀ ਅਹੁਦਿਆਂ ਨਾਲ ਨਿਵਾਜਿਆ ਗਿਆ ਅਤੇ ਉਹ ਸੱਤਾ ਦੇ ਸੁਖ ਭੋਗਦੇ ਰਹੇ।

## ਪੰਥਕ ਜਥੇਬੰਦੀਆਂ ਵੱਲੋਂ 26 ਨੂੰ

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਵੇਗਾ ਵੱਡਾ ਇਕੱਠ - ਬਾਬਾ ਹਰਦੀਪ ਸਿੰਘ ਮਹਿਰਾਜ

ਨਵੀਂ ਦਿੱਲੀ, 22 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਪੰਥਕ ਰਾਜਨੀਤੀ ਵਿੱਚ ਇੱਕ ਵਾਰ ਫਿਰ ਵੱਡੀ ਹਲਚਲ ਦੇਖਣ ਨੂੰ ਮਿਲ ਰਹੀ ਹੈ। ਦਲ ਖ਼ਾਲਸਾ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਪੰਚ ਪ੍ਰਧਾਨੀ ਸਮੇਤ ਪ੍ਰਮੁੱਖ ਸਿੱਖ ਜਥੇਬੰਦੀਆਂ ਨੇ 26 ਜਨਵਰੀ 2026 ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਇਕੱਠੇ ਹੋਣ ਦਾ ਫੈਸਲਾ ਕੀਤਾ ਹੈ। ਮੀਡੀਆ ਨੂੰ ਜਾਰੀ ਕੀਤੇ ਪ੍ਰੈਸ ਬਿਆਨ ਚ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਦੱਸਿਆ ਕਿ ਇਹ ਸਾਰੀਆਂ ਜਥੇਬੰਦੀਆਂ ਗੋਲਡਨ ਟੈਂਪਲ ਪਲਾਜ਼ਾ ਵਿਖੇ ਇਕੱਤਰ ਹੋ ਕੇ ਸੰਗਤ ਨੂੰ ਸੰਬੋਧਨ ਕਰਨਗੀਆਂ, ਜਿਸ ਉਪਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕੀਤੀ ਜਾਵੇਗੀ। ਇਸ ਸਮਾਗਮ ਦਾ ਮੁੱਖ ਉਦੇਸ਼ ਖਾਲਿਸਤਾਨ ਦੇ ਸੰਘਰਸ਼ ਲਈ ਸ਼ਹੀਦ ਹੋਣ ਵਾਲੇ ਸਿੰਘਾਂ ਨੂੰ ਸ਼ਰਧਾਂਜਲੀ ਭੇਟ ਕਰਨਾ ਅਤੇ ਪੰਥਕ ਸ਼ਕਤੀ ਨੂੰ ਮੁੜ ਜਥੇਬੰਦ ਕਰਨਾ ਹੈ। ਉਹਨਾਂ ਕਿਹਾ ਕਿ ਇਹ ਬੈਠਕ 1986 ਵਿੱਚ ਦਮਦਮੀ ਟਕਸਾਲ ਵੱਲੋਂ ਬੁਲਾਏ ਗਏ ਇਤਿਹਾਸਕ 'ਸਰਬੱਤ ਖ਼ਾਲਸਾ' ਦੀ ਤਰਜ਼ 'ਤੇ ਹੋਵੇਗੀ। ਉਨ੍ਹਾਂ ਸਮੂਹ ਸਿੱਖ ਸੰਗਠਨਾਂ ਨੂੰ ਅਪੀਲ ਕੀਤੀ ਕਿ ਉਹ ਕੌਮੀ ਟੀਚਿਆਂ ਦੀ ਪ੍ਰਾਪਤੀ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਹਮਣੇ ਇੱਕਜੁੱਟ ਹੋਣ। ਇਸ ਮੌਕੇ ਜਥੇਬੰਦੀਆਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ 328 ਲਾਪਤਾ ਪਾਵਨ ਸਰੂਪਾਂ ਦੇ ਮੁੱਦੇ 'ਤੇ ਬੁਰੀ ਤਰ੍ਹਾਂ ਘੇਰਦਿਆ ਕਿਹਾ ਕਿ ਕਮੇਟੀ ਕੋਲ ਸਾਰੇ ਸਰੂਪਾਂ ਦਾ ਰਿਕਾਰਡ ਮੌਜੂਦ ਹੈ ਅਤੇ ਉਹ ਜਾਣਦੇ ਹਨ ਕਿ ਇਹ ਸਰੂਪ ਕਿਹੜੇ ਡੇਰਿਆਂ ਜਾਂ ਘਰਾਂ ਵਿੱਚ ਭੇਜੇ ਗਏ ਹਨ, ਪਰ ਇਸ ਰਿਕਾਰਡ ਨੂੰ ਜਾਣਬੁੱਝ ਕੇ ਜਨਤਕ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਮੰਗ ਕੀਤੀ ਕਿ ਇਹ ਰਿਕਾਰਡ ਪੰਥਕ ਸ਼ਖ਼ਸੀਅਤਾਂ ਦੇ ਸਾਹਮਣੇ ਰੱਖਿਆ ਜਾਵੇ ਤਾਂ ਜੋ ਇਸ ਦੀ ਪੁਸ਼ਟੀ ਹੋ ਸਕੇ। ਦੂਜੇ ਪਾਸੇ, ਨਰਾਇਣ ਸਿੰਘ ਚੌੜਾ ਨੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪੰਥ ਨੂੰ ਡਰ ਹੈ ਕਿ ਇਹ ਪਾਵਨ ਸਰੂਪ ਅਜਿਹੀਆਂ ਥਾਵਾਂ 'ਤੇ ਭੇਜੇ ਗਏ ਹਨ ਜਿੱਥੇ ਮਰਿਆਦਾ ਦੀ ਪਾਲਣਾ ਨਹੀਂ ਹੋ ਰਹੀ। ਉਨ੍ਹਾਂ ਸਿਟ ਦੀ ਜਾਂਚ 'ਤੇ ਅਵਿਸ਼ਵਾਸ ਪ੍ਰਗਟ ਕਰਦਿਆਂ ਕਿਹਾ ਕਿ ਜੇਕਰ ਸ਼੍ਰੋਮਣੀ ਕਮੇਟੀ ਹੱਲ ਨਹੀਂ ਕਰ ਸਕਦੀ ਤਾਂ ਇਹ ਮਾਮਲਾ ਪੰਥ ਦੇ ਹਵਾਲੇ ਕਰ ਦਿੱਤਾ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਕਿ ਮੁਕਤਸਰ ਸਾਹਿਬ ਦੀ ਕਾਨਫਰੰਸ ਵਿੱਚ ਸਰੂਪਾਂ ਦੀ ਬਰਾਮਦਗੀ ਬਾਰੇ 'ਝੂਠ' ਬੋਲਣ ਲਈ ਮੁੱਖ ਮੰਤਰੀ ਨੂੰ ਵਿਧਾਨ ਸਭਾ ਵਿੱਚ ਸੰਗਤ ਤੋਂ ਮੁਆਫ਼ੀ ਮੰਗਣੀ ਚਾਹੀਦੀ ਹੈ। ਜਥੇਬੰਦੀਆਂ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਖਾਲਿਸਤਾਨ ਦੀ ਪ੍ਰਾਪਤੀ ਨਹੀਂ ਹੁੰਦੀ, ਉਨ੍ਹਾਂ ਦਾ ਸੰਘਰਸ਼ ਨਿਰੰਤਰ ਜਾਰੀ ਰਹੇਗਾ।

**328 ਪਵਿੱਤਰ ਸਰੂਪਾਂ ਦਾ ਮਾਮਲਾ ਗਰਮਾਇਆ: ਦਲ ਖ਼ਾਲਸਾ ਤੇ ਮਾਨ ਦਲ ਨੇ ਸ਼੍ਰੋ ਗੁ ਪ੍ਰ ਕਮੇਟੀ ਤੋਂ ਮੰਗਿਆ ਹਿਸਾਬ**



# ਦਿੱਲੀ ਗੁਰਦੁਆਰਾ ਕਮੇਟੀ ਸੱਜਣ ਕੁਮਾਰ ਨੂੰ ਬਰੀ ਕਰਨ ਦੇ ਫੈਸਲੇ ਨੂੰ ਹਾਈ ਕੋਰਟ ਵਿਚ ਚੁਣੌਤੀ ਦੇਵੇਗੀ: ਕਾਲਕਾ, ਕਾਹਲੋਂ



**ਨਵੀਂ ਦਿੱਲੀ, 22 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**: ਦਿੱਲੀ ਦੀ ਰੋਜ਼ ਅਵੈਨਿਊ ਕੋਰਟ ਵੱਲੋਂ 1984 ਦੇ ਸਿੱਖ ਕਤਲੇਆਮ ਦੇ ਕੇਸ ਵਿਚ ਕਾਂਗਰਸੀ ਆਗੂ ਸੱਜਣ ਕੁਮਾਰ ਨੂੰ ਬਰੀ ਕੀਤੇ ਜਾਣ ਦੇ ਫੈਸਲੇ ਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਿੱਲੀ ਹਾਈ ਕੋਰਟ ਵਿਚ ਚੁਣੌਤੀ ਦੇਵੇਗੀ। ਇਹ ਪ੍ਰਗਟਾਵਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕੀਤਾ ਹੈ। ਅਦਾਲਤ ਦੇ ਫੈਸਲੇ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ 1 ਅਤੇ 2 ਨਵੰਬਰ 1984 ਨੂੰ 3 ਸਿੱਖਾਂ ਦਾ ਕਤਲੇਆਮ ਹੋਇਆ ਸੀ ਅਤੇ ਇਸ ਕੇਸ ਵਿਚ 5 ਗਵਾਹਾਂ ਨੇ ਆਪਣੇ ਬਿਆਨ ਦਰਜ ਕਰਵਾਏ ਸਨ ਕਿ ਕਤਲ ਕਰਨ ਵਾਲੀ ਭੀੜ ਦੀ ਅਗਵਾਈ ਸੱਜਣ ਕੁਮਾਰ ਨੇ ਕੀਤੀ ਸੀ। ਉਹਨਾਂ ਕਿਹਾ ਕਿ ਇਸਦੇ ਬਾਵਜੂਦ ਅਦਾਲਤ ਨੇ ਸੱਜਣ ਕੁਮਾਰ ਨੂੰ ਬਰੀ ਕਰਨ ਦਾ ਫੈਸਲਾ ਸੁਣਾਇਆ ਹੈ। ਉਹਨਾਂ ਦੱਸਿਆ ਕਿ ਅਦਾਲਤ ਦੇ ਫੈਸਲੇ ਦੀ ਕਾਪੀ ਲੈ ਕੇ ਉਸਨੂੰ ਬਾਰੀਕੀ ਨਾਲ ਘੋਖਿਆ ਜਾਵੇਗਾ ਤੇ ਇਸ ਉਪਰੰਤ ਇਸ ਫੈਸਲੇ ਨੂੰ ਦਿੱਲੀ ਗੁਰਦੁਆਰਾ ਕਮੇਟੀ ਦੀ ਲੀਗਲ ਟੀਮ ਵੱਲੋਂ ਦਿੱਲੀ ਹਾਈ ਕੋਰਟ ਵਿਚ ਚੁਣੌਤੀ ਦਿੱਤੀ ਜਾਵੇਗੀ। ਉਹਨਾਂ ਕਿਹਾ ਕਿ ਗਵਾਹਾਂ ਦੀ ਗਵਾਹੀ ਹਾਈ ਕੋਰਟ ਵਿਚ ਕਰਵਾ ਕੇ ਸੱਜਣ ਕੁਮਾਰ ਨੂੰ ਇਸ ਮਾਮਲੇ ਵਿਚ ਵੀ ਸਜ਼ਾ ਮਿਲਣੀ ਯਕੀਨੀ ਬਣਾਈ ਜਾਵੇਗੀ। ਉਹਨਾਂ ਦੱਸਿਆ ਕਿ ਅਦਾਲਤ ਦੇ ਅੱਜ ਦੇ ਫੈਸਲੇ ਨਾਲ ਸਿੱਖ ਕੌਮ ਦੇ ਮਨਾਂ ਨੂੰ ਡੂੰਘੀ ਸੱਟ ਵੱਜੀ ਹੈ ਕਿਉਂਕਿ 42 ਸਾਲਾਂ ਬਾਅਦ ਵੀ ਦੋਸ਼ੀ ਨੂੰ ਬਰੀ ਕੀਤੇ ਜਾਣਾ ਬਹੁਤ ਦੁਖਦਾਈ ਹੈ। ਉਹਨਾਂ ਦੱਸਿਆ ਕਿ ਇਸ ਮਾਮਲੇ ਵਿਚ ਮੁੱਖ ਸ਼ਿਕਾਇਤਕਰਤਾ ਹਰਵਿੰਦਰ ਸਿੰਘ ਕੋਹਲੀ ਦੀ ਮੌਤ ਹੋ ਚੁੱਕੀ ਹੈ ਜਿਸ ਕਾਰਨ ਉਹ ਆਪਣੀ ਗਵਾਹੀ ਨਹੀਂ ਦੇ ਪਾਇਆ। ਉਹਨਾਂ ਕਿਹਾ ਕਿ ਇਸ ਕੇਸ ਦਾ ਮੁੱਖ ਗਵਾਹ ਹਰਵਿੰਦਰ ਸਿੰਘ ਕੋਹਲੀ ਸੀ ਜਿਸਦੇ ਸਾਹਮਣੇ ਉਸਦੇ ਸਾਥੀਆਂ ਅਵਤਾਰ ਸਿੰਘ ਅਤੇ ਸੋਹਣ ਸਿੰਘ ਦਾ ਭੀੜ ਵੱਲੋਂ ਕਤਲ ਕੀਤਾ ਗਿਆ ਸੀ। ਉਹਨਾਂ ਕਿਹਾ ਕਿ ਇਸਦੀ ਗਵਾਹੀ ਬਹੁਤ ਅਹਿਮ ਸੀ ਪਰ ਮੌਤ ਹੋਣ ਕਾਰਨ ਗਵਾਹੀ ਰਹਿ ਗਈ।

## ਸੱਤਿਆ ਭਾਰਤੀ ਐਲੀਮੈਂਟਰੀ ਸਕੂਲ ਚੰਨਣਕੇ ਵਿੱਚ ਬਾਲ ਸੁਰੱਖਿਆ ਯੂਨਿਟ ਵੱਲੋਂ ਸਰਕਾਰੀ ਸਕੀਮਾਂ ਬਾਰੇ ਜਾਣੂ ਕਰਵਾਇਆ



ਚੌਕ ਮਹਿਤਾ, (ਬਾਬਾ ਸੁਖਵੰਤ ਸਿੰਘ ਚੰਨਣਕੇ)-ਸੱਤਿਆ ਭਾਰਤੀ ਐਲੀਮੈਂਟਰੀ ਸਕੂਲ ਚੰਨਣਕੇ ਵਿੱਚ ਜ਼ਿਲਾ ਬਾਲ ਸੁਰੱਖਿਆ ਯੂਨਿਟ ਅੰਮ੍ਰਿਤਸਰ ਦੇ ਕਰਮਚਾਰੀ ਬਲਵਿੰਦਰ ਸਿੰਘ ਸਰਕਾਰ ਵੱਲੋਂ ਚੱਲ ਰਹੀਆਂ ਸਕੀਮਾਂ ਬਾਰੇ ਜਾਣੂ ਕਰਵਾਇਆ। ਇਸ ਸੈਮੀਨਾਰ ਦੇ ਦੌਰਾਨ ਜੇ. ਜੇ.ਐਕਟ,ਪੋਕਸੋ ਐਕਟ,ਬਾਲ ਵਿਆਹ, ਬਾਲ ਮਜ਼ਦੂਰੀ,ਨਸ਼ਾਖੋਰੀ,(ਸੈਕਸ਼ਨ 77,78) ਚਾਈਲਡ ਹੈਲਪਲਾਈਨ (1098) ਅਤੇ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਦੇ ਬਾਰੇ ਸਮਝਾਇਆ। ਇਸ ਦੌਰਾਨ ਯੂਟਿਊਬ ਤੇ ਕੋਮਲ ਵੀਡਿਓ ਵੀ ਦਿਖਾਈ ਗਈ। ਸੱਤਿਆ ਭਾਰਤੀ ਸਕੂਲ ਵੱਲੋਂ ਬਲਜੀਤ ਸਿੰਘ (ਕਲਸਟਰ ਕੋਆਰਡੀਨੇਟਰ) ਸਕੂਲ ਦੇ ਇੰਚਾਰਜ ਨਵਨੀਤ ਕੌਰ, ਸਟਾਫ ਮੈਂਬਰ ਲਵਦੀਪ ਕੌਰ, ਮਨਦੀਪ ਕੌਰ, ਸੰਦੀਪ ਕੌਰ , ਹਰਜੀਤ ਕੌਰ, ਜਸ਼ਨਦੀਪ ਕੌਰ, ਸੁਖਮੀਤ ਕੌਰ, ਨਰਿੰਦਰਬੀਰ ਕੌਰ, ਕਰਮਜੀਤ ਕੌਰ ਅਤੇ ਹੋਰ ਸਟਾਫ ਮੈਂਬਰ ਮੌਜੂਦ ਸਨ।

## 1984 ਵਿੱਚ ਹੋਈ ਸਿੱਖ ਨਸਲਕੁਸ਼ੀ ਦੇ ਦੋਸ਼ੀ ਸੱਜਣ ਕੁਮਾਰ ਨੂੰ ਬਰੀ ਕਰਨਾਂ ਭਾਰਤੀ ਨਿਆਂਪ੍ਰਣਾਲੀ ਦੇ ਇਤਿਹਾਸ ਵਿੱਚ ਕਾਲਾ ਦਿਨ : ਬਾਪੂ ਤਰਸੇਮ ਸਿੰਘ



ਅੰਮ੍ਰਿਤਸਰ 22 ਜਨਵਰੀ (ਆਵਾਜ਼ਿ ਕੌਮ ਬਿਊਰੋ)-ਅਕਾਲੀ ਦਲ ਵਾਰਿਸ ਪੰਜਾਬ ਦੇ ਪ੍ਰੈਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਗਏ ਪ੍ਰੈਸ ਨੋਟ ਰਾਹੀਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ 1984 ਵਿੱਚ ਹੋਈ ਸਿੱਖ ਨਸਲਕੁਸ਼ੀ ਦੇ ਦੋਸ਼ੀ ਸੱਜਣ ਕੁਮਾਰ ਨੂੰ ਬਰੀ ਕਰਨ ਦਾ ਫੈਸਲਾ ਸਿੱਖ ਕੌਮ ਦੇ ਜਖਮਾਂ 'ਤੇ ਲੂਣ ਛਿੜਕਣ ਦੇ ਬਰਾਬਰ ਹੈ। ਜਿਥੇ ਸਾਨੂੰ ਇਸ ਫੈਸਲੇ ਨਾਲ ਬੇਤਹਾਸ਼ਾ ਦੁੱਖ ਪਹੁੰਚਿਆ ਹੈ ਉਥੇ ਹੀ ਇਸ ਨੇ ਪੂਰੀ ਸਿੱਖ ਕੌਮ ਦੀ ਆਤਮਾ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ 1984 ਦੌਰਾਨ ਹਜ਼ਾਰਾਂ ਨਿਰਦੋਸ਼ ਸਿੱਖ ਪਰਿਵਾਰ ਤਬਾਹ ਹੋ ਗਏ ਪਰ ਚਾਰ ਦਹਾਕਿਆਂ ਬਾਅਦ ਵੀ ਦੋਸ਼ੀਆਂ ਨੂੰ ਪੂਰੀ ਤਰ੍ਹਾਂ ਨਿਆਂ ਦੇ ਕਟਹਿਰੇ 'ਚ ਲਿਆਉਣ ਵਿੱਚ ਭਾਰਤੀ ਨਿਆਂ ਪ੍ਰਣਾਲੀ ਅਸਫ਼ਲ ਰਹੀ ਹੈ। ਜਿਸ ਕਾਰਨ ਇਨਸਾਫ਼ ਦੇ ਨਾਂ 'ਤੇ ਆਇਆ ਇਹ ਫੈਸਲਾ ਗੰਭੀਰ ਸਵਾਲ ਖੜੇ ਕਰਦਾ ਹੈ ਅਤੇ ਇਹ ਦਿਨ ਭਾਰਤੀ ਨਿਆਂ ਪ੍ਰਣਾਲੀ ਦੇ ਇਤਿਹਾਸ ਵਿੱਚ ਕਾਲੇ ਦਿਨ ਵੱਜੋਂ ਲਿਖਿਆ ਜਾਵੇਗਾ। ਬਾਪੂ ਤਰਸੇਮ ਸਿੰਘ ਜੀ ਨੇ ਇਸ ਫੈਸਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹੋਏ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਇਸ ਅਨਿਆਇ ਨੂੰ ਕਦੇ ਵੀ ਨਹੀਂ ਭੁੱਲਣਗੀਆਂ।

ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ

# ਦੋ ਦਿਨਾਂ ਸ਼ਤਾਬਦੀ ਸਮਾਗਮਾਂ ਦੀਆਂ ਤਿਆਰੀਆਂ ਅੰਤਿਮ ਛੋਹਾਂ 'ਤੇ

**ਚੌਕ ਮਹਿਤਾ,22 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮਹਾਂਰਾਸ਼ਟਰ ਸਰਕਾਰ ਵੱਲੋਂ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਸਰਪ੍ਰਸਤ ਸ਼ਤਾਬਦੀ ਸਮਾਗਮ ਪ੍ਰਬੰਧਕ ਕਮੇਟੀ ਤੇ ਤਖਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਦੀ ਅਗਵਾਈ ਹੇਠ ਪੂਰੇ ਉਤਸ਼ਾਹ ਪੂਰਵਕ ਮਨਾਈ ਜਾ ਰਹੀ ਹੈ।ਇਸ ਸ਼ਹੀਦੀ ਸਮਾਪਤੀ ਨੂੰ ਸਮਰਪਿਤ 24 ਤੇ 25 ਜਨਵਰੀ ਨੂੰ ਤਖਤ ਸ਼੍ਰੀ ਹਜ਼ੂਰ ਸਾਹਿਬ ਨੰਦੇੜ ਵਿਖੇ ਰਾਜ ਪੱਧਰ ਦੋ ਦਿਨਾਂ ਸ਼ਤਾਬਦੀ ਸਮਾਗਮ ਰੱਖੇ ਗਏ ਹਨ,ਜਿਸ ਦੀਆਂ ਤਿਆਰੀਆਂ ਲਗਾਤਾਰ ਜਾਰੀ ਹਨ ਤੇ ਦੇਸ਼ ਵਿਦੇਸ਼ ਤੋਂ ਲੱਖਾਂ ਦੀ ਗਿਣਤੀ 'ਚ ਪੁੱਜ ਰਹੀਆਂ ਸੰਗਤਾਂ ਲਈ ਲੋੜੀਂਦੇ ਹਰ ਤਰ੍ਹਾਂ ਦੇ ਪ੍ਰਬੰਧ ਕੀਤੇ ਜਾ ਰਹੇ ਹਨ ।



ਨਾਂਦੇੜ ਵਿਖੇ ਮੋਦੀ ਗਰਾਊਂ ਡ'ਚ ਰੱਖੇ ਗਏ ਸ਼ਤਾਬਦੀ ਸਮਾਗਮਾਂ ਲਈ ਬਹੁਤ ਹੀ ਵਿਸ਼ਾਲ ਪੰਡਾਲ ਤਿਆਰ ਕੀਤੇ ਜਾ ਚੁੱਕੇ ਹਨ ,ਜਿਸ ਵਿੱਚ ਸੰਗਤਾਂ ਆਰਾਮ ਨਾਲ ਬੈਠ ਸਕਣਗੀਆਂ।ਇਸਦੇ ਨਾਲ ਹੀ ਸਮਾਗਮਾਂ 'ਚ ਸ਼ਾਮਿਲ ਹੋਣ ਜਾ ਰਹੀਆਂ ਪ੍ਰਮੁੱਖ ਧਾਰਮਿਕ,ਰਾਜਨੀਤਿਕ ਤੇ ਸਮਾਜਿਕ ਸ਼ਖਸ਼ੀਅਤਾਂ ਲਈ ਵੀ ਖਾਸ ਪ੍ਰਬੰਧ ਕੀਤੇ ਗਏ ਹਨ।ਆਵਾਜਾਈ ਨੂੰ ਦੇਖਦੇ ਹੋਏ ਵਾਹਨਾਂ ਲਈ ਵੱਡੀ ਗਿਣਤੀ 'ਚ ਪਾਰਕਿੰਗ ਸਥਾਨ ਤੇ ਲੱਖਾਂ ਦੀ ਗਿਣਤੀ 'ਚ ਪੁੱਜ ਰਹੀਆਂ ਸੰਗਤਾਂ ਦੀ ਸੁੱਖ ਸੁਵਿਧਾ ਲਈ ਵੱਖ ਵੱਖ ਸਥਾਨਾਂ 'ਤੇ ਬਹੁਤ ਸਾਰੇ ਪਾਕਵਾਨ ਰੂਪੀ ਗੁਰੂ ਕੇ ਲੰਗਰ ਤੇ ਉਨ੍ਹਾਂ ਦੇ ਰਹਿਣ ਸਹਿਣ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ।ਜ਼ਿਕਰਯੋਗ ਹੈ ਕਿ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਤੇ ਜਥੇਦਾਰ ਬਾਬਾ ਕੁਲਵੰਤ ਸਿੰਘ ਦੀ ਬੇਨਤੀ ਨੂੰ ਸਵੀਕਾਰ ਕਰਦੇ ਹੋਏ ਸ੍ਰੀ ਹਜ਼ੂਰ ਸਾਹਿਬ ਆ ਰਹੀਆਂ ਸੰਗਤਾਂ ਦੀ ਯਾਤਰਾ ਨੂੰ ਹੋਰ ਸੌਖਾਲਾ ਕਰਦੇ ਹੋਏ ਸਰਕਾਰ ਵੱਲੋਂ ਅੰਮ੍ਰਿਤਸਰ,ਚੰਡੀਗੜ੍ਹ ਤੇ ਦਿੱਲੀ ਤੋਂ 6 ਸਪੈਸ਼ਲ ਟ੍ਰੇਨਾਂ ਚਲਾਈਆਂ ਜਾ ਰਹੀਆਂ ਹਨ।

### ਸੰਤ ਬਾਬਾ ਹਰਨਾਮ ਸਿੰਘ ਖਾਲਸਾ ਤੇ ਜਥੇਦਾਰ ਕੁਲਵੰਤ ਸਿੰਘ ਦੀ ਅਗਵਾਈ ਹੇਠ ਹੋ ਰਹੇ ਸਮਾਗਮਾਂ ਦੌਰਾਨ ਸੰਗਤਾਂ ਲਈ ਕੀਤੇ ਗਏ ਵਿਸ਼ਾਲ ਪ੍ਰਬੰਧ

ਇਸ ਮੌਕੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਤੇ ਜਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਨੇ ਮਹਾਂਰਾਸ਼ਟਰ ਸਰਕਾਰ ਵੱਲੋਂ ਸ਼ਤਾਬਦੀ ਸਮਾਗਮਾਂ ਲਈ ਦਿੱਤੇ ਜਾ ਰਹੇ ਵਿਸ਼ੇਸ਼ ਸਹਿਯੋਗ ਲਈ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਮਨੁੱਖਤਾ ਦੇ ਇਤਿਹਾਸ ਵਿੱਚ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹੀਦੀ ਨੂੰ ਇੱਕ ਅਦੁੱਤੀ ਸ਼ਹੀਦੀ ਵਜੋਂ ਪ੍ਰਵਾਨ ਕੀਤਾ ਜਾਂਦਾ ਹੈ,ਕਿਉਂਕਿ ਇਹ ਸ਼ਹਾਦਤ ਕੱਟੜਵਾਦੀ ਕਦਰਾਂ-ਕੀਮਤਾਂ ਨੂੰ ਨਜ਼ਰਅੰਦਾਜ਼ ਕਰਕੇ ਧਾਰਮਿਕ ਸੁਤੰਤਰਤਾ ਤੇ ਮਨੁੱਖੀ ਹੱਕਾਂ ਦੀ ਬਰਾਬਰੀ ਹਿੱਤ ਦਿੱਤੀ ਗਈ ਹੈ, ਜਿਸ ਦੀ ਮਿਸਾਲ ਦੁਨੀਆ ਦੇ ਇਤਿਹਾਸ ਵਿੱਚ ਨਾਂਹ ਦੇ ਬਰਾਬਰ ਹੀ ਮਿਲਦੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮਹਾਨ ਗੁਰੂ ਸਾਹਿਬ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮਨਾਉਣਾ ਸਿਰਫ ਸਿੱਖ ਕੌਮ ਦਾ ਹੀ ਨਹੀਂ , ਬਲਕਿ ਸਮੁੱਚੀ ਮਨੁੱਖਤਾ ਦਾ ਧਰਮ ਹੈ।ਇਸ ਲਈ ਸਾਨੂੰ ਸਭ ਨੂੰ ਅਜਿਹੇ ਇਤਿਹਾਸਕ ਸਮਾਗਮਾਂ 'ਚ ਸ਼ਾਮਿਲ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਨ ਦਾ ਸੁਭਾਗ ਮਿਲਣਾ ਸਾਡੇ ਲਈ ਬੇਹੱਦ ਮਾਣ ਵਾਲੀ ਗੱਲ ਹੈ। ਮੁੱਖ ਮੰਤਰੀ ਦੇਵੇਂਦਰ ਫੜਨਵੀਸ ਵੱਲੋਂ ਇੰਨ੍ਹਾਂ ਸ਼ਤਾਬਦੀ ਸਮਾਗਮਾਂ ਲਈ ਵਿਸ਼ੇਸ਼ ਕਮੇਟੀ ਦਾ ਗਠਿਨ ਕੀਤਾ ਗਿਆ ਹੈ,ਜਿਸ ਦੀ ਸਰਪ੍ਰਸਤੀ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਕੀਤੀ ਜਾ ਰਹੀ ਹੈ। ਇੰਨ੍ਹਾਂ ਹੀ ਸ਼ਤਾਬਦੀ ਸਮਾਗਮਾਂ ਦੀਆਂ ਤਿਆਰੀਆਂ ਨੂੰ ਲੈ ਕੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਪ੍ਰਧਾਨ ਸੰਤ ਸਮਾਜ ਤੇ ਤਖਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਸੰਤ ਗਿਆਨੀ ਕੁਲਵੰਤ ਸਿੰਘ ਦੀ ਅਗਵਾਈ ਹੇਠ ਵਿਸ਼ੇਸ਼ ਮੀਟਿੰਗ ਰੱਖੀ ਗਈ,ਜਿਸ ਵਿੱਚ ਸਮਾਗਮਾਂ ਦੇ ਪ੍ਰਬੰਧਾਂ ਦੀ ਰੂਪ ਰੇਖਾ ਉਲੀਕਣ ਸਬੰਧੀ ਜ਼ਰੂਰੀ ਵਿਚਾਰ ਵਿਟਾਂਦਰਾਂ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲ ਯੂਨੀਵਰਸਿਟੀ ਦੇ ਪਿਊਪਲ ਅਧਿਆਪਕਾਂ ਵੱਲੋਂ ਸਕੂਲੀ ਬੱਚਿਆਂ ਲਈ ਸਿਹਤ ਤੇ ਸਫ਼ਾਈ ਸੰਬੰਧੀ ਜਾਗਰੂਕਤਾ ਕੈਂਪ ਦਾ ਆਯੋਜਨ





ਤਲਵੰਡੀ ਸਾਬੋ, 22 ਜਨਵਰੀ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਦੇ ਸਿੱਖਿਆ ਵਿਭਾਗ ਵੱਲੋਂ ਅਕਾਲ ਅਕੈਡਮੀ ਦਮਦਮਾ ਸਾਹਿਬ ਵਿੱਚ ਸਿਹਤ ਅਤੇ ਸਫ਼ਾਈ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਬੀ.ਏ.ਬੀ.ਐਡ/ਬੀ.ਐਸ.ਸੀ.ਬੀ.ਐਡ ਸਮੈਸਟਰ ਛੇਵੀਂ ਦੇ ਪਿਊਪਲ ਅਧਿਆਪਕਾਂ ਨੇ ਸਕੂਲੀ ਬੱਚਿਆਂ ਨੂੰ ਸਿਹਤਮੰਦ ਜੀਵਨਸ਼ੈਲੀ ਅਤੇ ਸਾਫ਼-ਸੁਥਰੀਆਂ ਆਦਤਾਂ ਬਾਰੇ ਜਾਣੂ ਕਰਵਾਇਆ। ਕੈਂਪ ਦੌਰਾਨ ਸਿਹਤ ਅਤੇ ਸਫ਼ਾਈ ਸਬੰਧੀ ਜਾਣਕਾਰੀ ਸੈਸ਼ਨ ਕਰਵਾਇਆ ਗਿਆ, ਜਿਸ ਵਿੱਚ ਹੱਥ ਧੋਣ ਦਾ ਮਹੱਤਵ, ਨਿੱਜੀ ਸਫ਼ਾਈ, ਸੈਨੀਟੇਸ਼ਨ ਅਤੇ ਸਿਹਤਮੰਦ ਆਦਤਾਂ ਬਾਰੇ ਵਿਸਥਾਰ ਨਾਲ ਦੱਸਿਆ ਗਿਆ।ਇਸ ਮੌਕੇ ਵਿਦਿਆਰਥੀ ਕੇਂਦਰਿਤ ਅਤੇ ਰੁਚੀ ਅਧਾਰਿਤ ਗਤੀਵਿਧੀਆਂ ਜਿਵੇਂ ਬੀ.ਐਮ.ਆਈ ਗਣਨਾ, ਕੀਟਾਣੂਆਂ ਦੇ ਫੈਲਾਅ ਦੀ ਡੈਮੋ, ਸਿਹਤਮੰਦ ਦੰਦ, ਚੰਗੀਆਂ ਅਤੇ ਮਾੜੀਆਂ ਆਦਤਾ ਦੀ ਤੁਲਨਾ, ਸਿਹਤਮੰਦ ਖਾਣ-ਪੀਣ, ਕਲਾਸਰੂਮ ਕਲੀਨ ਡੈਸਕ ਚੈਲੰਜ, ਸਿਹਤਵਰਧਕ ਪਲੇਟ ਤਿਆਰ ਕਰਨਾ ਅਤੇ ਹੱਥ ਧੋਣ ਦੇ ਕਦਮਾਂ ਦੀ ਅਭਿਆਸ ਗਤੀਵਿਧੀ ਕਰਵਾਈ ਗਈ। ਇਸ ਕੈਂਪ ਨੂੰ ਸਕੂਲ ਦੇ ਪ੍ਰਿੰਸੀਪਲ, ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਭਰਪੂਰ ਸਹਿਯੋਗ ਮਿਲਿਆ।ਕੈਂਪ ਰਾਹੀਂ ਵਿਦਿਆਰਥੀਆਂ ਵਿੱਚ ਸਫ਼ਾਈ, ਸੰਤੁਲਿਤ ਆਹਾਰ ਅਤੇ ਸਿਹਤਮੰਦ ਗਤੀਵਿਧੀਆਂ ਦੀ ਮਹੱਤਤਾ ਬਾਰੇ ਜਾਗਰੂਕਤਾ ਵਧੀ, ਜੋ ਉਨ੍ਹਾਂ ਦੇ ਬਹੁਪੱਖੀ ਵਿਕਾਸ ਲਈ ਲਾਭਕਾਰੀ ਸਾਬਤ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਕਮੇਟੀ ਪ੍ਰਬੰਧਕ ਸੱਜਣ ਕੁਮਾਰ ਦੇ ਮਾਮਲੇ ਦੀ ਪੈਰਵਾਈ ਕਰਣ ਵਿਚ ਹੋਏ ਨਾਕਾਮਯਾਬ, ਜਿਸ ਕਰਕੇ ਸੱਜਣ ਕੁਮਾਰ ਹੋਇਆ ਬਰੀ: ਸਰਨਾ

ਨਵੀਂ ਦਿੱਲੀ 22 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਵਿਖ਼ੇ ਹੋਏ ਨਵੰਬਰ 1984 ਦੇ ਸਿੱਖ ਕਤਲੇਆਮ ਵਿਚ ਨਾਮਜਦ ਮੁੱਖ ਦੋਸ਼ੀ ਸੱਜਣ ਕੁਮਾਰ ਨੂੰ ਅਦਾਲਤ ਵਲੋਂ ਇਕ ਮਾਮਲੇ ਵਿਚ ਬਰੀ ਕਰ ਦਿੱਤਾ ਗਿਆ ਹੈ । ਇਸ ਮਾਮਲੇ ਤੇ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਅਤੇ ਦਿੱਲੀ ਗੁਰਦੁਆਰਾ ਕਮੇਟੀ ਦੇ ਸਾਬਕਾ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਅਦਾਲਤ ਵਲੋਂ ਦਿੱਤਾ ਗਿਆ ਫ਼ੈਸਲਾ ਕਤਲੇਆਮ ਪੀੜੀਤਾਂ ਨਾਲ ਵਡੀ ਬੇਇਨਸਾਫੀ ਹੈ ਜਦਕਿ ਗਵਾਹ ਵਾਰ ਵਾਰ ਆਪਣੇ ਬਿਆਨ ਦਰਜ਼ ਕਰਵਾਉਣ ਲਈ ਕਹਿੰਦੇ ਰਹੇ ਪਰ ਉਨ੍ਹਾਂ ਦੇ ਬਿਆਨ ਰਿਕਾਰਡ ਨਹੀਂ ਕੀਤੇ ਗਏ ਤੇ ਇੰਨਸਾਫ ਦੀ ਉਡੀਕ ਵਿਚ ਓਹ ਅਕਾਲ ਚਲਾਣਾ ਕਰ ਗਏ ।ਉਨ੍ਹਾਂ ਇਸ ਮਾਮਲੇ ਤੇ ਦਿੱਲੀ ਕਮੇਟੀ ਦੇ ਮੌਜੂਦਾ ਪ੍ਰਬੰਧਕਾਂ ਨੂੰ ਘੇਰਦਿਆਂ ਕਿਹਾ ਕਿ ਇਹ ਫ਼ੈਸਲਾ ਉਨ੍ਹਾਂ ਦੀ ਨਾਕਾਮਯਾਬੀ ਨੂੰ ਉਜਾਗਰ ਕਰਦੀ ਹੈ ਕਿ ਓਹ ਮਾਮਲੇ ਦੀ ਪੈਰਵਾਈ ਕਰਣ ਵਿਚ ਫੇਲ ਸਾਬਿਤ ਹੋਏ ਹਨ ਭਾਵੇਂ ਓਹ ਲੱਖ ਵਾਰ ਬਿਆਨ ਜਾਰੀ ਕਰੀ ਜਾਣ ਕਿ ਅਸੀਂ ਕਤਲੇਆਮ ਪੀੜੀਤਾਂ ਨੂੰ ਇੰਨਸਾਫ ਦਿਵਾਉਣ ਲਈ ਵਚਨਬੱਧ ਹਾਂ ।ਜ਼ੇਕਰ ਓਹ ਇਸ ਮਾਮਲੇ ਵਿਚ ਗੰਭੀਰ ਅਤੇ ਵਚਨਬੱਧ ਹੁੰਦੇ ਬਲਵਾਨ ਖੋਖਰ ਵਰਗੇ ਦਰਿੰਦੇ ਨੂੰ ਪੈਰੋਲ ਨਹੀਂ ਮਿਲ਼ ਸਕਦੀ ਸੀ ਤੇ ਅੱਜ ਸੱਜਣ ਕੁਮਾਰ ਬਰੀ ਨਹੀਂ ਹੋ ਸਕਦਾ ਸੀ ਜ਼ੇਕਰ ਇੰਨ੍ਹਾ ਵਲੋਂ ਸਮੇਂ ਸਿਰ ਗਵਾਹਾਂ ਨੂੰ ਸੰਭਾਲ ਕੇ ਉਨ੍ਹਾਂ ਨੂੰ ਅਦਾਲਤ ਅੰਦਰ ਪੇਸ਼ ਕਰਵਾਕੇ ਉਨ੍ਹਾਂ ਦੇ ਬਿਆਨ ਰਿਕਾਰਡ ਕਰਵਾਏ ਜਾਂਦੇ ।ਪਰ ਓਹ ਤਾਂ ਸਭ ਕੁਝ ਬਰਬਾਦ ਕਰਣ ਤੇ ਲੱਗੇ ਹੋਏ ਹਨ ਪਹਿਲਾਂ ਸਕੂਲ ਕਾਲਜ ਦੇ ਹਾਲਾਤ ਬਦਤਰ ਬਣਾ ਦਿੱਤੇ ਉਪਰੰਤ ਉਨ੍ਹਾਂ ਤੇ ਭਾਰੀ ਕਰਜਾ ਚੜ੍ਹ ਗਿਆ ਜਿਸ ਨੂੰ ਦੇਖਦਿਆਂ ਅਦਾਲਤ ਕਮੇਟੀ ਦੇ ਸਰਮਾਇ ਦੀ ਕੀਮਤਾਂ ਲਗਵਾਉਣ ਦੇ ਆਦੇਸ਼ ਜਾਰੀ ਕਰ ਰਹੀ ਹੈ, ਕਮੇਟੀ ਪ੍ਰਬੰਧਕਾਂ ਵਲੋਂ ਬੰਦੀ ਸਿੰਘਾਂ ਦੇ ਮਾਮਲੇ ਨੂੰ ਸੁਲਝਾਉਣ ਦਾ ਕੌਈ ਜਤਨ ਨਹੀਂ ਕੀਤਾ ਗਿਆ ਭਾਵੇਂ ਓਹ ਤੇ ਉਨ੍ਹਾਂ ਦੇ ਬਾਸ ਦੀ ਕੇਂਦਰ ਨਾਲ ਕਿਤਨੀ ਵੀ ਗੂੜੀ ਸਾਂਝ ਕਿਉਂ ਨਾ ਹੋਏ ਓਹ ਪੰਥ ਦਾ ਇਕ ਵੀ ਕੰਮ ਨਹੀਂ ਕਰ ਅਤੇ ਕਰਵਾ ਸਕੇ ਹਨ ।ਅੰਤ ਵਿਚ ਉਨ੍ਹਾਂ ਕਿਹਾ ਪੰਥ ਲਈ ਇਸਤੋਂ ਵੱਧ ਸ਼ਰਮਿੰਦਗੀ ਵਾਲੀ ਗੱਲ ਹੋਰ ਕੀ ਹੋਵੇਗੀ ਕਿ ਕਮੇਟੀ ਦੀ ਵਾਗਡੋਰ ਨਾਕਾਬਿਲ ਇਨਸਾਨਾਂ ਦੇ ਹੱਥ ਵਿਚ ਹੈ ਤੇ ਇਹ ਸਭ ਕੁਝ ਖ਼ਤਮ ਕਰਨ ਤੇ ਲੱਗੇ ਹੋਏ ਹਨ ।



ਆਵਾਜ਼ਿ ਕੌਮ AWAZE QAUM International Newspaper & WEB TV

## ਸੱਜਣ ਕੁਮਾਰ ਨੂੰ ਬਰੀ ਕਰਣ ਦਾ ਫ਼ੈਸਲਾ ਸੰਵਿਧਾਨ ਦੀਆਂ ਸੋਹਾਂ ਚੁੱਕਣਵਾਲੇ ਸਿੱਖਾਂ ਉਪਰ ਕਰਾਰੀ ਚਪੇੜ: ਪਰਮਜੀਤ ਸਿੰਘ ਵੀਰਜੀ

ਨਵੀਂ ਦਿੱਲੀ 22 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਕਤਲੇਆਮ ਨਾਲ ਸੰਬੰਧਿਤ ਇਕ ਮਾਮਲੇ ਵਿਚ ਅਦਾਲਤ ਵਲੋਂ ਸੱਜਣ ਕੁਮਾਰ ਨੂੰ ਬਰੀ ਕਰਣਾ ਕਰੀਬ 41 ਸਾਲਾਂ ਤੋਂ ਇਨਸਾਫ਼ ਦੀ ਆਸ ਲਗਾਈ ਬੈਠੇ ਪੀੜਤ ਪਰਿਵਾਰਾਂ ਨਾਲ ਘੋਰ ਬੇਇਨਸਾਫ਼ੀ ਹੈ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰ ਜੀ ਨੇ ਕਿਹਾ ਇਸ ਮਾਮਲੇ ਵਿਚ 17 ਸਾਲ ਦੇ ਗੁਰਚਰਨ ਸਿੰਘ ਨੂੰ ਜਲਾਇਆ ਗਿਆ ਸੀ ਤੇ ਓਹ ਤਕਰੀਬਨ 24 ਸਾਲ ਬਿਸਤਰੇ ਉਪਰ ਰਿਹਾ ਤੇ ਵਾਰ ਵਾਰ ਕਹਿੰਦਾ ਰਿਹਾ ਕਿ ਮੌਕੇ ਵਾਰਦਾਤ ਉਪਰ ਸੱਜਣ ਕੁਮਾਰ ਭੀੜ ਦੀ ਅਗਵਾਈ ਕਰ ਰਿਹਾ ਸੀ ਪਰ ਓਸਦਾ ਬਿਆਨ ਰਿਕਾਰਡ ਨਹੀਂ ਕੀਤਾ ਗਿਆ ਤੇ ਓਹ 2008 ਵਿਚ ਇੰਨਸਾਫ ਦੀ ਉਡੀਕ ਕਰਦਾ ਸੰਸਾਰ ਤੋਂ ਰੁਖ਼ਸਤ ਹੋ ਗਿਆ ।ਇਸੇ ਤਰੀਕੇ ਦੂਜੇ ਗਵਾਹ ਹਰਵਿੰਦਰ ਸਿੰਘ ਕੋਹਲ਼ੀ ਨਾਲ ਹੋਇਆ ਸੀ ।ਕੋਹਲ਼ੀ ਨੇ 2015 ਵਿਚ ਬਣੀ ਸੀਟ ਨੂੰ ਬਿਆਨ ਤੇ ਦਿੱਤਾ ਪਰ ਜਦੋ ਤਕ ਕਾਰਵਾਈ ਹੁੰਦੀ ਓਹ ਵੀ ਇੰਨਸਾਫ ਦੀ ਉਡੀਕ ਕਰਦਾ ਦੁਨੀਆਂ ਤੋਂ ਰੁਖ਼ਸਤ ਹੋ ਗਿਆ ਸੀ ।ਵੀਰ ਜੀ ਨੇ ਇਸ ਮਾਮਲੇ ਤੇ ਕਿਹਾ ਕਿ ਅਸੀਂ ਕੁਝ ਸਮਾਂ ਪਹਿਲਾਂ ਹੀ ਕਹਿ ਦਿੱਤਾ ਸੀ ਕਿ ਮੌਜੂਦਾ ਦਿੱਲੀ ਕਮੇਟੀ ਪ੍ਰਬੰਧਕਾਂ ਵਲੋਂ ਸਿੱਖ ਕਤਲੇਆਮ ਨਾਲ ਸੰਬੰਧਿਤ ਕੇਸਾਂ ਦੇ ਮਾਮਲੇ ਵਿਚ ਕੀਤੀ ਜਾ ਰਹੀ ਢਿਲਮਠ ਸੱਜਣ ਕੁਮਾਰ ਅਤੇ ਹੋਰਾਂ ਦੇ ਬਾਹਰ ਆਣ ਦਾ ਰਾਹ ਪੱਧਰਾ ਕਰਨਗੀਆਂ ਤੇ ਇਹ ਗੱਲ ਸੱਚ ਸਾਬਿਤ ਹੋ ਗਈ ਹੈ ।ਪਹਿਲਾਂ ਬਲਵਾਨ ਖੋਖਰ ਨੂੰ 21 ਦਿਨ ਦੀ ਪੈਰੋਲ ਮਿਲਣੀ ਉਪਰੰਤ ਸੱਜਣ ਕੁਮਾਰ ਨੂੰ ਅਦਾਲਤ ਵਲੋਂ ਬਰੀ ਕਰਣਾ ਕਮੇਟੀ ਦੀ ਨਾਕਾਮਯਾਬ ਕਾਰਗੁਜਾਰੀ ਜ਼ਾਹਿਰ ਕਰ ਰਹੀ ਹੈ ।ਇਸਦੇ ਨਾਲ ਹੀ ਸਿੱਖਾਂ ਨੂੰ ਵੀ ਸੋਚਣ ਲਈ ਮਜਬੂਰ ਹੋਣਾ ਪੈ ਰਿਹਾ ਹੈ ਕਿ ਜੋ ਸਵਿੰਧਾਨ ਦੀਆਂ ਸੋਹਾਂ ਚੱਕ ਚੱਕ ਸਿੱਖ ਪੰਥ ਦੇ ਮਸਲੇ ਹੱਲ ਕਰਵਾਉਣ ਦੇ ਵੱਡੇ ਵੱਡੇ ਐਲਾਨ ਕਰਦੇ ਸਨ ਇਹ ਫ਼ੈਸਲਾ ਉਨ੍ਹਾਂ ਦੇ ਮੂੰਹ ਤੇ ਕਰਾਰੀ ਚਪੇੜ ਹੈ ।ਇਥੇ ਦਸਣਯੋਗ ਹੈ ਕਿ ਸਰਦਾਰ ਪਰਮਜੀਤ ਸਿੰਘ ਵੀਰ ਜੀ ਵੀ ਸਿੱਖ ਕਤਲੇਆਮ ਨਾਲ ਪੀੜਿਤ ਹਨ ਤੇ ਇਸੇ ਕਤਲੇਆਮ ਵਿਚ ਉਨ੍ਹਾਂ ਦਾ ਭਰਾਤਾ ਵੀ ਸ਼ਹੀਦ ਹੋ ਗਿਆ ਸੀ ।



ਆਵਾਜ਼ਿ ਕੌਮ AWAZE QAUM International Newspaper & WEB TV

## ਦਿੱਲੀ ਕਮੇਟੀ ਦੇ ਮੌਜੂਦਾ ਪ੍ਰਬੰਧਕਾਂ ਵਲੋਂ ਸੱਜਣ ਕੁਮਾਰ ਦੇ ਮਾਮਲੇ ਦੀ ਪੈਰਵਾਈ ਵਿਚ ਇੰਨਸਾਫ ਨਹੀਂ ਕਰਣ ਕਰਕੇ ਸੱਜਣ ਹੋਇਆ ਬਰੀ: ਜੀਕੇ ਜਗਦੀਸ਼ ਟਾਈਟਲਰ ਨੂੰ ਹਰ ਹਾਲਾਤ ਵਿਚ ਕਰਵਾਵਾਂਗੇ ਸਜ਼ਾ

ਨਵੀਂ ਦਿੱਲੀ 22 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਗੁਰਦੁਆਰਾ ਕਮੇਟੀ ਦੇ ਸਾਬਕਾ ਪ੍ਰਧਾਨ ਸਰਦਾਰ ਮਨਜੀਤ ਸਿੰਘ ਜੀਕੇ ਨੇ ਅਦਾਲਤ ਵਲੋਂ ਸਿੱਖ ਕਤਲੇਆਮ ਦੇ ਦੋਸ਼ੀ ਸੱਜਣ ਕੁਮਾਰ ਨੂੰ ਬਰੀ ਕੀਤੇ ਜਾਣ ਨੂੰ ਨਿਰਾਸ਼ਾਜਨਕ ਫ਼ੈਸਲਾ ਕਿਹਾ ਹੈ ।ਉਨ੍ਹਾਂ ਕਿਹਾ ਕਿ ਓਸ ਸਮੇਂ ਓਹ ਮੰਜਰ ਸੀ ਕਿ ਸਿੱਖਾਂ ਦੀਆਂ ਲਾਸ਼ਾ ਸੜਕਾਂ ਤੇ ਰੁਲ ਰਹੀਆਂ ਸਨ ਤੇ ਸਾਡੀਆਂ ਭੈਣਾਂ ਮਾਤਾਵਾ ਵੀਰ ਫਰਨੀਚਰ ਤੋੜ ਤੋੜ ਕੇ ਲੱਕੜਾ ਕੱਠੇ ਕਰਕੇ ਆਪਣੇ ਪਰਿਵਾਰਿਕ ਜੀਆਂ ਦਾ ਸਸਕਾਰ ਕਰ ਰਹੇ ਸਨ ਤੇ ਇਸ ਵਿਚ ਵੀ ਉਨ੍ਹਾਂ ਨੂੰ ਰੋਕਿਆ ਜਾਂਦਾ ਸੀ ।ਉਨ੍ਹਾਂ ਕਿਹਾ ਜਦੋ ਅਸੀਂ ਕਮੇਟੀ ਦੀ ਵਾਗਡੋਰ ਸੰਭਾਲੀ ਸੀ ਤਦ ਸਾਡੇ ਵਲੋਂ ਕੀਤੀ ਗਈ ਲੱਕਤੋੜ ਮਿਹਨਤ ਸਦਕਾ ਅੱਜ ਸੱਜਣ ਕੁਮਾਰ ਜੇਲ੍ਹ ਅੰਦਰ ਬੰਦ ਹੈ ਤੇ ਓਸਨੂੰ ਇਸ ਮਾਮਲੇ ਵਿਚ ਵੀ ਸਜ਼ਾ ਹੋਣੀ ਨਿਸ਼ਚਿਤ ਸੀ ਪਰ ਦਿੱਲੀ ਕਮੇਟੀ ਦੇ ਮੌਜੂਦਾ ਪ੍ਰਬੰਧਕਾਂ ਵਲੋਂ ਮਾਮਲੇ ਦੀ ਪੈਰਵਾਈ ਵਿਚ ਇੰਨਸਾਫ ਨਹੀਂ ਕਰਣ ਕਰਕੇ ਇਸ ਮਾਮਲੇ ਵਿਚ ਪਹਿਲਾਂ ਉਸ ਉਪਰੋ ਧਾਰਾ 302 ਹਟਾਈ ਗਈ ਉਪਰੰਤ ਧਾਰਾ 308 ਵੀ ਹਟਾ ਦਿੱਤੀ ਗਈ ਜਿਸ ਕਰਕੇ ਅੱਜ ਸੱਜਣ ਕੁਮਾਰ ਬਰੀ ਹੋ ਗਿਆ ਹੈ । ਉਨ੍ਹਾਂ ਕਿਹਾ ਇਸੇ ਤਰ੍ਹਾਂ ਜਗਦੀਸ਼ ਟਾਈਟਲਰ ਨੂੰ ਅਸੀਂ ਅਦਾਲਤ ਅੰਦਰ ਘੜੀਸਿਆ ਹੋਇਆ ਹੈ ਤੇ ਓਸ ਨੂੰ ਹਰ ਹਾਲਾਤ ਵਿਚ ਜੇਲ੍ਹ ਦੀ ਕਾਲ ਕੋਠੜੀ ਵਿਚ ਡੱਕਵਾ ਕੇ ਰਹਾਂਗੇ ।ਉਨ੍ਹਾਂ ਦੁੱਖੀ ਲਹਿਜੇ ਵਿਚ ਕਿਹਾ ਕਿ ਅਦਾਲਤ ਅੰਦਰ ਟਾਈਟਲਰ ਦੇ ਮਾਮਲੇ ਦੇ ਇਕ ਟ੍ਰਾਇਲ ਵਿਚ ਜਿਨ੍ਹਾਂ ਜਾਣਬੁਝ ਕੇ ਹੰਗਾਮਾ ਕੀਤਾ, ਤੇ ਓਸ ਦੀ ਜਮਾਨਤ ਦਾ ਰਾਹ ਪੱਧਰਾ ਕੀਤਾ ਇਸ ਨਾਲ ਸਾਬਿਤ ਹੋਇਆ ਕਿ ਉਨ੍ਹਾਂ ਦੇ ਤਾਰ ਵੀ ਇੰਨ੍ਹਾ ਦੋਸ਼ੀਆਂ ਨਾਲ ਮਿਲੇ ਹੋਏ ਹਨ ।



ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਸਿਕੰਦਰ ਸਿੰਘ ਵਰਾਣਾ ਵੱਲੋਂ

# ਹਰਿਆਣਾ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਵਲੋਂ ਹਰਿਆਣਾ ਵਿੱਚ ਧਰਮ ਪ੍ਰਚਾਰ ਦੀ ਚਲ ਰਹੀ ਲਹਿਰ ਚ ਖੜੋਤ ਲਿਆਉਣ ਦੇ ਰੋਸ ਵਜੋਂ ਅਸਤੀਫਾ


Date 22-1-2026

ਅਸਤੀਫ਼ਾ

ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਕੁਰੂਕਸ਼ੇਤਰ

ਵਿਸ਼ਾ: ਹਰਿਆਣਾ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਵਲੋਂ ਹਰਿਆਣਾ ਵਿੱਚ ਧਰਮ ਪ੍ਰਚਾਰ ਦੀ ਚਲ ਰਹੀ ਲਹਿਰ ਚ ਖੜੋਤ ਲਿਆਉਣ ਦੇ ਰੋਸ ਵਜੋਂ ਅਸਤੀਫਾ

ਸ੍ਰੀ ਮਾਨ ਜੀ

ਦਾਸ ਸਿਕੰਦਰ ਸਿੰਘ ਪੁੱਤਰ ਸ.ਕਰਨੈਲ ਸਿੰਘ ਵਾਸੀ ਪਿੰਡ ਵਰਾਣਾ ਤਹਿਸੀਲ ਅਤੇ ਜਿਲਾ ਤਰਨਤਾਰਨ ਦਾ ਨਿਵਾਸੀ ਅਤੇ ਸਿੱਖ ਸੰਘਰਸ਼ ਦੇ ਸ਼ਹੀਦ ਪਰਿਵਾਰ ਵਿੱਚੋਂ ਹੈ ਦਾਸ ਨੇ ਧਰਮ ਖਾਤਰ ਜੇਲ ਦੀ ਨਜ਼ਰਬੰਦੀ ਵੀ ਕੱਟੀ ਹੈ ਦਾਸ ਦੇ ਪਿਤਾ ਅਤੇ ਤਾਏ ਦੇ ਪੁੱਤ ਭਰਾ ਨੂੰ ਸਿੱਖ ਸੰਘਰਸ਼ ਦੌਰਾਨ ਤਸ਼ੱਦਦ ਕਰਕੇ ਸ਼ਹੀਦ ਕਰ ਦਿੱਤਾ ਗਿਆ ਸੀ ਅਤੇ ਦਾਸ ਨੇ 17 ਸਾਲ ਦੇਸ਼ ਦੀਆਂ ਸਰਹੱਦਾਂ ਉੱਪਰ ਭਾਰਤੀ ਫੌਜ ਵਿੱਚ ਸੇਵਾ ਵੀ ਨਿਭਾਈ ਹੈ ਪੰਥਕ ਕੁਰਬਾਨੀ ਨੂੰ ਵੇਖਦੇ ਹੋਏ ਦਾਸ ਨੂੰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫਤਰ ਪੱਤਰ ਨੰ 324/ਅ ਮਿਤੀ 21-05-2024 ਰਾਹੀ ਆਨਰੇਰੀ ਇੰਚਾਰਜ ਸਬ ਦਫਤਰ ਧਰਮ ਪ੍ਰਚਾਰ ਨਾਢਾ ਸਾਹਿਬ ਪੰਚਕੁਲਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਉਸ ਵੇਲੇ ਦੇ ਪ੍ਰਧਾਨ ਸਤਿਕਾਰਯੋਗ ਜਥੇਦਾਰ ਭੁਪਿੰਦਰ ਸਿੰਘ ਅਸੰਧ ਵਲੋਂ ਨਿਯੁਕਤ ਕੀਤਾ ਗਿਆ ਸੀ। ਉਸ ਦਿਨ ਤੋਂ ਲੈ ਕੇ ਤੁਹਾਡੇ ਪ੍ਰਧਾਨ ਬਣਨ ਤੱਕ ਸਤਿਕਾਰਯੋਗ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਦੀ ਅਗਵਾਈ ਵਿੱਚ ਧਰਮ ਪ੍ਰਚਾਰ ਦੀ ਪੂਰੀ ਟੀਮ ਨਾਲ ਹਰਿਆਣੇ ਚ ਹੀ ਨਹੀਂ ਸਗੋਂ ਪੰਜਾਬ,ਜੰਮੂ ਕਸ਼ਮੀਰ,ਹਿਮਾਚਲ,ਚੰਡੀਗੜ੍ਹ ਦੇ ਸੈਂਕੜੇ ਪਿੰਡਾਂ ਸ਼ਹਿਰਾਂ ਤੱਕ ਜਿਸ ਦੀ ਲਿਸਟ ਮੇਰੇ ਕੋਲ ਮੌਜੂਦ ਹੈ ਧਰਮ ਪ੍ਰਚਾਰ ਦੀ ਲਹਿਰ ਚਲਾਈ ਗਈ ਕਥਾ ਕੀਰਤਨ ਦੇ ਨਾਲ ਅੰਮ੍ਰਿਤ ਸੰਚਾਰ ਕੀਤੇ ਗਏ ਇਹ ਸਭ ਕੁੱਝ ਤਾਂ ਹੋ ਸਕਿਆ ਜਦੋ ਢਾਡੀਆਂ,ਪ੍ਰਚਾਰਕਾਂ ਨੂੰ ਯੋਗ ਸਹੂਲਤਾਂ ਦਿੱਤੀਆਂ ਗਈਆਂ ਸਨ ਅਤੇ ਜਥੇਦਾਰ ਦਾਦੂਵਾਲ ਜੀ ਜੋ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਹਨ ਅਤੇ ਜਿਨ੍ਹਾਂ ਦੁਨੀਆਂ ਦੇ 20-25 ਦੇਸ਼ਾਂ ਵਿੱਚ ਸਿੱਖ ਸੰਗਤਾਂ ਦੇ ਸੱਦੇ ਉੱਪਰ ਜਾ ਕੇ ਧਰਮ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਕੀਤਾ ਜਿਨਾਂ ਨੂੰ ਦੁਨੀਆਂ ਭਰ ਤੋਂ ਵੱਡੇ ਮਾਨ ਸਨਮਾਨ ਦੇ ਕੇ ਸਨਮਾਨਿਤ ਕੀਤਾ ਗਿਆ ਉਨਾਂ ਦੀ ਸੁਚੱਜੀ ਅਗਵਾਈ ਹਰਿਆਣਾ ਕਮੇਟੀ ਦੀ ਇਸ ਧਰਮ ਪ੍ਰਚਾਰ ਲਹਿਰ ਨੂੰ ਸੀ ਪਰ ਆਪ ਵਲੋਂ ਪ੍ਰਧਾਨਗੀ ਪਦ ਸੰਭਾਲਦਿਆ ਹੀ ਸਭ ਤੋਂ ਪਹਿਲਾਂ ਧਰਮ ਪ੍ਰਚਾਰ ਦੇ ਸਾਧਨਾਂ ਨੂੰ ਧਰਮ ਪ੍ਰਚਾਰ ਦਫ਼ਤਰਾਂ ਕੋਲੋਂ ਖੋਹਿਆ ਗਿਆ ਤੇ ਆਪਣੇ ਨਿੱਜੀ ਵਰਤੋਂ ਅਤੇ ਆਪਣੇ ਚਹੇਤੇ ਮੈਂਬਰਾਂ ਨੂੰ ਉਹ ਗੱਡੀਆਂ ਦੇ ਦਿੱਤੀਆਂ ਗਈਆਂ ਜੋ ਧਰਮ ਪ੍ਰਚਾਰ ਲਈ ਵਰਤੀਆਂ ਜਾਂਦੀਆ ਸਨ ਧਰਮ ਪ੍ਰਚਾਰ ਦੇ ਜਥਿਆਂ ਪੰਜਾਬੀ ਅਧਿਆਪਕਾਂ ਅਤੇ ਜਿੰਮੇਵਾਰ ਵਿਅਕਤੀਆਂ ਨੂੰ ਧਰਮ ਪ੍ਰਚਾਰ ਤੋਂ ਰੋਕਣਾ ਸ਼ੁਰੂ ਕਰ ਦਿੱਤਾ ਜਿਸ ਕਾਰਨ ਪੰਜਾਹ ਤੋਂ ਵੱਧ ਆਪਣੀ ਨੌਕਰੀ ਛੱਡ ਗਏ ਹਨ ਤਿੰਨੇ ਸਬ-ਦਫਤਰ ਜੋ ਧਰਮ ਪ੍ਰਚਾਰ ਚੇਅਰਮੈਨ ਜਥੇਦਾਰ ਦਾਦੂਵਾਲ ਜੀ ਨੇ ਪ੍ਰਧਾਨ ਜਥੇਦਾਰ ਅਸੰਧ ਜੀ ਕੋਲੋਂ ਖੁਲਵਾਏ ਸਨ ਉਹ ਹੁਣ ਬੰਦ ਹੋਣ ਦੀ ਕਗਾਰ ਤੇ ਆਪ ਵਲੋਂ ਪਹੁੰਚਾ ਦਿੱਤੇ ਗਏ ਹਨ

ਆਪ ਵਲੋਂ ਕਮੇਟੀ ਦੇ ਮੁਢਲੇ ਕਾਰਜ ਧਰਮ ਪ੍ਰਚਾਰ ਵਲੋਂ ਅੱਖਾਂ ਬੰਦ ਕਰ ਲਈਆਂ ਗਈਆਂ ਹਨ ਅਤੇ ਸਿਰਫ ਜਥੇਦਾਰ ਦਾਦੂਵਾਲ ਜੀ ਦੇ ਖਿਲਾਫ ਝੂਠਾ ਭੰਡੀ ਪ੍ਰਚਾਰ ਕਰਨ ਨੂੰ ਹੀ ਧਰਮ ਪ੍ਰਚਾਰ ਸਮਝ ਲਿਆ ਗਿਆ ਹੈ ਜਦੋਂ ਕੇ ਸਿਧਾਂਤਕ ਸਿੱਖ ਸੰਗਤਾਂ ਅਤੇ ਕਮੇਟੀ ਮੁਲਾਜ਼ਮ ਜਥੇਦਾਰ ਦਾਦੂਵਾਲ ਜੀ ਦਾ ਬਹੁਤ ਅਦਬ ਸਤਿਕਾਰ ਕਰਦੇ ਹਨ ਜਿਥੇ ਆਪ ਵਲੋਂ ਬਾਰ ਬਾਰ ਸਿੱਖ ਸਿਧਾਤਾਂ ਦੇ ਉਲਟ ਝੂਠ ਬੋਲਿਆ ਜਾ ਰਿਹਾ ਹੈ ਉਥੇ ਝੂਠੀਆਂ ਅਰਦਾਸਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਨਮੁੱਖ ਕਰਕੇ ਸਿੱਖ ਮਰਿਯਾਦਾ ਤੋੜਣ ਦਾ ਅਪਰਾਧ ਵੀ ਆਪ ਵਲੋਂ ਕੀਤਾ ਜਾ ਰਿਹਾ ਹੈ ਇਨਾਂ ਹਾਲਾਤਾਂ ਵਿੱਚ ਹਰਿਆਣਾ ਕਮੇਟੀ ਵਿੱਚ ਕੰਮ ਕਰਨ ਲਈ ਮੈ ਘੁਟਣ ਮਹਿਸੂਸ ਕਰ ਰਿਹਾ ਹਾਂ ਇਸ ਲਈ ਮੈਂ ਆਪਣਾ ਅਸਤੀਫਾ ਭੇਜ ਰਿਹਾ ਹਾਂ ਕਿਰਪਾ ਕਰਕੇ ਮੇਰਾ ਅਸਤੀਫਾ ਮਨਜ਼ੂਰ ਕੀਤਾ ਜਾਵੇ ਧੰਨਵਾਦੀ ਹੋਵਾਂਗਾ

ਗੁਰੂ ਪੰਥ ਦਾ ਦਾਸ
ਇੱਕ ਨਿਮਾਣਾ ਸੇਵਾਦਾਰ
ਭਾਈ ਸਿਕੰਦਰ ਸਿੰਘ ਵਰਾਣਾ
9808400005

**ਅੱਜ ਭਾਈ ਸਿਕੰਦਰ ਸਿੰਘ ਵਰਾਣਾ ਵੱਲੋਂ ਹਰਿਆਣਾ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਵਲੋਂ ਹਰਿਆਣਾ ਵਿੱਚ ਧਰਮ ਪ੍ਰਚਾਰ ਦੀ ਚਲ ਰਹੀ ਲਹਿਰ ਚ ਖੜੋਤ ਲਿਆਉਣ ਦੇ ਰੋਸ ਵਜੋਂ ਅਸਤੀਫਾ ਦੇ ਦਿੱਤਾ ਗਿਆ ਹੈ, ਜਿਸ ਦੀ ਇੰਨ-ਬਿੰਨ ਕਾਪੀ ਅਸੀਂ ਆਪਣੇ ਪਾਠਕਾਂ ਲਈ ਇੱਥੇ ਪ੍ਰਕਾਸ਼ਤ ਕਰ ਰਹੇ ਹਾਂ :**

-------------

ਅਸਤੀਫ਼ਾ

ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਕੁਰੂਕਸ਼ੇਤਰ

ਵਿਸ਼ਾ: ਹਰਿਆਣਾ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਵਲੋਂ ਹਰਿਆਣਾ ਵਿੱਚ ਧਰਮ ਪ੍ਰਚਾਰ ਦੀ ਚਲ ਰਹੀ ਲਹਿਰ ਚ ਖੜੋਤ ਲਿਆਉਣ ਦੇ ਰੋਸ ਵਜੋਂ ਅਸਤੀਫਾ

ਸ੍ਰੀ ਮਾਨ ਜੀ

ਦਾਸ ਸਿਕੰਦਰ ਸਿੰਘ ਪੁੱਤਰ ਸ.ਕਰਨੈਲ ਸਿੰਘ ਵਾਸੀ ਪਿੰਡ ਵਰਾਣਾ ਤਹਿਸੀਲ ਅਤੇ ਜਿਲਾ ਤਰਨਤਾਰਨ ਦਾ ਨਿਵਾਸੀ ਅਤੇ ਸਿੱਖ ਸੰਘਰਸ਼ ਦੇ ਸ਼ਹੀਦ ਪਰਿਵਾਰ ਵਿੱਚੋਂ ਹੈ ਦਾਸ ਨੇ ਧਰਮ ਖਾਤਰ ਜੇਲ ਦੀ ਨਜ਼ਰਬੰਦੀ ਵੀ ਕੱਟੀ ਹੈ ਦਾਸ ਦੇ ਪਿਤਾ ਅਤੇ ਤਾਏ ਦੇ ਪੁੱਤ ਭਰਾ ਨੂੰ ਸਿੱਖ ਸੰਘਰਸ਼ ਦੌਰਾਨ ਤਸ਼ੱਦਦ ਕਰਕੇ ਸ਼ਹੀਦ ਕਰ ਦਿੱਤਾ ਗਿਆ ਸੀ ਅਤੇ ਦਾਸ ਨੇ 17 ਸਾਲ ਦੇਸ਼ ਦੀਆਂ ਸਰਹੱਦਾਂ ਉੱਪਰ ਭਾਰਤੀ ਫੌਜ ਵਿੱਚ ਸੇਵਾ ਵੀ ਨਿਭਾਈ ਹੈ ਪੰਥਕ ਕੁਰਬਾਨੀ ਨੂੰ ਵੇਖਦੇ ਹੋਏ ਦਾਸ ਨੂੰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫਤਰ ਪੱਤਰ ਨੰ 324/ਅ ਮਿਤੀ 21-05-2024 ਰਾਹੀ ਆਨਰੇਰੀ ਇੰਚਾਰਜ ਸਬ ਦਫਤਰ ਧਰਮ ਪ੍ਰਚਾਰ ਨਾਢਾ ਸਾਹਿਬ ਪੰਚਕੂਲਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਉਸ ਵੇਲੇ ਦੇ ਪ੍ਰਧਾਨ ਸਤਿਕਾਰਯੋਗ ਜਥੇਦਾਰ ਭੁਪਿੰਦਰ ਸਿੰਘ ਅਸੰਧ ਵਲੋਂ ਨਿਯੁਕਤ ਕੀਤਾ ਗਿਆ ਸੀ। ਉਸ ਦਿਨ ਤੋਂ ਲੈ ਕੇ ਤੁਹਾਡੇ ਪ੍ਰਧਾਨ ਬਣਨ ਤੱਕ ਸਤਿਕਾਰਯੋਗ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਦੀ ਅਗਵਾਈ ਵਿੱਚ ਧਰਮ ਪ੍ਰਚਾਰ ਦੀ ਪੂਰੀ ਟੀਮ ਨਾਲ ਹਰਿਆਣੇ ਚ ਹੀ ਨਹੀਂ ਸਗੋਂ ਪੰਜਾਬ,ਜੰਮੂ ਕਸ਼ਮੀਰ,ਹਿਮਾਚਲ,ਚੰਡੀਗੜ੍ਹ ਦੇ ਸੈਂਕੜੇ ਪਿੰਡਾਂ ਸ਼ਹਿਰਾਂ ਤੱਕ ਜਿਸ ਦੀ ਲਿਸਟ ਮੇਰੇ ਕੋਲ ਮੌਜੂਦ ਹੈ ਧਰਮ ਪ੍ਰਚਾਰ ਦੀ ਲਹਿਰ ਚਲਾਈ ਗਈ ਕਥਾ ਕੀਰਤਨ ਦੇ ਨਾਲ ਅੰਮ੍ਰਿਤ ਸੰਚਾਰ ਕੀਤੇ ਗਏ ਇਹ ਸਭ ਕੁੱਝ ਤਾਂ ਹੋ ਸਕਿਆ ਜਦੋ ਢਾਡੀਆਂ,ਪ੍ਰਚਾਰਕਾਂ ਨੂੰ ਯੋਗ ਸਹੂਲਤਾਂ ਦਿੱਤੀਆਂ ਗਈਆਂ ਸਨ ਅਤੇ ਜਥੇਦਾਰ ਦਾਦੂਵਾਲ ਜੀ ਜੋ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਹਨ ਅਤੇ ਜਿਨ੍ਹਾਂ ਦੁਨੀਆਂ ਦੇ 20-25 ਦੇਸ਼ਾਂ ਵਿੱਚ ਸਿੱਖ ਸੰਗਤਾਂ ਦੇ ਸੱਦੇ ਉੱਪਰ ਜਾ ਕੇ ਧਰਮ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਕੀਤਾ ਜਿਨਾਂ ਨੂੰ ਦੁਨੀਆਂ ਭਰ ਤੋਂ ਵੱਡੇ ਮਾਨ ਸਨਮਾਨ ਦੇ ਕੇ ਸਨਮਾਨਿਤ ਕੀਤਾ ਗਿਆ ਉਨਾਂ ਦੀ ਸੁਚੱਜੀ ਅਗਵਾਈ ਹਰਿਆਣਾ ਕਮੇਟੀ ਦੀ ਇਸ ਧਰਮ ਪ੍ਰਚਾਰ



ਲਹਿਰ ਨੂੰ ਸੀ ਪਰ ਆਪ ਵਲੋਂ ਪ੍ਰਧਾਨਗੀ ਪਦ ਸੰਭਾਲਦਿਆ ਹੀ ਸਭ ਤੋਂ ਪਹਿਲਾਂ ਧਰਮ ਪ੍ਰਚਾਰ ਦੇ ਸਾਧਨਾਂ ਨੂੰ ਧਰਮ ਪ੍ਰਚਾਰ ਦਫ਼ਤਰਾਂ ਕੋਲੋਂ ਖੋਹਿਆ ਗਿਆ ਤੇ ਆਪਣੇ ਨਿੱਜੀ ਵਰਤੋਂ ਅਤੇ ਆਪਣੇ ਚਹੇਤੇ ਮੈਂਬਰਾਂ ਨੂੰ ਉਹ ਗੱਡੀਆਂ ਦੇ ਦਿੱਤੀਆਂ ਗਈਆਂ ਜੋ ਧਰਮ ਪ੍ਰਚਾਰ ਲਈ ਵਰਤੀਆਂ ਜਾਂਦੀਆ ਸਨ ਧਰਮ ਪ੍ਰਚਾਰ ਦੇ ਜਥਿਆਂ ਪੰਜਾਬੀ ਅਧਿਆਪਕਾਂ ਅਤੇ ਜਿੰਮੇਵਾਰ ਵਿਅਕਤੀਆਂ ਨੂੰ ਧਰਮ ਪ੍ਰਚਾਰ ਤੋਂ ਰੋਕਣਾ ਸ਼ੁਰੂ ਕਰ ਦਿੱਤਾ ਜਿਸ ਕਾਰਨ ਪੰਜਾਹ ਤੋਂ ਵੱਧ ਆਪਣੀ ਨੌਕਰੀ ਛੱਡ ਗਏ ਹਨ ਤਿੰਨੇ ਸਬ-ਦਫਤਰ ਜੋ ਧਰਮ ਪ੍ਰਚਾਰ ਚੇਅਰਮੈਨ ਜਥੇਦਾਰ ਦਾਦੂਵਾਲ ਜੀ ਨੇ ਪ੍ਰਧਾਨ ਜਥੇਦਾਰ ਅਸੰਧ ਜੀ ਕੋਲੋਂ ਖੁਲਵਾਏ ਸਨ ਉਹ ਹੁਣ ਬੰਦ ਹੋਣ ਦੀ ਕਗਾਰ ਤੇ ਆਪ ਵਲੋਂ ਪਹੁੰਚਾ ਦਿੱਤੇ ਗਏ ਹਨ

ਆਪ ਵਲੋਂ ਕਮੇਟੀ ਦੇ ਮੁਢਲੇ ਕਾਰਜ ਧਰਮ ਪ੍ਰਚਾਰ ਵਲੋਂ ਅੱਖਾਂ ਬੰਦ ਕਰ ਲਈਆਂ ਗਈਆਂ ਹਨ ਅਤੇ ਸਿਰਫ ਜਥੇਦਾਰ ਦਾਦੂਵਾਲ ਜੀ ਦੇ ਖਿਲਾਫ ਝੂਠਾ ਭੰਡੀ ਪ੍ਰਚਾਰ ਕਰਨ ਨੂੰ ਹੀ ਧਰਮ ਪ੍ਰਚਾਰ ਸਮਝ ਲਿਆ ਗਿਆ ਹੈ ਜਦੋਂ ਕੇ ਸਿਧਾਂਤਕ ਸਿੱਖ ਸੰਗਤਾਂ ਅਤੇ ਕਮੇਟੀ ਮੁਲਾਜ਼ਮ ਜਥੇਦਾਰ ਦਾਦੂਵਾਲ ਜੀ ਦਾ ਬਹੁਤ ਅਦਬ ਸਤਿਕਾਰ ਕਰਦੇ ਹਨ ਜਿਥੇ ਆਪ ਵਲੋਂ ਬਾਰ ਬਾਰ ਸਿੱਖ ਸਿਧਾਤਾਂ ਦੇ ਉਲਟ ਝੂਠ ਬੋਲਿਆ ਜਾ ਰਿਹਾ ਹੈ ਉਥੇ ਝੂਠੀਆਂ ਅਰਦਾਸਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਨਮੁੱਖ ਕਰਕੇ ਸਿੱਖ ਮਰਿਯਾਦਾ ਤੋੜਣ ਦਾ ਅਪਰਾਧ ਵੀ ਆਪ ਵਲੋਂ ਕੀਤਾ ਜਾ ਰਿਹਾ ਹੈ ਇਨਾਂ ਹਾਲਾਤਾਂ ਵਿੱਚ ਹਰਿਆਣਾ ਕਮੇਟੀ ਵਿੱਚ ਕੰਮ ਕਰਨ ਲਈ ਮੈ ਘੁਟਣ ਮਹਿਸੂਸ ਕਰ ਰਿਹਾ ਹਾਂ ਇਸ ਲਈ ਮੈਂ ਆਪਣਾ ਅਸਤੀਫਾ ਭੇਜ ਰਿਹਾ ਹਾਂ ਕਿਰਪਾ ਕਰਕੇ ਮੇਰਾ ਅਸਤੀਫਾ ਮਨਜ਼ੂਰ ਕੀਤਾ ਜਾਵੇ ਧੰਨਵਾਦੀ ਹੋਵਾਂਗਾ

**ਗੁਰੂ ਪੰਥ ਦਾ ਦਾਸ**
**ਇੱਕ ਨਿਮਾਣਾ ਸੇਵਾਦਾਰ**
**ਭਾਈ ਸਿਕੰਦਰ ਸਿੰਘ ਵਰਾਣਾ**

ਆਵਾਜ਼ਿ ਕੌਮ AWAZE QAUM International Newspaper & WEB TV

# ਕੈਬਨਿਟ ਮੰਤਰੀ ਈ.ਟੀ.ਓ. ਨੇ ਜੰਡਿਆਲਾ ਗੁਰੂ ਵਿਖੇ ਸੁਵਿਧਾ ਕੇਂਦਰ ਦਾ ਕੀਤਾ ਉਦਘਾਟਨ




ਜੰਡਿਆਲਾ ਗੁਰੂ 22 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਸਰਕਾਰੀ ਸਹੂਲਤਾਂ ਉਨਾਂ ਦੇ ਘਰਾਂ ਦੇ ਨਜ਼ਦੀਕ ਹੀ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸੇ ਹੀ ਲੜੀ ਤਹਿਤ ਅੱਜ ਜੰਡਿਆਲਾ ਗੁਰੂ ਪੀ.ਐਸ.ਪੀ.ਸੀ.ਐਲ ਦੇ ਭਵਨ ਵਿੱਚ ਬਣੇ ਪੰਜਵੇਂ ਸੁਵਿਧਾ ਕੇਂਦਰ ਦਾ ਉਦਘਾਟਨ ਕਰਦਿਆਂ ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਬਿਜਲੀ ਖਪਤਕਾਰਾਂ ਨੂੰ ਸਹੂਲਤਾਂ ਦੇਣ ਲਈ ਸੂਬੇ ਭਰ ਵਿੱਚ ਵੱਖ-ਵੱਖ ਥਾਵਾਂ ਤੇ ਸੁਵਿਧਾ ਕੇਂਦਰ ਸਥਾਪਿਤ ਕੀਤੇ ਹੋਏ ਹਨ ਤਾਂ ਜੋ ਲੋਕਾਂ ਨੂੰ ਇਕੋ ਹੀ ਛੱਤ ਥੱਲੇ ਸਾਰੀਆਂ ਸਹੂਲਤਾਂ ਮਿਲ ਸਕਣ। ਸ: ਈ.ਟੀ.ਓ. ਨੇ ਦੱਸਿਆ ਕਿ ਇਸ ਸੁਵਿਧਾ ਕੇਂਦਰ ਦੇ ਬਣਨ ਨਾਲ 101258 ਬਿਜਲੀ ਖਪਤਕਾਰਾਂ ਨੂੰ ਸਿੱਧਾ ਲਾਭ ਮਿਲੇਗਾ ਅਤੇ ਉਹ ਇਸ ਸੁਵਿਧਾ ਕੇਂਦਰ ਵਿੱਚ ਬਿਜਲੀ ਦੇ ਬਹੁਤ ਸਾਰੇ ਕੰਮ ਜਿਵੇਂ ਕਿ ਨਵੇਂ ਕੁਨੈਕਸ਼ਨ ਜਾਰੀ ਕਰਨਾ, ਮੀਟਰਾਂ ਨੂੰ ਬਦਲੀ ਕਰਨਾ, ਲੋਡ ਵਧਾਉਣਾ ਆਦਿ ਹੋਰ ਕੰਮ ਹੋ ਸਕਣਗੇ। ਸ: ਈ.ਟੀ.ਓ. ਨੇ ਦੱਸਿਆ ਕਿ ਇਸ ਸੁਵਿਧਾ ਕੇਂਦਰ ਨੂੰ ਸਥਾਪਿਤ ਕਰਨ ਲਈ ਲਗਭਗ ਇਕ ਕਰੋੜ ਰੁਪਏ ਦੀ ਲਾਗਤ ਆਈ ਹੈ ਅਤੇ ਇਸ ਸੁਵਿਧਾ ਕੇਂਦਰ ਵਿੱਚ ਖਪਤਕਾਰਾਂ ਦੇ ਬੈਠਣ ਲਈ ਵਧੀਆ ਸਹੂਲਤਾਂ, ਏ.ਸੀ. ਹਾਲ, ਬਾਥਰੂਮ, ਪੀਣ ਵਾਲਾ ਸਾਫ਼ ਪਾਣੀ, ਆਦਿ ਸਹੂਲਤਾਂ ਵੀ ਮਿਲਣਗੀਆਂ। ਕੈਬਨਿਟ ਮੰਤਰੀ ਈ.ਟੀ.ਓ. ਨੇ ਦੱਸਿਆ ਕਿ ਇਹ ਜਿਲ੍ਹੇ ਦਾ ਪੰਜਵਾ ਬਿਜਲੀ ਸੁਵਿਧਾ ਕੇਂਦਰ ਸਥਾਪਿਤ ਕੀਤਾ ਗਿਆ ਹੈ। ਉਨਾਂ ਦੱਸਿਆ ਕਿ ਇਸ ਤੋਂ ਪਹਿਲਾਂ ਇਹ ਸੁਵਿਧਾ ਕੇਂਦਰ ਮਾਲ ਮੰਡੀ, ਓ.ਸੀ.ਐਮ. ਮਿੱਲ ਦੇ ਨਜ਼ਦੀਕ, ਮਜੀਠਾ ਰੋਡ ਅਤੇ ਹਾਲ ਗੇਟ ਵਿੱਚ ਚਲ ਰਹੇ ਹਨ। ਜਿਥੇ ਕਿ ਖਪਤਕਾਰਾਂ ਨੂੰ ਇਕੋ ਹੀ ਛੱਤ ਥੱਲੇ ਸਾਰੀਆਂ ਸਹੂਲਤਾਂ ਮੁਹੱਈਆ ਹੋ ਰਹੀਆਂ ਹਨ। ਸ: ਈ.ਟੀ.ਓ. ਨੇ ਦੱਸਿਆ ਕਿ ਅੱਜ ਬਣੇ ਨਵੇਂ ਸੁਵਿਧਾ ਕੇਂਦਰ ਦੀ ਬਿਲਡਿੰਗ ਦੀ ਹਾਲਤ ਪਹਿਲਾਂ ਬਹੁਤ ਹੀ ਖਸਤਾ ਸੀ ਅਤੇ ਇਥੇ ਖਪਤਕਾਰਾਂ ਲਈ ਕੋਈ ਵੀ ਸਹੂਲਤ ਨਹੀਂ ਸੀ। ਉਨਾਂ ਕਿਹਾ ਕਿ ਪਹਿਲੀਆਂ ਸਰਕਾਰਾਂ ਕੇਵਰ ਫੋਕੇ ਲਾਰੇ ਹੀ ਕਰਨਾ ਜਾਣਦੀਆਂ ਸਨ ਜਦਕਿ ਸਾਡੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਤੇ ਅਸੀਂ ਆਮ ਲੋਕਾਂ ਦੇ ਹਿੱਤਾਂ ਲਈ ਕੰਮ ਕਰਦੇ ਹਾਂ। ਉਨਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਅਸੀਂ ਵਿਕਾਸ ਦੇ ਨਾਂ ਤੇ ਲੋਕਾਂ ਦੀ ਕਚਹਿਰੀ ਵਿੱਚ ਜਾਵਾਂਗੇ ਅਤੇ ਜਿੱਤ ਕੇ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ ।ਇਸ ਮੌਕੇ ਡਿਪਟੀ ਚੀਫ ਇੰਜੀਨੀਅਰ ਪੀ.ਐਸ.ਪੀ.ਸੀ.ਐਲ .ਸ: ਬਲਕਾਰ ਸਿੰਘ, ਐਕਸੀਐਨ ਗੁਰਮੁੱਖ ਸਿੰਘ, ਸਰਦਾਰ ਅਮਰੀਕ ਸਿੰਘ ਸੋਢੀ ਭੁੱਲਰ, ਮੈਡਮ ਸੁਨੈਨਾ ਰੰਧਾਵਾ, ਸ਼ਹਿਰੀ ਪ੍ਰਧਾਨ ਸਰਬਜੀਤ ਸਿੰਘ ਡਿੰਪੀ, ਸ੍ਰੀ ਰਾਜ ਕੁਮਾਰ ਮਲਹੋਤਰਾ, ਕੈਪਟਨ ਹੀਰਾ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅਰਵਿੰਦਰ ਕੇਜਰੀਵਾਲ ਵੱਲੋਂ ਪੰਜਾਬ ਦੀ ਹਕੀਕਤ ਤੋਂ ਮੂੰਹ ਮੋੜ ਕੇ ਸੁਨਹਿਰੀ ਦੌਰ ਦੇ ਦਾਅਵੇ ਕਰਨਾਂ ਲੋਕਾਂ ਨਾਲ ਧੋਖਾ : ਪਰਮਜੀਤ ਸਿੰਘ ਜੌਹਲ

## ਭਾਈ ਅੰਮ੍ਰਿਤਪਾਲ ਸਿੰਘ ਦੀ ਨਾਜਾਇਜ਼ ਐਨ. ਐਸ. ਏ. ਅਧੀਨ ਨਾਜਾਇਜ਼ ਹਿਰਾਸਤ ਸਭ ਤੋਂ ਵੱਡਾ ਸਬੂਤ



**ਅੰਮ੍ਰਿਤਸਰ 22 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਵੱਲੋਂ ਇਹ ਕਹਿਣਾ ਕਿ "ਪਿਛਲੇ ਚਾਰ ਸਾਲਾਂ ਤੋਂ ਪੰਜਾਬ 'ਚ ਸੁਨਹਿਰੀ ਦੌਰ ਚੱਲ ਰਿਹਾ ਹੈ" ਨਾ ਸਿਰਫ਼ ਹਕੀਕਤ ਤੋਂ ਕੋਹਾਂ ਦੂਰ ਹੈ, ਸਗੋਂ ਇਹ ਪੰਜਾਬ ਦੇ ਲੋਕਾਂ ਨਾਲ ਕੋਝਾ ਮਜ਼ਾਕ ਵੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਦਲ ਵਾਰਿਸ ਪੰਜਾਬ ਦੇ ਕੋਆਰਡੀਨੇਟਰ ਭਾਈ ਪਰਮਜੀਤ ਸਿੰਘ ਜੌਹਲ ਨੇ ਪ੍ਰੈਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਪ੍ਰੈਸ ਨੋਟ ਰਾਹੀਂ ਕੀਤਾ। ਭਾਈ ਪਰਮਜੀਤ ਸਿੰਘ ਜੌਹਲ ਨੇ ਕਿਹਾ ਕਿ ਜਿਹੜਾ ਪੰਜਾਬ ਅੱਜ ਅਸੁਰੱਖਿਆ, ਅਨਿਆਇ ਅਤੇ ਬੇਇਨਸਾਫ਼ੀ ਦੇ ਦੌਰ ਵਿੱਚੋਂ ਲੰਘ ਰਿਹਾ ਹੋਵੇ, ਉਸਨੂੰ ਸੁਨਹਿਰੀ ਕਹਿਣਾ ਸਿਰਫ਼ ਝੂਠਾ ਪ੍ਰਚਾਰ ਹੈ। ਭਾਈ ਜੌਹਲ ਨੇ ਕਿਹਾ ਕਿ ਜਿਸ ਰਾਜ ਵਿੱਚ ਲੋਕਾਂ ਵੱਲੋਂ ਭਾਰੀ ਬਹੁਮਤ ਨਾਲ ਚੁਣਿਆ ਗਿਆ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਅੱਜ ਵੀ ਨਾਜਾਇਜ਼ ਤਰੀਕੇ ਨਾਲ ਕੈਦ ਵਿੱਚ ਹੋਵੇ, ਉਸ ਰਾਜ ਦੀ ਲੋਕਤੰਤਰਿਕ ਸਥਿਤੀ 'ਤੇ ਗੰਭੀਰ ਸਵਾਲ ਖੜੇ ਹੁੰਦੇ ਹਨ। ਜਿੱਥੇ ਲੋਕ ਹਿੱਤਾਂ ਲਈ ਆਵਾਜ਼ ਚੁੱਕਣ 'ਤੇ ਐਨ. ਐਸ. ਏ. ਵਰਗੇ ਕਾਨੂੰਨ ਲਗਾ ਕੇ ਦਬਾਅ ਬਣਾਇਆ ਜਾਵੇ, ਉਹਨਾਂ ਹਾਲਾਤਾਂ ਨੂੰ ਸੁਨਹਿਰੀ ਦੌਰ ਕਹਿਣਾ ਸੰਵਿਧਾਨ ਦੀ ਤੌਹੀਨ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿੱਚ ਲੁੱਟਾਂ-ਖੋਹਾਂ, ਕਾਨੂੰਨ-ਵਿਵਸਥਾ ਦੀ ਬਦਤਰ ਹਾਲਤ, ਦਿਨ-ਦਿਹਾੜੇ ਵਾਰਦਾਤਾਂ ਅਤੇ ਨਸ਼ਿਆ ਨੇ ਨੌਜਵਾਨਾਂ ਦੀ ਜਿੰਦਗੀ ਤਬਾਹ ਕਰ ਦਿੱਤੀ ਹੈ। ਪਿੰਡਾਂ ਤੋਂ ਸ਼ਹਿਰਾਂ ਤੱਕ ਡਰ ਦਾ ਮਾਹੌਲ ਹੈ, ਪਰ ਸਰਕਾਰ ਇਸ਼ਿਤਹਾਰਾਂ ਦੀ ਦੁਨੀਆ ਵਿੱਚ ਮਸਤ ਹੈ। ਡਿਵੈਲਪਮੈਂਟ ਦੇ ਨਾਂ 'ਤੇ ਜਮੀਨੀ ਪੱਧਰ 'ਤੇ ਹਾਲਤ ਜੀਰੋ ਹੈ, ਨਾਂ ਨਵੇਂ ਰੋਜ਼ਗਾਰ, ਨਾਂ ਉਦਯੋਗ, ਨਾਂ ਕਿਸਾਨ ਤੇ ਮਜ਼ਦੂਰ ਲਈ ਕੋਈ ਠੋਸ ਯੋਜਨਾਂ। ਭਾਈ ਜੌਹਲ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਨੂੰ ਪੰਜਾਬ ਆ ਕੇ ਸਟੇਜਾਂ ਤੋਂ ਬਿਆਨ ਦੇਣ ਦੀ ਬਜਾਏ ਪਿੰਡਾਂ ਦੇ ਘਰਾਂ ਵਿੱਚ ਜਾ ਕੇ ਲੋਕਾਂ ਦੇ ਦੁੱਖ ਸੁਣਨੇ ਚਾਹੀਦੇ ਹਨ। ਜੇ ਇਹ ਸੁਨਹਿਰੀ ਦੌਰ ਹੈ ਤਾਂ ਫਿਰ ਪੰਜਾਬ ਦਾ ਨੌਜਵਾਨ ਵਿਦੇਸ਼ਾਂ ਨੂੰ ਕਿਉਂ ਭੱਜ ਰਿਹਾ ਹੈ? ਮਾਵਾਂ ਦੀਆਂ ਅੱਖਾਂ ਅੱਜ ਵੀ ਆਪਣੇ ਪੁੱਤਰਾਂ ਦੀ ਉਡੀਕ ਵਿੱਚ ਭਿੱਜੀਆਂ ਕਿਉਂ ਹਨ ? ਉਨ੍ਹਾਂ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਦੇ ਸਾਰੇ ਦਾਅਵੇ ਖੋਖਲੇ ਨਿਕਲੇ ਤੇ ਹੁਣ ਸਿਰਫ਼ ਝੂਠੇ ਬਿਆਨਾਂ ਦੇ ਅਧਾਰ ਤੇ ਦੋਬਾਰਾਂ ਲੋਕਾਂ ਦੇ ਜਜ਼ਬਾਤਾਂ ਨਾਲ ਖੇਡਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੇ ਹੱਕਾਂ, ਇਨਸਾਫ਼ ਅਤੇ ਸੱਚ ਦੀ ਲੜਾਈ ਲੜਦਾ ਰਹੇਗਾ ਅਤੇ ਕਿਸੇ ਵੀ ਸਰਕਾਰ ਨੂੰ ਝੂਠੇ ਦਾਅਵਿਆਂ ਰਾਹੀਂ ਪੰਜਾਬ ਦੀ ਹਕੀਕਤ ਲੁਕਾਉਣ ਨਹੀਂ ਦਿੱਤਾ ਜਾਵੇਗਾ। ਪੰਜਾਬ ਦੇ ਲੋਕ ਸਭ ਜਾਣਦੇ ਹਨ ਅਤੇ ਹੁਣ ਇਹ ਝੂਠਾ ਪ੍ਰਚਾਰ ਜ਼ਿਆਦਾ ਸਮਾਂ ਨਹੀਂ ਚੱਲ ਸਕੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### 26 ਜਨਵਰੀ ਨੂੰ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ

# ਵੱਡੀ ਪੰਥਕ ਇਕੱਤਰਤਾ



**ਅੰਮ੍ਰਿਤਸਰ, 20 ਜਨਵਰੀ (ਆਵਾਜ਼ਿ ਕੌਮ ਬਿਊਰੋ)**- 26 ਜਨਵਰੀ ਨੂੰ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮੁੱਚੀਆਂ ਸਿੱਖ ਜਥੇਬੰਦੀਆਂ ਵੱਲੋਂ ਕੀਤੀ ਜਾ ਰਹੀ ਵੱਡੀ ਪੰਥਕ ਇਕੱਤਰਤਾ ਦੇ ਸਬੰਧ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਅੱਜ ਪਾਰਟੀ ਦੇ ਉਪ ਦਫ਼ਤਰ ਨਿਊ ਅੰਮ੍ਰਿਤਸਰ ਵਿੱਚ ਹੰਗਾਮੀ ਮੀਟਿੰਗ ਕੀਤੀ ਗਈ। ਮੀਟਿੰਗ ਦੀ ਅਗਵਾਈ ਪਾਰਟੀ ਦੇ ਜਨਰਲ ਸਕੱਤਰ ਉਪਕਾਰ ਸਿੰਘ ਸੰਧੂ ਨੇ ਕੀਤੀ, ਜਿਸ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਦੇ ਸਮੂਹ ਅਹੁਦੇਦਾਰਾਂ ਨੇ ਭਾਗ ਲਿਆ। ਮੀਟਿੰਗ ਦੌਰਾਨ 26 ਜਨਵਰੀ ਨੂੰ ਹੋਣ ਵਾਲੀ ਪੰਥਕ ਇਕੱਤਰਤਾ ਵਿੱਚ ਵੱਧ ਤੋਂ ਵੱਧ ਸਿੱਖ ਸੰਗਤ ਦੀ ਹਾਜ਼ਰੀ ਯਕੀਨੀ ਬਣਾਉਣ ਲਈ ਵਿਸਥਾਰਪੂਰਕ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਤਿਆਰੀਆਂ ਦੀ ਸਮੀਖਿਆ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਜਨਰਲ ਸਕੱਤਰ ਉਪਕਾਰ ਸਿੰਘ ਸੰਧੂ ਨੇ ਕਿਹਾ ਕਿ ਸ਼੍ਰੀ ਅਕਾਲ ਤਖ਼ਤ ਸਾਹਿਬ 'ਤੇ ਹਮਲੇ ਤੋਂ ਬਾਅਦ 1986 ਵਿੱਚ ਹੋਇਆ ਸਰਬੱਤ ਖਾਲਸਾ ਸਿੱਖ ਇਤਿਹਾਸ ਦਾ ਮਹੱਤਵਪੂਰਨ ਅਧਿਆਇ ਹੈ। ਉਸੇ ਸਰਬੱਤ ਖਾਲਸੇ ਦੀ ਤਰਜਮਾਨੀ ਦੇ ਤਹਿਤ 26 ਜਨਵਰੀ ਨੂੰ ਸਮੁੱਚੀਆਂ ਸਿੱਖ ਜਥੇਬੰਦੀਆਂ ਵੱਲੋਂ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਹ ਵੱਡੀ ਪੰਥਕ ਇਕੱਤਰਤਾ ਕੀਤੀ ਜਾ ਰਹੀ ਹੈ। ਉਨ੍ਹਾਂ ਸਮੂਹ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਹਰ ਸਿੱਖ 26 ਜਨਵਰੀ ਨੂੰ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚ ਕੇ ਇਸ ਪੰਥਕ ਇਕੱਤਰਤਾ ਵਿੱਚ ਸ਼ਮੂਲੀਅਤ ਕਰੇ ਅਤੇ ਪੰਥਕ ਏਕਤਾ ਦਾ ਸਬੂਤ ਦੇਵੇ। ਮੀਟਿੰਗ ਦੇ ਅੰਤ ਵਿੱਚ ਇਹ ਫੈਸਲਾ ਕੀਤਾ ਗਿਆ ਕਿ ਪਾਰਟੀ ਵੱਲੋਂ ਜ਼ਿਲ੍ਹਾ ਪੱਧਰ 'ਤੇ ਤਿਆਰੀਆਂ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਘਰ-ਘਰ ਸੰਪਰਕ ਰਾਹੀਂ ਵੱਡੀ ਗਿਣਤੀ ਵਿੱਚ ਸੰਗਤ ਦੀ ਹਾਜ਼ਰੀ ਯਕੀਨੀ ਬਣਾਈ ਜਾਵੇਗੀ। ਇਸ ਮੌਕੇ ਅਮਰੀਕ ਸਿੰਘ ਨੰਗਲ, ਕੁਲਵੰਤ ਸਿੰਘ ਮਝੈਲ, ਕੁਲਵੰਤ ਸਿੰਘ ਕੋਟਲਾ, ਸ਼ਮਸ਼ੇਰ ਸਿੰਘ ਬਰਾੜ, ਪਰਮਜੀਤ ਸਿੰਘ ਖਾਸਾ, ਗੁਰਮੇਲ ਸਿੰਘ ਨੰਬਰਦਾਰ, ਦਵਿੰਦਰ ਸਿੰਘ ਬੱਲ, ਦਵਿੰਦਰ ਸਿੰਘ ਸਦਿਓੜਾ, ਰਵੀ ਸ਼ੇਰ ਸਿੰਘ, ਪ੍ਰਭਪ੍ਰੀਤ ਸਿੰਘ, ਅਮਰਿੰਦਰ ਸਿੰਘ, ਗੁਰ ਅਵਤਾਰ ਸਿੰਘ ਸਮੇਤ ਹੋਰ ਆਗੂ ਤੇ ਵਰਕਰ ਹਾਜ਼ਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

**ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਹੰਗਾਮੀ ਮੀਟਿੰਗ, ਵੱਧ ਤੋਂ ਵੱਧ ਹਾਜ਼ਰੀ ਯਕੀਨੀ ਬਣਾਉਣ 'ਤੇ ਜ਼ੋਰ**

### ਵਾਰਿਸ ਪੰਜਾਬ ਦੇ ਜਥੇਬੰਦੀ ਦਾ ਸ਼੍ਰੋਮਣੀ ਅਕਾਲੀ ਦਲ ਬਾਦਲ ਨਾਲ

# ਗੱਠਜੋੜ ਦਾ ਬਿਆਨ ਬੁਨਿਆਦ-ਬਾਬਾ ਬਿਬੇਕ ਸਿੰਘ

ਜੰਡਿਆਲਾ ਗੁਰੂ 22 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਸਿਆਸੀ ਪਾਰਟੀਆਂ ਵੱਲੋਂ ਆਏ ਦਿਨ ਕੋਈ ਨਾ ਕੋਈ ਨਵਾਂ ਮੁੱਦਾ ਲੋਕਾਂ ਦੀ ਕਚਹਿਰੀ ਵਿੱਚ ਉਭਾਰਿਆ ਜਾਂਦਾ ਹੈ ! ਬੀਤੇ ਕੁਝ ਦਿਨਾਂ ਤੋਂ ਸੋਸ਼ਲ ਮੀਡੀਆ ਤੇ ਅਕਾਲੀ ਦਲ ਵਾਰਿਸ ਪੰਜਾਬ ਜਥੇਬੰਦੀ ਦੇ ਮੁੱਖੀ ਤੇ ਹਲਕਾ ਖਡੂਰ ਸਾਹਿਬ ਤੋਂ ਐਮ ਪੀ ਭਾਈ ਅੰਮ੍ਰਿਤਪਾਲ ਸਿੰਘ ਦੀ ਸਿਆਸੀ ਪਾਰਟੀ ਦੇ ਨਾਲ ਗਠਜੋੜ ਦੀ ਖਬਰ ਲਗਾਤਾਰ ਵਾਇਰਲ ਹੋ ਰਹੀ ਹੈ ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਪਰਮਜੀਤ ਸਿੰਘ ਸਰਨਾ ਦੇ ਇਕ ਬਿਆਨ ਨੂੰ ਉਭਾਰਿਆ ਜਾ ਰਿਹਾ ਹੈ ਕਿ ਵਾਰਿਸ ਪੰਜਾਬ ਦੇ ਜਥੇਬੰਦੀ ਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਨਾਲ ਗਠਜੋੜ ਕਰ ਰਹੀ ਹੈ। ਇਸ ਗਠਜੋੜ ਦੀ ਵਾਇਰਲ ਖਬਰ ਨਾਲ ਜਿਥੇ ਸਿਆਸੀ ਗਲਿਆਰੇ ਅੰਦਰ ਹਲਚਲ ਦਿਖਾਈ ਦੇ ਰਹੀ ਹੈ ਉੱਥੇ ਆਮ ਲੋਕਾਂ ਵਿੱਚ ਵੀ ਇਸ ਬਿਆਨ ਦੀ ਚਰਚਾ ਕੀਤੀ ਜਾ ਰਹੀ ਤੇ ਹੈਰਾਨ ਹੁੰਦੇ ਦਿਖਾਈ ਦੇ ਰਹੇ ਹਨ ਕਿ ਵਾਰਿਸ ਪੰਜਾਬ ਦੇ ਜਥੇਬੰਦੀ ਲੋਕਾਂ ਦੀ ਹਰਮਨ ਪਿਆਰੀ ਜਥੇਬੰਦੀ ਤੇ ਸਿਆਸੀ ਪਾਰਟੀ ਬਣ ਚੁੱਕੀ ਹੈ ਇਸ ਸਭ ਪ੍ਰਤੀਕਰਮ ਤੇ ਗੱਲਬਾਤ ਕਰਦਿਆ ਹੋਇਆ ਬਾਬਾ ਬਿਬੇਕ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਹਲਕਾ ਜੰਡਿਆਲਾ ਗੁਰੂ ਨੇ ਕਿਹਾ ਕਿ ਅਕਾਰੀ ਦਲ ਵਾਰਿਸ ਪੰਜਾਬ ਜਥੇਬੰਦੀ 2027 ਵਿੱਚ ਵੱਡੇ ਫਰਕ ਨਾਲ ਸੀਟਾਂ ਜਿੱਤ ਕਿ ਸਰਕਾਰ ਬਣਾਉਣ ਵਿੱਚ ਸਫਲ ਹੁੰਦੀ ਦਿਖਾਈ ਦੇ ਰਹੀ ਹੈ । ਕਿਉਕਿ ਲੋਕ ਪੰਥ ਦੀ ਚੜ੍ਹਦੀ ਕਲ੍ਹਾ ਲਈ ਜਜਬਾਤੀ ਹੋ ਕੇ ਬਿਨਾਂ ਲਾਲਚ ਇਸ ਜਥੇਬੰਦੀ ਨਾਲ ਜੁੜ ਰਹੇ ਹਨ ਅਤੇ ਇਹ ਉਹ ਜਥੇਬੰਦੀ ਹੈ ਜਿਸ ਦੇ ਮੁੱਖ ਆਗੂ ਭਾਈ ਅੰਮ੍ਰਿਤਪਾਲ ਸਿੰਘ ਪਿਛਲੇ ਤਿੰਨ ਸਾਲਾਂ ਤੋਂ ਡਿਬਰੂਗੜ ਜੇਲ ਵਿੱਚ ਨਜ਼ਰਬੰਦ ਹਨ। ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਪਾਰਟੀ ਬਾਰੇ ਲੋਕ ਜਾਣਦੇ ਹਨ ਕਿ ਉਨਾਂ ਦੇ ਰਾਜ ਸਮੇਂ ਹੋਈਆਂ ਬੇਅਦਬੀਆਂ ਦਾ ਇਨਸਾਫ ਅੱਜ ਤੱਕ ਨਹੀਂ ਮਿਲ ਸਕਿਆ ਇਸ ਲਈ ਲੋਕਾਂ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦਿਆ ਹੋਇਆ ਸ੍ਰੋਮਣੀ ਅਕਾਲੀ ਦਲ ਬਾਦਲ ਨਾਲ ਕਿਸੇ ਵੀ ਹਾਲਤ ਵਿੱਚ ਗੱਠਜੋੜ ਨਹੀਂ ਹੋ ਸਕਦਾ ਮੈਂ ਅਕਾਲੀ ਦਲ ਵਾਰਿਸ ਪੰਜਾਬ ਦਾ ਸੇਵਾਦਾਰ ਹੋਣ ਦੇ ਨਾਤੇ ਸਰਨੇ ਦੇ ਬੇਬੁਨਿਆਦ ਅਤੇ ਫੇਕ ਬਿਆਨ ਦੀ ਨਿਖੇਧੀ ਕਰਦਾ ਹਾਂ। ਇਸ ਸਬੰਧੀ ਜਦੋਂ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਨਾਲ ਫੋਨ ਤੇ ਗੱਲ ਕੀਤੀ ਗਈ ਤਾਂ ਉਹਨਾਂ ਨੇ ਕਿਹਾ ਕਿ ਇਹ ਬਿਆਨ ਬਿਲਕੁਲ ਫੇਕ ਬਿਆਨ ਹੈ ਅਤੇ ਲੋਕਾਂ ਨੂੰ ਗੁੰਮਰਾਹ ਕਰਨ ਦੀਆਂ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ ਕਿਉਂਕਿ ਭਾਈ ਸਾਬ ਭਾਈ ਅੰਮ੍ਰਿਤਪਾਲ ਸਿੰਘ ਜਿੱਥੇ ਪੰਥ ਦੇ ਸੇਵਾਦਾਰ ਹਨ ਉੱਥੇ ਦੂਜੇ ਪਾਸੇ ਆਮ ਲੋਕਾਂ ਦੇ ਹਰਮਨ ਪਿਆਰੇ ਸੇਵਾਦਾਰ ਬਣ ਚੁੱਕੇ ਹਨ ਅਤੇ ਪਿਆਰ ਕਰਨ ਵਾਲੇ ਲੋਕ ਬਿਨਾਂ ਲਾਲਚ ਅਕਾਲੀ ਦਲ ਵਾਰਸ ਪੰਜਾਬ ਦੇ ਜਥੇਬੰਦੀ ਨਾਲ ਜੁੜ ਰਹੇ ਹਨ ਅਤੇ 2027 ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦਾ ਰਾਜ ਵੇਖਣਾ ਚਾਹੁੰਦੇ ਹਨ ਅਤੇ 2027 ਚ ਵੱਡੀ ਸਿਆਸੀ ਪਾਰਟੀ ਉਭਰ ਕਿ ਸਾਹਮਣੇ ਆਵੇਗੀ । ਇਸ ਲਈ ਸਾਡੀ ਪਾਰਟੀ ਵੱਲੋਂ ਕਿਸੇ ਵੀ ਹਾਲਤ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਨਾਲ ਗੱਠਜੋੜ ਦਾ ਕੋਈ ਵੀ ਸਮਝੌਤਾ ਨਹੀਂ ਕੀਤਾ ਗਿਆ ਅਤੇ ਨਾ ਹੀ ਕੀਤਾ ਜਾ ਰਿਹਾ ਹੈ।



**2027 ਚ ਪੰਥ ਦੀ ਵੱਡੀ ਸਿਆਸੀ ਪਾਰਟੀ ਉਭਰ ਕਿ ਸਾਹਮਣੇ ਆਵੇਗੀ -ਬਾਪੂ ਤਰਸੇਮ ਸਿੰਘ**

# ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਉਣ ਲਈ ਜ਼ਿਲ੍ਹੇ ਵਿੱਚ ਬਣਾਏ ਗਏ 617 ਸੈਂਟਰ--ਵਧੀਕ ਡਿਪਟੀ ਕਮਿਸ਼ਨਰ

ਜੰਡਿਆਲਾ ਗੁਰੂ 22 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਅੱਜ ਮੋਹਾਲੀ ਵਿਖੇ ਮੁੱਖ ਮੰਤਰੀ ਸਿਹਤ ਬੀਮਾਂ ਯੋਜਨਾ ਦ ਅਗਾਜ ਕਰ ਦਿੱਤਾ ਗਿਆ ਹੈ ਜਿਸ ਵਿੱਚ ਪੰਜਾਬ ਦੇ ਹਰ ਇੱਕ ਨਾਗਰਿਕ ਨੂੰ ਸਿਹਤ ਬੀਮਾ ਕਾਰਡ ਦਿੱਤਾ ਜਾਣਾ ਹੈ ਜਿਸ ਵਿੱਚ 10 ਲੱਖ ਰੁਪਏ ਦਾ ਬੀਮਾ ਕਵਰ ਹੋਵੇਗਾ ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਸ਼੍ਰੀਮਤੀ ਅਮਨਦੀਪ ਕੌਰ ਨੇ ਦਸਿਆ ਕਿ ਕੱਲ ਤੋ ਯੂਥ ਕਲੱਬ ਦੇ ਰਾਹੀਂ ਲੋਕਾਂ ਦੇ ਘਰਾ ਵਿੱਚ ਪਰਚੀਆਂ ਜਾਣੀਆ ਸ਼ੁਰੂ ਹੋ ਜਾਣਗੀਆਂ, ਜਿਸ ਵਿੱਚ ਇਹਨਾ ਦਾ ਸੀ.ਐੱਸ ਸੀ ਸੈਂਟਰ ਦਾ ਨਾਮ ਦਿਨ ਤਰੀਕ ਸਭ ਲਿਖਿਆ ਹੋਵੇਗਾ ਕੀ ਕਦੋਂ ਜਾ ਕੇ ਤੁਸੀ ਇਸ ਕਾਰਡ ਬਣਾ ਸਕਦੇ ਹੋ । ਇਸ ਮੰਤਵ ਲਈ 617 ਸੈਂਟਰ ਪੂਰੇ ਅੰਮ੍ਰਿਤਸਰ ਜਿਲ੍ਹੇ ਵਿੱਚ ਬਣਾਏ ਗਏ ਹਨ। ਰੂਰਲ ਅਤੇ ਅਰਬਨ ਮਿਲਾ ਕੇ ਅਤੇ ਹਰ ਇੱਕ ਸੈਂਟਰ ਉੱਪਰ ਇੱਕ ਕੰਪਿਊਟਰ ਅਤੇ ਬਾਇਓਮੈਟ੍ਰਿਕ ਲੱਗਾ ਹੋਵੇਗਾ। ਪਰਿਵਾਰ ਦੇ ਘੱਟੋ ਘੱਟ ਦੋ ਮੈਂਬਰਾਂ ਦਾ ਇਕੱਠੇ ਜਾਣਾ ਜਰੂਰੀ ਹੈ, ਜਿਹੜਾ ਮੈਂਬਰ 18 ਸਾਲ ਤੋਂ ਘੱਟ ਹੈ ਉਸ ਨੂੰ ਆਪਣਾ ਜਨਮ ਸਰਟੀਫਿਕੇਟ, ਆਧਾਰ ਕਾਰਡ ਨਾਲ ਲੈ ਕੇ ਜਾਣਾ ਜਰੂਰੀ ਹੈ ਅਤੇ ਜਿਹੜਾ ਮੈਂਬਰ 18 ਸਾਲ ਤੋਂ ਉੱਤੇ ਹੈ ਉਸ ਨੂੰ ਆਪਣਾ ਵੋਟਰ ਕਾਰਡ ਅਤੇ ਆਧਾਰ ਕਾਰਡ ਲੈ ਕੇ ਜਾਣਾ ਜਰੂਰੀ ਹੈ । ਉਹਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਿਹਤ ਬੀਮਾ ਯੋਜਨਾ ਦਾ ਕਾਰਡ ਜਰੂਰ ਬਣਾਉਣ ਤਾਂ ਜੋ ਕਿਸੇ ਮੁਸ਼ਿਕਲ ਵੇਲੇ ਉਹਨਾਂ ਦੇ ਕੰਮ ਆ ਸਕੇ ਉਹਨਾਂ ਕਿਹਾ ਕਿ ਸਰਕਾਰ ਨੇ ਪੰਜਾਬ ਵਿੱਚ ਸਿਹਤ ਕ੍ਰਾਂਤੀ ਲਿਆ ਦਿੱਤੀ ਹੈ ਜਿਸ ਨਾਲ ਲੋਕ ਹੁਣ ਆਪਣਾ ਸਾਰਾ ਇਲਾਜ ਮੁਫਤ ਕਰਾ ਸਕਣਗੇ।



ਆਵਾਜ਼ਿ ਕੌਮ AWAZE QAUM International Newspaper & WEB TV

# ਸਿਵਲ ਹਸਪਤਾਲ ਤਲਵੰਡੀ ਸਾਬੋ ਵਿੱਚ ਨਵਾਂ ਪਾਰਕਿੰਗ ਸਥਾਨ ਸ਼ੁਰੂ





ਤਲਵੰਡੀ ਸਾਬੋ, 22 ਜਨਵਰੀ (ਗੁਰਜੰਟ ਸਿੰਘ ਨਥੇਹਾ)- ਸਿਵਲ ਹਸਪਤਾਲ ਤਲਵੰਡੀ ਸਾਬੋ ਵਿੱਚ ਮਰੀਜ਼ਾਂ ਅਤੇ ਆਮ ਲੋਕਾਂ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦੇ ਹੋਏ ਨਵਾਂ ਪਾਰਕਿੰਗ ਸਥਾਨ ਸ਼ੁਰੂ ਕੀਤਾ ਗਿਆ ਹੈ। ਇਹ ਉਪਲਬਧੀ ਸਿਵਲ ਹਸਪਤਾਲ ਤਲਵੰਡੀ ਸਾਬੋ ਦੇ ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਗੁਪਤਾ ਦੀਆਂ ਅਣਥਕ ਕੋਸ਼ਿਸ਼ਾਂ ਦਾ ਨਤੀਜਾ ਹੈ। ਲੰਮੇ ਸਮੇਂ ਤੋਂ ਖਸਤਾਹਾਲ ਕੁਆਰਟਰਾਂ ਨੂੰ ਢਾਹ ਕੇ ਉਸ ਜਗ੍ਹਾ ਨੂੰ ਸੁਚੱਜੇ ਤਰੀਕੇ ਨਾਲ ਪਾਰਕਿੰਗ ਸਥਾਨ ਵਿੱਚ ਤਬਦੀਲ ਕੀਤਾ ਗਿਆ ਹੈ। ਨਵੀਂ ਪਾਰਕਿੰਗ ਦਾ ਠੇਕਾ ਜਨਵਰੀ 2025 ਤੋਂ ਸ਼ੁਰੂ ਕੀਤਾ ਗਿਆ ਹੈ। ਪਾਰਕਿੰਗ ਵਿੱਚ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਦੋ ਸੀਸੀਟੀਵੀ ਕੈਮਰੇ ਲਗਾਏ ਗਏ ਹਨ ਤਾਂ ਜੋ ਚੋਰੀ ਦੀਆਂ ਘਟਨਾਵਾਂ 'ਤੇ ਰੋਕ ਲਗਾਈ ਜਾ ਸਕੇ। ਪਿਛਲੇ ਸਮੇਂ ਦੌਰਾਨ ਵਾਹਨਾਂ ਦੀ ਚੋਰੀ ਸਬੰਧੀ ਕਈ ਮਾਮਲੇ ਸਾਹਮਣੇ ਆਏ ਸਨ, ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਕਦਮ ਚੁੱਕਿਆ ਗਿਆ ਹੈ। ਹੁਣ ਪਾਰਕਿੰਗ ਵਿੱਚ ਆਉਣ ਵਾਲੇ ਮਰੀਜ਼ਾਂ ਅਤੇ ਹਸਪਤਾਲ ਆਉਣ ਵਾਲੇ ਲੋਕਾਂ ਨੂੰ ਢੰਗ ਨਾਲ ਪਾਰਕਿੰਗ ਸਲਿੱਪਾਂ ਦਿੱਤੀਆਂ ਜਾ ਰਹੀਆਂ ਹਨ, ਤਾਂ ਜੋ ਵਾਹਨਾਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ ਅਤੇ ਮਰੀਜ਼ਾਂ ਨੂੰ ਸੁਚੱਜੀ ਅਤੇ ਬਿਹਤਰ ਪਾਰਕਿੰਗ ਸੁਵਿਧਾ ਮਿਲ ਸਕੇ। ਸਿਵਲ ਹਸਪਤਾਲ ਪ੍ਰਬੰਧਨ ਵੱਲੋਂ ਇਹ ਕਦਮ ਲੋਕਾਂ ਦੀ ਸਹੂਲਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਬਹੁਤ ਹੀ ਸਲਾਹੁਣਯੋਗ ਮੰਨਿਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਵਾਲਿਆ ਦੀ ਯਾਦ 'ਚ 67ਵਾਂ ਸਲਾਨਾ ਸਮਾਗਮ ਕੱਲ੍ਹ

## ਸਮੂਹ ਸੰਗਤਾਂ ਤਨ ਮਨ ਧਨ ਨਾਲ ਹਾਜਰੀਆਂ ਭਰ ਕਿ ਜੀਵਨ ਸਫਲ ਬਣਾਓ ਸੰਤ ਬਾਬਾ ਬਾਬਾ ਸੁੱਖਾ ਸਿੰਘ

ਚੌਕ ਮਹਿਤਾ,23 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਤੇ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਸ੍ਰੀ ਮਾਨ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਜੋਤੀਸਰ ਸਾਹਿਬ ਜੰਡਿਆਲਾ ਗੁਰੂ ਵਿਖੇ ਮਹਾਂਪੁਰਖ ਸ੍ਰੀਮਾਨ 108 ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਜੀ ਤੋਂ ਵਰਸੋਏ ਹੋਏ ਸ੍ਰੀਮਾਨ 108 ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਸ਼ਿਮਲੇ ਵਾਲਿਆ ਦੀ ਯਾਦ 'ਚ 5 ਰੋਜਾ 67ਵਾਂ ਸਲਾਨਾ ਗੁਰਮਤਿ ਸਮਾਗਮ ਕੱਲ੍ਹ ਮਿਤੀ 24 ਜਨਵਰੀ 2026 ਦਿਨ ਸ਼ਨੀਵਾਰ ਨੂੰ ਦੇਸ ਵਿਦੇਸ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਪਿਆਰ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਤੇ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਇਨਾਂ ਸਮਾਗਮਾਂ ਦੀ ਆਰੰਭਤਾ ਪਹਿਲੇ ਪੜਾਅ ਚ ਆਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ 20 ਜਨਵਰੀ, ਦਿਨ ਮੰਗਲਵਾਰ ਸਵੇਰੇ 10:00 ਵਜੇ ਆਰੰਭ ਹੋਈ ਸੀ ਜਿਨਾਂ ਦੇ ਭੋਗ 22 ਜਨਵਰੀ ਨੂੰ ਪੈਣਗੇ ਅਤੇ ਦੂਜੇ ਪੜਾਅ ਚ 22 ਜਨਵਰੀ ਦਿਨ ਵੀਰਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਆਰੰਭ ਹੋਣਗੇ ਜਿੰਨਾਂ ਦੇ ਭੋਗ ਕੱਲ੍ਹ ਮਿਤੀ 24 ਜਨਵਰੀ, ਦਿਨ ਸ਼ਨੀਵਾਰ ਸਵੇਰੇ 9:00 ਵਜੇ ਪੈਣਗੇ ਅਤੇ ਉਪਰੰਤ ਕੀਰਤਨ ਦਰਬਾਰ ਅਤੇ ਸੰਤ ਸਮਾਗਮ ਸਵੇਰੇ 10:00 ਵਜੇ ਆਰੰਭਹੋਵੇਗਾ ਅਤੇ ਦੁਪਹਿਰ 2:00 ਵਜੇ ਤੱਕ ਚੱਲੇਗਾ । ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੀ ਕਿਰਤ ਕਮਾਈ ਨੂੰ ਸਫਲ ਬਣਾਉਣ ਲਈ ਸਮਾਗਮਾਂ ਚ ਤਨ ਮਨ ਧਨ ਨਾਲ ਹਾਜਰੀਆਂ ਭਰ ਕਿ ਆਪਣੇ ਜੀਵਨ ਨੂੰ ਸਫ਼ਲ ਬਣਾਓ ਅਤੇ ਸੰਤਾਂ ਮਹਾਂਪੁਰਖਾ ਦੀਆਂ ਖੁਸੀਆਂ ਪ੍ਰਾਪਤ ਕਰੋ ! ਇਸ ਮੌਕੇ ਤੇ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਦੇ ਅਸਥਾਨਾਂ ਦੀ ਸੇਵਾ ਸੰਤ ਬਾਬਾ ਗੁਰਬਖਸ਼ ਸਿੰਘ ਜੀ ਤੋਂ ਵਰੋਸਾਏ ਸੱਚਖੰਡਵਾਸੀ:- ਸੰਤ ਬਾਬਾ ਕਾਲਾ ਸਿੰਘ ਜੀ ਅਤੇ ਸੰਤ ਬਾਬਾ ਤੇਜਾ ਸਿੰਘ ਜੀ ਵਲੋਂ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਨਿਭਾਈ ਗਈ ਅਤੇ ਜਿਸ ਵਿੱਚ ਅੱਜ ਵੀ ਸੰਗਤਾਂ ਸੰਤਾਂ ਦੀ ਕੀਤੀ ਸੰਗਤ ਅਤੇ ਬਤੀਤ ਕੀਤੇ ਸਮੇਂ ਨੂੰ ਯਾਦ ਕਰਦੀਆਂ ਹਨ ਅਤੇ ਅੱਜ ਵੀ ਇਨਾਂ ਅਸਥਾਨਾਂ ਤੇ ਅਰਦਾਸਾਂ ਕਰਦੀਆਂ ਹਨ ਅਤੇ ਉਹ ਕੀਤੀਆਂ ਅਰਦਾਸਾਂ ਪ੍ਰਵਾਨ ਹੁੰਦੀਆਂ ਹਨ ! ਅਤੇ ਮੈਂ ਆਪਣੇ ਆਪ ਨੂੰ ਬਹੁਤ ਵਡਭਾਗੀ ਸਮਝਦਾ ਹਾਂ ਕਿ ਅਕਾਲ ਪੁਰਖ ਨੇ ਮੈਨੂੰ ਬਚਪਨ ਤੋਂ ਹੀ ਸੰਤ ਬਾਬਾ ਤੇਜਾ ਸਿੰਘ ਜੀ ਦੀ ਸੇਵਾ ਤੇ ਸੰਗਤ ਕਰਨ ਦਾ ਸਮਾਂ ਬਖਸਿਆ ਅਤੇ ਸਚਖੰਡ ਵਾਸੀ ਸੰਤ ਬਾਬਾ ਤੇਜਾ ਸਿੰਘ ਜੀ ਵੱਲੋਂ ਸਚਖੰਡ ਨਿਵਾਸ ਕਰਨ ਤੋਂ ਪਹਿਲਾਂ ਇਨਾਂ ਅਸਥਾਨਾਂ ਦੀ ਸੇਵਾ ਦਾਸ ਨੂੰ ਬਖਸੀ ਗਈ ਹੈ ! ਜੋ ਅਕਾਲ ਪੁਰਖ ਦੀ ਕਿਰਪਾ ਸਦਕਾ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਨਿਭਾਈ ਜਾ ਰਹੀ ਹੈ!



ਆਵਾਜ਼ਿ ਕੌਮ AWAZE QAUM International Newspaper & WEB TV

## 81 ਬੱਸਾਂ ਦੀ ਚੈਕਿੰਗ - 13 ਦੇ ਕੱਟੇ ਚਲਾਨ

**ਹੁਸ਼ਿਆਰਪੁਰ, 22 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਸਕੂਲ ਮੁਖੀ ਵੱਲੋਂ ਬੱਸਾਂ ਵਿਚ ਸਾਰੇ ਨਿਯਮਾਂ ਅਤੇ ਸ਼ਰਤਾਂ ਦੀ ਪਾਲਣਾ ਕਰਨੀ ਅਤਿ ਜ਼ਰੂਰੀ ਹੈ। ਇਸ ਸਬੰਧੀ ਜ਼ਿਲ੍ਹਾ ਹੁਸ਼ਿਆਰਪੁਰ ਦੇ ਬਲਾਕ ਮੁਕੇਰੀਆਂ ਵਿੱਚ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਹੁਕਮਾਂ ਅਨੁਸਾਰ ਸੇਫ ਸਕੂਲ ਵਾਹਨ ਪਲਿਸੀ ਤਹਿਤ ਸੇਂਟ ਜੋਸਫ ਕਾਨਵੈਂਟ ਸਕੂਲ, ਐਸ.ਪੀ.ਐਨ.ਐਸ.ਐਸ.ਕੇ ਪਬਲਿਕ ਹਾਈ ਸਕੂਲ, ਵੁਡਬੇਰੀ ਵਰਲਡ ਸਕੂਲ ਅਤੇ ਕੈਂਬਰਿਜ ਓਵਰਸੀਜ਼ ਸਕੂਲਾਂ ਦੀਆਂ ਬੱਸਾਂ ਦੀ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਜਿਨ੍ਹਾਂ ਸਕੂਲੀ ਬੱਸਾਂ ਵਿੱਚ ਮਿਆਦ ਖ਼ਤਮ ਹੋ ਚੁੱਕੀਆਂ ਫਸਟ ਏਡ ਕਿੱਟਾਂ, ਫਾਗ ਲਾਈਟਸ, ਬਿਨਾਂ ਲੇਡੀ ਅਟੈਂਡੈਂਟ, ਬਿਨਾਂ ਪਾਸਿੰਗ, ਸਪੀਡ ਗਵਰਨਰ ਦਾ ਨਾ ਹੋਣਾ, ਬੱਸ ਵਿਚ ਐਮਰਜੈਂਸੀ ਐਗਜ਼ਿਟ ਦਾ ਨਾ ਹੋਣਾ, ਬਿਨਾਂ ਅੱਗ ਬੁਝਾਊ ਯੰਤਰ, ਬਿਨਾਂ ਸੀ.ਸੀ.ਟੀ.ਵੀ ਕੈਮਰਾ, ਬੱਸ ਵਿਚ ਸਿਟਿੰਗ ਕਪੈਸਿਟੀ ਦਾ ਵੱਧ ਹੋਣਾ ਆਦਿ ਕਮੀਆਂ ਪਾਈਆਂ ਗਈਆਂ। ਇਸ ਦੌਰਾਨ ਕੁੱਲ 81 ਬੱਸਾਂ ਚੈੱਕ ਕੀਤੀਆਂ ਗਈਆਂ ਅਤੇ 13 ਬੱਸਾਂ ਦੇ ਚਲਾਨ ਕੱਟੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬਸੰਤ ਪੰਚਮੀ ’ਤੇ ਵਿਸ਼ੇਸ਼

# ਮਾਹਾ ਮਾਹ ਮੁਮਾਰਖੀ ਚੜਿਆ ਸਦਾ ਬਸੰਤੁ ।।

**ਬਸੰਤ** ਖ਼ੁਸ਼ੀਆਂ ਖੇੜਿਆਂ ਵਾਲਾ ਮੌਸਮੀ ਤਿਉਹਾਰ ਹੈ। ਭਾਰਤ ’ਚ ਮੁੱਖ ਤੌਰ ’ਤੇ ਛੇ ਰੁੱਤਾਂ ਆਉਂਦੀਆਂ ਹਨ। ਇਹਨਾਂ ਛੇ ਰੁੱਤਾਂ ਨੂੰ ਦੇਸੀ ਅਤੇ ਅੰਗਰੇਜ਼ੀ ਮਹੀਨਿਆਂ ਦੇ ਹਿਸਾਬ ਨਾਲ ਜੇ ਦੇਖੀਏ ਤਾਂ ਇਹ ਰੁੱਤਾਂ ਦੇ ਛੇ ਨਾਂਅ ਤੇ ਮਹੀਨਿਆਂ ਦਾ ਹਿਸਾਬ ਇਸ ਤਰ੍ਹਾਂ ਆਉਂਦਾ ਹੈ।ਦਸੰਬਰ ਤੇ ਜਨਵਰੀ, ਮੱਘਰ ਤੇ ਪੋਹ ਨੂੰ ਸਰਦੀ ਦਾ ਮੌਸਮ (ਦੇਸੀ ਮਹੀਨੇ ਦੀ ਸੰਗਰਾਂਦ ਅੰਗਰੇਜ਼ੀ ਮਹੀਨੇ ਦੇ ਤਕਰੀਬਨ ਅੱਧ ਵਿੱਚ ਆਉਂਦੀ ਹੈ), ਫਰਵਰੀ ਤੇ ਮਾਰਚ, ਮਾਘ ਤੇ ਫੱਗਣ ਨੂੰ ਬਸੰਤ ਦਾ ਮੌਸਮ, ਅਪ੍ਰੈਲ ਤੇ ਮਈ, ਚੇਤ ਤੇ ਵਿਸਾਖ ਨੂੰ ਬਹਾਰ ਦਾ ਮੌਸਮ, ਜੂਨ ਤੇ ਜੁਲਾਈ, ਜੇਠ ਤੇ ਹਾੜ ਨੂੰ ਗਰਮੀ ਦਾ ਮੌਸਮ, ਅਗਸਤ ਤੇ ਸਤੰਬਰ, ਸਾਉਣ ਤੇ ਭਾਦੋਂ ਨੂੰ ਬਰਸਾਤ ਦਾ ਮੌਸਮ, ਅਕਤੂਬਰ ਤੇ ਨਵੰਬਰ, ਅੱਸੂ ਤੇ ਕੱਤਕ ਨੂੰ ਪੱਤਝੜ ਦਾ ਮੌਸਮ ਹੁੰਦਾ ਹੈ।ਇੰਨ੍ਹਾਂ ਛੇ ਰੁੱਤਾਂ ਵਿੱਚੋਂ ਬਸੰਤ ਸਭ ਤੋਂ ਸੋਹਣੀ ਤੇ ਮਨਮੋਹਣੀ ਰੁੱਤ ਮੰਨੀ ਜਾਂਦੀ ਹੈ। ਇਸੇ ਲਈ ਇਸ ਰੁੱਤ ਨੂੰ ‘ਰਿਤੂਰਾਜ’ ਜਾਂ ‘ਰੁੱਤਾਂ ਦੀ ਰਾਣੀ’ ਵੀ ਕਿਹਾ ਜਾਂਦਾ ਹੈ। ਇਸ ਰੁੱਤ ’ਚ ਕੁਦਰਤ ਸੋਲ੍ਹਾਂ ਕਲਾਵਾਂ ਨਾਲ ਖਿੜ ਕੇ ਮਦਮਸਤ ਹੋ ਉੱਠਦੀ ਹੈ। ਬਸੰਤ ਦਿਲਾਂ ਵਿੱਚ ਨਵੀਂ ਉਮੰਗ, ਊਰਜਾ, ਆਸ਼ਾ ਤੇ ਵਿਸ਼ਵਾਸ਼ ਦਾ ਸੰਚਾਰ ਕਰਦੀ ਹੈ।



ਰੁਤਿ ਸਰਸ ਬਸੰਤ

ਬਸੰਤ ਰੁੱਤ ਬਾਰੇ ਭਾਈ ਕਾਹਨ ਸਿੰਘ ਨਾਭਾ ਲਿੱਖਦੇ ਹਨ ਕਿ 1. ਵਾਸ ਕਰੰਤ .ਵੱਸਦਾ ‘ਫੁਨਿ ਗਰਭ ਨਾਹੀ ਬਸੰਤ’ (ਰਾਮ ਮ. 5) 2. ਵੱਸਣ ਵਾਸਾ ਬਾਸ਼ਿੰਦਾ ‘ਧੰਨੁ ਸੁ ਥਾਨ ਬਸੰਤ ਧੰਨੁ, ਜਹ ਜਪੀਐ ਨਾਮੁ’ (ਬਿਲਾਵਲ ਮ. 5) 3. ਸੰ.ਵਸੰਤ ਪ੍ਰਿਥਵੀ ਨੂੰ ਪੱਤਰ ਫਲ ਆਦਿ ਨਾਲ ਢੱਕ ਲੈਣ ਵਾਲੀ ਰੁੱਤ ਚੇਤ ਵੈਸਾਖ ਦੀ ਰੁੱਤ ਬਹਾਰ ‘ਰੁਤਿ ਸਰਸ ਬਸੰਤ ਮਾਹ ਚੇਤੁ ਵੈਸਾਖ ਸੁਖ ਮਾਸ ਜੀਉ’ (ਰਾਮ ਰੁਤੀ ਮ. 5) 4. ਬਸੰਤ ਇੱਕ ਰਾਗ, ਜੋ ਪੂਰਬੀ ਠਾਟ ਦਾ ਸੰਪੂਰਣ ਹੈ, ਇਸ ਵਿੱਚ ਦੋਵੇਂ ਮੱਧਮ ਲੱਗਦੇ ਹਨ। ਗੜਜ਼ ਗੰਧਾਰ ਮੱਧਮ ਪੰਚਮ ਧੈਵਤ ਅਤੇ ਨਿਸ਼ਾਦ ਸ਼ੁੱਧ, ਰਿਸ਼ਭ ਕੋਮਲ ਅਤੇ ਮੱਧਮ ਤੀਵ੍ਰ ਲੱਗਦਾ ਹੈ। ਗਾਉਣ ਦਾ ਵੇਲਾ ਵਸੰਤ ਰੁੱਤ ਅਥਵਾ ਰਾਤ ਦਾ ਸਮਾਂ ਹੈ।

ਆਰੋਹੀ- ਸ ਗ ਮ ਧ ਰਾ ਸ ।

ਅਵਰੋਹੀ- ਰਾ ਨ ਧ ਪ ਮੀ ਗ ਮ ਗ ਰਾ ਸ ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਬਸੰਤ ਦਾ ਨੰਬਰ ਪੰਚੀਵਹਾ ਹੈ।

ਫਾਗ (ਹੋਰੀ) ਦਾ ਨਾਮ ਭੀ ਬਸੰਤ ਕਈ ਥਾਈਂ ਆਇਆ ਹੈ, ਕਿਉਂਕਿ ਇਹ ਬਸੰਤ ਰੁੱਤ ਵਿੱਚ ਹੋਇਆ ਕਰਦੀ ਹੈ ‘ ਖੇਲ ਬਸੰਤ ਬਡੇ ਖਿਲਵਾਰ’ (ਚਰਿਤ੍ਰ 52)

ਬਸੰਤ ਰੁੱਤ ਨੂੰ ‘ਰੁੱਤਾਂ ਦੀ ਰਾਣੀ’ ‘ਰਿਤੂ ਰਾਜ’ ਵੀ ਕਿਹਾ ਜਾਂਦਾ ਹੈ।ਬਸੰਤ ਰੁੱਤ ਦੇ ਆਉਣ ਸਾਰ ਹੀ ਫੁੱਲਾਂ ’ਤੇ ਬਹਾਰ ਆ ਜਾਂਦੀ ਹੈ।ਬਸੰਤ ਰੁੱਤ ਸਭ ਤੋਂ ਸੁਹਾਵਣੀ ਰੁੱਤ ਹੈ।ਖੇਤਾਂ ਵਿੱਚ ਸਰਸੋਂ ਦੇ ਪੀਲੇ-ਪੀਲੇ ਫੁੱਲ ਖਿੜ੍ਹ ਪੈਂਦੇ ਹਨ। ਕਣਕਾਂ ਜਵਾਨ ਹੋਣੀਆਂ ਸ਼ੁਰੂ ਹੋ ਜਾਂਦੀਆਂ ਹਨ।ਕਣਕਾਂ ਨੂੰ ਬੱਲੀਆਂ ਪੈਣੀਆਂ ਸ਼ੁਰੂ ਹੋ ਜਾਂਦੀਆਂ ਹਨ।ਰੁੱਖਾਂ ਨੂੰ ਨਵੀਆਂ ਪੱਤੀਆਂ ਨਿਕਲ ਆਉਂਦੀਆਂ ਹਨ। ਅੰਬਾਂ ਨੂੰ ਬੂਰ ਪੈ ਜਾਂਦਾ ਹੈ। ਹਰ ਪਾਸੇ ਤਿਤਲੀਆਂ ਦੇ ਝੁੰਡ ਮੰਡਰਾਉਣ ਲੱਗਦੇ ਹਨ। ਸਰਦੀ ਰੁੱਤ ਤੋਂ ਕੁੱਝ ਰਾਹਤ ਮਿਲਦੀ ਹੈ ਤੇ ਗਰਮੀ ਆਪਣਾ ਅਹਿਸਾਸ ਕਰਾਉਣਾ ਸ਼ੁਰੂ ਕਰ ਦਿੰਦੀ ਹੈ। ਇਸੇ ਲਈ ਕਿਹਾ ਜਾਂਦਾ ਹੈ ਕਿ ‘ਆਈ ਬਸੰਤ ਤੇ ਪਾਲਾ ਉਡੰਤ’।ਪਰ ਕਦੀ-ਕਦੀ ‘ਆਈ ਬਸੰਤ ਤੇ ਪਾਲਾ ਪੜੰਤ’ ਵੀ ਹੋ ਜਾਂਦਾ ਹੈ। ਬਸੰਤ ਪੰਚਮੀ ਮਾਘ ਸੁਦੀ ਪੰਜ ਨੂੰ ਮਨਾਇਆ ਜਾਣ ਵਾਲਾ ਤਿਉਹਾਰ ਹੈ, ਇਸ ਲਈ ਇਸਨੂੰ ‘ਬਸੰਤ ਪੰਚਮੀ’ ਕਿਹਾ ਜਾਂਦਾ ਹੈ।ਬਸੰਤ ਵਾਲੇ ਦਿਨ ਲੋਕ ਜ਼ਿਆਦਾਤਰ ਮੁਟਿਆਰਾਂ, ਪੀਲੇ ਕੱਪੜੇ ਪਹਿਨਦੀਆਂ ਹਨ ਤੇ ਗੱਭਰੂ ਪੀਲੇ ਰੰਗ ਦੀ ਦਸਤਾਰਾਂ ਸਜਾਉਂਦੇ ਹਨ, ਘਰਾਂ ਵਿੱਚ ਪੀਲੇ ਰੰਗ ਦੇ ਚੋਲ, ਪੀਲੇ ਰੰਗ ਦੇ ਲੱਡੂ ਤੇ ਕੇਸਰ ਵਾਲੀ ਖੀਰ ਬਣਾਈ ਜਾਂਦੀ ਹੈ।ਪੀਲੀਆਂ ਪਤੰਗਾਂ ਅਸਮਾਨ ਵਿੱਚ ਅਠਖੇਲੀਆਂ ਕਰਦੀਆਂ ਨਜ਼ਰ ਆਉਂਦੀਆਂ ਹਨ। ਸਰੋਂ ਦੇ ਪੀਲੇ-ਪੀਲੇ ਖੇਤ ਮਹਿਕ ਉੱਠਦੇ ਹਨ। ਖੇਤ ਸੋਨੇ ਰੰਗੇ ਦਿਖਾਈ ਦੇਂਦੇ ਹਨ। ਕੋਇਲਾਂ ਤੇ ਘੁੱਗੀਆਂ ਮਸਤ ਹੋ ਕੇ ਮਿੱਠੇ-ਮਿੱਠੇ ਗੀਤ ਸਣਾਉਂਦੀਆਂ ਹਨ।ਗੱਲ ਕੀ ਬਸੰਤ ਰੁੱਤ ਆਉਂਦਿਆਂ ਹੀ ਕਣ-ਕਣ, ਜ਼ਰਾ-ਜ਼ਰਾ ਮਹਿਕ ਉੱਠਦਾ ਹੈ। ਮਨੁੱਖ, ਪਸ਼ੂ, ਪੰਛੀ ਸਭ ਉਤਸ਼ਾਹ ਨਾਲ ਭਰ ਜਾਂਦੇ ਹਨ। ਹਰ ਦਿਨ ਨਵੀਂ ਉਮੰਗ ਨਾਲ ਸੂਰਜ ਉਦੈ ਹੁੰਦਾ ਹੈ।ਇਸ ਦਿਨ ਸਰਸਵਤੀ ਦੀ ਪੂਜਾ ਕੀਤੀ ਜਾਂਦੀ ਹੈ। ਇਹ ਪੂਜਾ ਭਾਰਤ, ਬੰਗਲਾ ਦੇਸ਼, ਨੇਪਾਲ ਤੇ ਹੋਰ ਕਈ ਥਾਵਾਂ ਤੇ ਕੀਤੀ ਜਾਂਦੀ ਹੈ।

ਇਤਿਹਾਸਿਕ ਪਿਛੋਕੜ

ਬਸੰਤ ਪੰਚਮੀ ਦਾ ਇਤਿਹਾਸ ਹੈ ਤਾਂ ਨਿਰੋਲ ਲੌਕਿਕ, ਪਰ ਸਮੇਂ-ਸਮੇਂ ਤੇ ਇਸ ਨਾਲ ਧਾਰਮਿਕ ਗਤੀਵਿਧੀਆਂ ਜੁੜਦੀਆਂ ਗਈਆਂ।ਬ੍ਰਹਮਾ ਜੀ ਨੇ ਜੀਵਾਂ ਦੀ ਉੱਤਪਤੀ ਕੀਤੀ, ਪਰ ਆਪਣੀ ਇਸ ਉੱਤਪਤੀ ਤੋਂ ਬਹੁਤਾ ਖੁਸ਼ ਨਾ ਹੋਏ। ਬ੍ਰਹਮਾ ਨੇ ਵਿਸ਼ਨੂੰ ਤੋਂ ਆਗਿਆ ਲੈ ਕੇ ਆਪਣੇ ਕਮੰਡਲ ਵਿੱਚੋਂ ਪ੍ਰਿਥਵੀ ਤੇ ਜਲ ਛਿੜਕਿਆ ਤੇ ਇਸ ਨਾਲ ਧਰਤੀ ਤੇ ਸਰਸਰਾਹਟ ਪੈਦਾ ਹੋਈ।ਇਸ ਨਾਲ ਧਰਤੀ ਤੇ ਇੱਕ ਦੇਵੀ ਦਾ ਆਗਮਨ ਹੋਇਆ। ਇਸ ਦੇਵੀ ਦੇ ਚਾਰ ਹੱਥ ਸਨ। ਇੱਕ ਹੱਥ ਵਿੱਚ ਵੀਣਾ, ਦੂਜੇ ਹੱਥ ਵਿੱਚ ਕਮਲ, ਤੀਜੇ ਹੱਥ ਵਿੱਚ ਮਾਲਾ ਤੇ ਚੌਥੇ ਹੱਥ ਵਿੱਚ ਕਿਤਾਬ ਸੀ। ਬ੍ਰਹਮਾ ਜੀ ਨੇ ਉਸ ਦੇਵੀ ਨੂੰ ਵਰਦਾਨ ਦਿੱਤਾ ਕਿ ਜਿਸ ਪ੍ਰਾਣੀ ਵਿੱਚ ਵੀ ਤੇਰਾ ਵਾਸ ਹੋਵੇਗਾ ਉਹ ਪੂਜਣਯੋਗ ਹੋਵੇਗਾ। ਇਹ ਦੇਵੀ ਮਾਤਾ ਸਰਸਵਤੀ ਸੀ। ਸਰਸਵਤੀ ਨੂੰ ਵਿੱਦਿਆ, ਬੁੱਧੀ, ਗਿਆਨ ਤੇ ਬਾਣੀ ਦੀ ਦੇਵੀ ਕਿਹਾ ਜਾਂਦਾ ਹੈ। ਸੰਗੀਤ ਦੀ ਉੱਤਪਤੀ ਕਰਨ ਕਰਕੇ ਇਹ ਸੰਗੀਤ ਦੀ ਦੇਵੀ ਵੀ ਕਹਿਲਾਈ।ਬਸੰਤ ਪੰਚਮੀ ਦੇ ਦਿਨ ਨੂੰ ਮਾਤਾ ਸਰਸਵਤੀ ਦੇ ਜਨਮ ਦਿਨ ਵਜੋਂ ਮਨਾਇਆ ਜਾਂਦਾ ਹੈ। ਪੁਰਾਣਾਂ ਅਨੁਸਾਰ ਸ਼੍ਰੀ ਕ੍ਰਿਸ਼ਨ ਜੀ ਨੇ ਵੀ ਸਰਸਵਤੀ ਤੋਂ ਖ਼ੁਸ਼ ਹੋ ਕੇ ਵਰਦਾਨ ਦਿੱਤਾ ਸੀ ਕਿ ਬਸੰਤ ਪੰਚਮੀ ਵਾਲੇ ਦਿਨ ਆਪ ਦੀ ਅਰਾਧਨਾ ਕੀਤੀ ਜਾਵੇਗੀ ਜੋ ਨਿਰੰਤਰ ਜਾਰੀ ਹੈ।

ਬਸੰਤ ਦੇ ਤਿਉਹਾਰ ਦੀ ਤਿਥੀ ਮਾਘ ਸੁਦੀ ਪੰਜ ਹੈ। ਇਸ ਰੁੱਤ ਨੂੰ ‘ਰਿਤੂ-ਰਾਜ’ ਕਰਕੇ ਵੀ ਜਾਣਿਆ ਜਾਂਦਾ ਹੈ। ਇਸ ਦਿਨ ਕਈ ਥਾਵਾਂ ‘ਤੇ ਕਾਮ ਦੇਵ ਦੀ ਵੀ ਪੂਜਾ ਕੀਤੀ ਜਾਂਦੀ ਹੈ।ਇੱਕ ਹੋਰ ਪੁਰਾਤਨ ਗ੍ਰੰਥ ਅਨੁਸਾਰ ਆਉਂਦਾ ਹੈ ਕਿ ਜਿਸ ਦਿਨ ਸ਼੍ਰੀ ਰਾਮ ਜੀ ਨੇ ਪ੍ਰੇਮ ਵੱਸ ਹੋ ਕੇ ਭੀਲਣੀ ਦੇ ਜੂਠੇ ਬੇਰ ਖਾਦੇ ਸਨ। ਗੁਜਰਾਤ ਦੇ ਡਾਂਗ ਜਿਲ੍ਹੇ ਵਿੱਚ ਉਹ ਸਥਾਨ ਮੌਜੂਦ ਹੈ ਉਸ ਦਿਨ ਵੀ ਬਸੰਤ ਪੰਚਮੀ ਸੀ।ਰਾਜਾ ਭੋਜ ਦਾ ਜਨਮ ਦਿਨ ਵੀ ਬਸੰਤ ਪੰਚਮੀ ਨੂੰ ਮਨਾਇਆ ਜਾਂਦਾ ਹੈ। ਰਾਜਾ ਭੋਜ ਬਸੰਤ ਵਾਲੇ ਦਿਨ ਬਹੁਤ ਵੱਡਾ ਉਤਸਵ ਕਰਦੇ ਸਨ। ਇਸ ਦਿਨ ਰਾਜਾ ਭੋਜ ਵੱਲੋਂ ਸਾਰੀ ਪਰਜਾ ਨੂੰ ਭੋਜਨ ਛਕਾਇਆ ਜਾਂਦਾ ਸੀ ਜੋ ਨਿਰੰਤਰ ਚਾਲੀ ਦਿਨਾਂ ਤੱਕ ਚੱਲਦਾ ਸੀ।

ਪ੍ਰਿਥਵੀ ਰਾਜ ਚੌਹਾਨ ਦੀ ਗਾਥਾ

ਬਸੰਤ ਪੰਚਮੀ ਦਾ ਇਤਹਾਸ ਸਾਨੂੰ ਪ੍ਰਿਥਵੀ ਰਾਜ ਚੌਹਾਨ ਦੀ ਵੀ ਯਾਦ ਤਾਜਾ ਕਰਾਉਂਦਾ ਹੈ। ਪ੍ਰਿਥਵੀ ਰਾਜ ਚੌਹਾਨ ਨੇ ਵਿਦੇਸ਼ੀ ਹਮਲਾਵਰ ਮੁਹੰਮਦ ਗੌਰੀ ਨੂੰ ਸੋਲ੍ਹਾਂ ਵਾਰ ਹਰਾਇਆ ਤੇ ਹਰ ਵਾਰ ਜਾਨ ਬਖਸ਼ੀ ਕਰਕੇ ਛੱਡ ਦਿੱਤਾ, ਪਰ ਜਦ ਸਤਾਰਵੀਂ ਵਾਰ ਪ੍ਰਿਥਵੀ ਰਾਜ ਚੌਹਾਨ ਮੁਹੰਮਦ ਗੌਰੀ ਹੱਥੋਂ ਹਾਰ ਗਿਆ ਤਾਂ ਮੁਹੰਮਦ ਗੌਰੀ ਨੇ ਪ੍ਰਿਥਵੀ ਰਾਜ ਚੌਹਾਨ ਨੂੰ ਕੈਦ ਕਰ ਲਿਆ ਤੇ ਆਪਣੇ ਨਾਲ ਲੈ ਗਿਆ। ਪ੍ਰਿਥਵੀ ਰਾਜ ਚੌਹਾਨ ਦੀਆਂ ਅੱਖਾਂ ਕੱਢ ਦਿੱਤੀਆਂ। ਜਦ ਮੁਹੰਮਦ ਗੌਰੀ ਮੌਤ ਦਾ ਫੁਰਮਾਣ ਜਾਰੀ ਕਰਨ ਲੱਗਾ ਤਾਂ ਪ੍ਰਿਥਵੀ ਰਾਜ ਚੌਹਾਨ ਦੇ ਸ਼ਬਦ ਭੇਦੀ ਬਾਣ ਦਾ ਕਮਾਲ ਦੇਖਣਾ ਚਾਹਿਆ ਤੇ ਉੱਚੇ ਥਾਂ ਤੇ ਖਲੋ ਕੇ ਪ੍ਰਿਥਵੀ ਰਾਜ ਚੌਹਾਨ ਦੇ ਸਾਥੀ ਕਵੀ ਚੰਦਬਰਦਾਈ ਨੂੰ ਤਵੇ ਤੇ ਚੋਟ ਮਾਰ ਕੇ ਸੰਕੇਤ ਦਿੱਤਾ ਤਾਂ ਅੱਗੋਂ ਕਵੀ ਚੰਦਬਰਦਾਈ ਨੇ ਪ੍ਰਿਥਵੀ ਰਾਜ ਚੌਹਾਨ ਨੂੰ ਸੰਦੇਸ਼ ਦਿੱਤਾ।

ਚਾਰ ਬਾਂਸ ਚੌਬੀਸ ਗਜ, ਅੰਗੁਲ ਅਸ਼ਟ ਪ੍ਰਮਾਣ

ਤਾ ਉਪਰ ਸੁਲਤਾਨ ਹੈ, ਮਤ ਚੁਕੋ ਚੌਹਾਨ

ਤਾਂ ਪ੍ਰਿਥਵੀ ਰਾਜ ਚੌਹਾਨ ਨੇ ਇਸ ਵਾਰ ਭੁੱਲ ਨਹੀ ਕੀਤੀ। ਪ੍ਰਿਥਵੀ ਰਾਜ ਨੇ ਤਵੇ ‘ਤੇ ਹੋਈ ਚੋਟ ਅਤੇ ਚੰਦਬਰਦਾਈ ਦੇ ਸੰਕੇਤ ਤੋਂ ਅਨੁਮਾਨ ਲਗਾ ਕੇ ਬਾਣ ਮਾਰਿਆ, ਤੇ ਉਹ ਬਾਣ ਮੁਹੰਮਦ ਗੌਰੀ ਦੇ ਸੀਨੇ ਵਿੱਚ ਜਾ ਧੱਸਿਆ ਤੇ ਥਾਂਏ ਹੀ ਢੇਰੀ ਕਰ ਦਿੱਤਾ।ਉਸ ਤੋਂ ਬਾਦ ਚੰਦਬਰਦਾਈ ਤੇ ਪ੍ਰਿਥਵੀ ਰਾਜ ਚੌਹਾਨ ਨੇ ਇੱਕ ਦੂਜੇ ਦੇ ਪੇਟ ਵਿੱਚ ਛੁਰਾ ਮਾਰ ਕੇ ਆਤਮਬਲੀਦਾਨ ਦੇ ਦਿੱਤਾ। ਇਹ ਘਟਨਾ ਵੀ ਬਸੰਤ ਪੰਚਮੀ ਵਾਲੇ ਦਿਨ ਹੀ ਹੋਈ।

### ਸ਼ਹੀਦ ਮਾਤਾ ਗੁਜਰੀ ਕੌਰ ਸਲਾਈ ਕੇਂਦਰ ਦੀ ‘‘ਧੀ’’ ਨੇ ਜਿੱਤਿਆ ਪਹਿਲਾ ਇਨਾਮ

# ਭਾਨ ਸਿੰਘ ਜੱਸੀ ਅਤੇ ਤੇਜਿੰਦਰ ਸਿੰਘ ਸਿਕਰਾਮੈਂਟੋ ਨੇ ਕੀਤਾ ਜੇਤੂ ਬੱਚੀ ਨੂੰ ਸਨਮਾਨਿਤ




**ਸਰਹਿੰਦ ( ਰਣਜੀਤ ਸਿੰਘ ਪੇਧਨੀ)** -ਸਥਾਨਕ ਬ੍ਰਾਹਮਣ ਮਾਜਰਾ ਦੀ ਸਲੱਮ ਬਸਤੀ ਵਿੱਚ ਸਾਲ 2015 ਤੋਂ ਸਮਾਜ ਸੇਵੀ ਭਾਨ ਸਿੰਘ ਜੱਸੀ ਦੀ ਅਗਵਾਈ ਵਿੱਚ ਸ੍ਰੀ ਗੁਰੂ ਨਾਨਕ ਸਲੱਮ ਸੇਵਾ ਮਿਸ਼ਨ ਪੰਜਾਬ ਵੱਲੋਂ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਦੀ ਯਾਦ ਵਿੱਚ ਗਰੀਬ ਬੱਚਿਆਂ ਨੂੰ ਮੁਫਤ ਪੜ੍ਹਾਉਣ ਲਈ ਚਲਾਏ ਜਾ ਰਹੇ ਸਿੱਖਿਆ ਅਤੇ ਮੁਫਤ ਸਿਲਾਈ ਕੇਂਦਰ ਵਿੱਚ ਸਮਾਗਮ ਦਾ ਆਯੋਜਨ ਕੀਤਾ ਗਿਆ। ਸਿਲਾਈ ਵਾਲੀਆਂ 25 ਲੜਕੀਆਂ ਵਿੱਚ ਹੋਏ ਸਖਤ ਮੁਕਾਬਲਿਆਂ ਵਿੱਚੋਂ ਝੁੱਗੀਆਂ ਵਿੱਚ ਰਹਿਣ ਵਾਲੀ ਧੀ ਮਾਨਕਾ ਨੇ ਪਹਿਲਾ ਸਥਾਨ ਹਾਸਿਲ ਕੀਤਾ, ਸਮਾਗਮ ਦੇ ਮੁੱਖ ਮਹਿਮਾਨ ਭਾਈ ਤੇਜਿੰਦਰ ਸਿੰਘ ਸਿਕਰਾਮੈਂਟੋ ਨੇ ਜਿੱਥੇ ਇਸ ਬੱਚੀ ਨੂੰ ਗਰਮ ਸਾਲ , ਇਨਰ ਸੈਟ ਅਤੇ ਨਵੀਂ ਸਿਲਾਈ ਮਸ਼ੀਨ ਨਾਲ ਸਨਮਾਨਿਤ ਕੀਤਾ ਉੱਥੇ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੀਆਂ ਬਾਕੀ ਬੱਚੀਆਂ ਨੂੰ ਵੀ ਹੌਸਲਾ ਵਧਾਓ ਇਨਾਮ ਦਿੱਤੇ, ਭਾਈ ਤੇਜਿੰਦਰ ਸਿੰਘ ਸਿਕਰਾਮੈਂਟੋ ਨੇ ਖੁਸ਼ੀ ਜਾਹਰ ਕਰਦਿਆਂ ਦੱਸਿਆ ਕਿ ਗਰੀਬਾਂ ਅਤੇ ਲੋੜਵੰਦਾਂ ਦੇ ਬੱਚੇ ਪੜਨ ਅਤੇ ਬੱਚੀਆਂ ਵੱਲੋਂ ਸਲਾਈ ਦੀ ਟ੍ਰੇਨਿੰਗ ਪ੍ਰਾਪਤ ਕਰਨ ਵਿੱਚ ਮੱਲਾਂ ਮਾਰੀਆਂ ਜਾ ਰਹੀਆਂ ਹਨ ਉੱਥੇ ਇਹਨਾਂ ਸਾਰਿਆਂ ਵੱਲੋਂ ਸਤਿਗੁਰ ਪਾਤਸ਼ਾਹ ਜੀ ਦਾ “ਸਿਮਰਨ” ਵੀ ਸ਼ਾਨਦਾਰ ਤਰੀਕੇ ਨਾਲ ਕੀਤਾ ਜਾਂਦਾ, ਇਸ ਮੌਕੇ ਜਬਰ ਜੁਲਮ ਵਿਰੋਧੀ ਫਰੰਟ ਦੇ ਸੂਬਾ ਪ੍ਰਧਾਨ ਸ: ਰਾਜ ਸਿੰਘ ਟੋਡਰਵਾਲ ਨੇ ਵੀ ਫਸਟ ਪੁਜੀਸ਼ਨ ਪ੍ਰਾਪਤ ਕਰਨ ਵਾਲੀ ਬੱਚੀ ਨੂੰ ਵਧਾਈਆਂ ਦਿੱਤੀਆਂ, ਅੰਤ ਵਿੱਚ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਭਾਈ ਤੇਜਿੰਦਰ ਸਿੰਘ ਸਿਕਰਾਮੈਂਟੋ , ਬੱਚਿਆਂ ਅਤੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ, ਇਸ ਮੌਕੇ ਹੈਡ ਟੀਚਰ ਮੈਡਮ ਪੂਜਾ ਰਾਣੀ, ਮੈਡਮ ਮਨਦੀਪ ਕੌਰ ਆਦਿ ਸ਼ਖਸੀਅਤ ਹਾਜਰ ਸਨ।

# ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਵਿਚਕਾਰ ਵੱਧਦਾ ਫਾਸਲਾ

ਪਿਛਲੇ ਕੁਝ ਸਾਲਾਂ ਵਿੱਚ ਸਿੱਖਿਆ ਮਾਹਿਰਾਂ ਅਤੇ ਵਿਦਿਆਰਥੀ ਇੱਕ ਦੂਜੇ ਦੇ ਖਿਲਾਫ ਵੱਧਦੇ ਫਾਸਲੇ ਦਾ ਸਾਹਮਣਾ ਕਰ ਰਹੇ ਹਨ ਅਤੇ ਦੇਸ਼ ਭਰ ਦੇ ਸਕੂਲਾਂ ਵਿੱਚ ਇਹ ਵੱਧਦਾ ਫਾਸਲਾ ਇੱਕ ਵੱਡੀ ਸਮੱਸਿਆ ਬਣ ਕੇ ਉੱਭਰ ਰਿਹਾ ਹੈ। ਇਹ ਪਾੜਾ ਜੋ ਤੇਜ਼ੀ ਨਾਲ ਵਿਕਸਤ ਹੋ ਰਹੀਆਂ ਤਕਨੀਕਾਂ, ਬਦਲਦੇ ਸਮਾਜਿਕ ਨਿਯਮਾਂ ਅਤੇ ਵਿਕਸਤ ਹੁੰਦੀਆਂ ਸਿੱਖਿਆ ਦੀਆਂ ਉਮੀਦਾਂ ਦੁਆਰਾ ਪ੍ਰੇਰਿਤ ਹੈ ਸਿੱਖਣ ਅਤੇ ਸਿਖਾਉਣ ਲਈ ਮਹੱਤਵਪੂਰਨ ਚੁਣੌਤੀਆਂ ਪੈਦਾ ਕਰਦਾ ਹੈ।



**ਡਿਜ਼ੀਟਲ ਫਾਸਲਾ**-ਇੱਕ ਸਭ ਤੋਂ ਪ੍ਰਮੁੱਖ ਕਾਰਕ ਜੋ ਇਸ ਵੱਧਦੇ ਫਾਸਲੇ ਵਿੱਚ ਯੋਗਦਾਨ ਦੇ ਰਿਹਾ ਹੈ ਉਹ ਹੈ ਡਿਜ਼ੀਟਲ ਸਿੱਖਿਆ। ਅੱਜ ਦੇ ਵਿਦਿਆਰਥੀ ਜਿਨ੍ਹਾਂ ਨੂੰ ਅਕਸਰ ਡਿਜ਼ੀਟਲ ਨਿਵਾਸੀ ਕਿਹਾ ਜਾਂਦਾ ਹੈ, ਇੱਕ ਐਸੇ ਯੁੱਗ ਵਿੱਚ ਵੱਡੇ ਹੋਏ ਹਨ ਜੋ ਤਕਨੀਕ ਨਾਲ ਭਰਪੂਰ ਹੈ।ਉਹ ਸੋਸ਼ਲ ਮੀਡੀਆ, ਆਨਲਾਈਨ ਗੇਮਿੰਗ ਅਤੇ ਵੱਖ-ਵੱਖ ਡਿਜ਼ੀਟਲ ਪਲੇਟਫਾਰਮਾਂ ਵਿੱਚ ਨਿਪੁੰਨ ਹਨ। ਇਸਦੇ ਵਿਰੁੱਧ, ਬਹੁਤ ਸਾਰੇ ਅਧਿਆਪਕ ਖਾਸ ਕਰਕੇ ਉਹ ਅਧਿਆਪਕ ਜਿਹਨਾਂ ਨੇ ਆਪਣੇ ਕੈਰੀਅਰ ਦੀ ਸ਼ੁਰੂਆਤ ਤਕਨੀਕ ਦੇ ਬੂਮ ਤੋਂ ਪਹਿਲਾਂ ਕੀਤੀ—ਨਵੀਨਤਮ ਟੂਲਾਂ ਅਤੇ ਰੁਝਾਨਾਂ ਨਾਲ ਸਾਂਝ ਪਾਉਣ ਵਿੱਚ ਮੁਸ਼ਕਲ ਮਹਿਸੂਸ ਕਰਦੇ ਹਨ।ਵੱਖ ਵੱਖ ਸੰਸਥਾਵਾਂ ਦੁਆਰਾ ਕੀਤੇ ਗਏ ਹਾਲੀਆ ਸਰਵੇਖਣ ਦੇ ਅਨੁਸਾਰ 60% ਤੋਂ ਜ਼ਿਆਦਾ ਅਧਿਆਪਕਾਂ ਨੇ ਰਿਪੋਰਟ ਕੀਤਾ ਕਿ ਉਹ ਆਪਣੇ ਪਾਠਾਂ ਵਿੱਚ ਤਕਨੀਕ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸ਼ਾਮਲ ਕਰਨ ਲਈ ਤਿਆਰ ਨਹੀਂ ਮਹਿਸੂਸ ਕਰਦੇ। ਇਸ ਕਮੀ ਕਾਰਨ ਦੋਹਾਂ ਪੱਖਾਂ ’ਤੇ ਨਿਰਾਸ਼ਾ ਉੱਭਰ ਸਕਦੀ ਹੈ, ਕਿਉਂਕਿ ਵਿਦਿਆਰਥੀ ਉਸ ਸਮੇਂ ਬੇਪਰਵਾਹ ਹੋ ਸਕਦੇ ਹਨ ਜਦੋਂ ਪਾਠ ਉਨ੍ਹਾਂ ਦੇ ਡਿਜ਼ੀਟਲ ਜੀਵਨਸ਼ੈਲੀ ਨਾਲ ਜੁੜੇ ਨਹੀਂ ਹੁੰਦੇ।

**ਬਦਲਦੀਆਂ ਸੰਚਾਰ ਸ਼ੈਲੀਆਂ**-ਵਿਦਿਆਰਥੀਆਂ ਦੇ ਸੰਚਾਰ ਕਰਨ ਦਾ ਢੰਗ ਵੀ ਨਾਟਕੀ ਤੌਰ ’ਤੇ ਬਦਲ ਗਿਆ ਹੈ। ਟੈਕਸਟਿੰਗ ਅਤੇ ਤੁਰੰਤ ਸੁਨੇਹੇ ਭੇਜਣ ਦੇ ਚੜ੍ਹਦੇ ਰੁਝਾਨ ਨਾਲ, ਬਹੁਤ ਸਾਰੇ ਨੌਜਵਾਨ ਲੋਕ ਈਮੇਲਾਂ ਦੇ ਮੁਕਾਬਲੇ ਛੋਟੀਆਂ, ਗੈਰ-ਰਸਮੀ ਗੱਲਬਾਤਾਂ ਨੂੰ ਤਰਜ਼ੀਹ ਦਿੰਦੇ ਹਨ।ਅਧਿਆਪਕ ਜੋ ਅਕਸਰ ਹੋਰ ਪਰੰਪਰਾਗਤ ਸੰਚਾਰ ਦੇ ਢੰਗ ’ਤੇ ਨਿਰਭਰ ਕਰਦੇ ਹਨ, ਵਿਦਿਆਰਥੀਆਂ ਨਾਲ ਜੁੜਨ ਵਿੱਚ ਔਖ ਮਹਿਸੂਸ ਕਰ ਸਕਦੇ ਹਨ। ਸਿੱਖਿਆ ਮਨੋਵਿਗਿਆਨੀ ਦੱਸਦੇ ਹਨ ਕਿ ਸੰਚਾਰ ਸ਼ੈਲੀਆਂ ਵਿੱਚ ਪੀੜ੍ਹੀਵਾਰ ਫਾਸਲਾ ਸਮਝਦਾਰੀ ਅਤੇ ਵਿਅਕਤੀਗਤ ਅਨੁਭਵਾਂ ਨੂੰ ਪੈਦਾ ਕਰ ਸਕਦਾ ਹੈ। ਜਦੋਂ ਵਿਦਿਆਰਥੀਆਂ ਨੂੰ ਮਹਿਸੂਸ ਹੁੰਦਾ ਹੈ ਕਿ ਉਨ੍ਹਾਂ ਦੀਆਂ ਆਵਾਜ਼ਾਂ ਨਹੀਂ ਸੁਣੀਆਂ ਜਾਂਦੀਆਂ ਜਾਂ ਸਮਝੀਆਂ ਜਾਂਦੀਆਂ, ਤਾਂ ਇਹ ਬੇਪਰਵਾਹੀ ਅਤੇ ਵਿਵਹਾਰਕ ਮੁੱਦਿਆਂ ਦੀਆਂ ਚਿੰਤਾਵਾਂ ਦਾ ਕਾਰਨ ਬਣ ਸਕਦਾ ਹੈ।”

**ਬਦਲਦੀਆਂ ਸਿੱਖਿਆ ਦੀਆਂ ਉਮੀਦਾਂ**-ਇਸ ਤੋਂ ਇਲਾਵਾ, ਸਿੱਖਿਆ ਦੀਆਂ ਉਮੀਦਾਂ ਵੀ ਬਦਲ ਰਹੀਆਂ ਹਨ। ਅੱਜ ਦੇ ਵਿਦਿਆਰਥੀਆਂ ਨੂੰ ਨਾ ਸਿਰਫ ਅਕਾਦਮਿਕ ਤੌਰ ’ਤੇ ਵਧੀਆ ਕਰਨ ਦੀ ਉਮੀਦ ਕੀਤੀ ਜਾਂਦੀ ਹੈ ਸਗੋਂ ਉਹਨਾਂ ਨੂੰ ਨਿਰਣਾਇਕ ਸੋਚ, ਭਾਵਨਾਤਮਕ ਬੁੱਧੀ ਅਤੇ ਅਨੁਕੂਲਤਾ ਵਿਕਸਤ ਕਰਨ ਦੀ ਵੀ ਉਮੀਦ ਕੀਤੀ ਜਾਂਦੀ ਹੈ। ਸਿੱਖਿਆ ਦੇ ਇਸ ਬਹੁ-ਪੱਖੀ ਦ੍ਰਿਸ਼ਟੀਕੋਣ ਨੇ ਅਧਿਆਪਕਾਂ ’ਤੇ ਵਾਧੂ ਦਬਾਅ ਪੈਦਾ ਕੀਤਾ ਹੈ, ਜੋ ਪਾਠਕ੍ਰਮਾਂ ਦੀਆਂ ਲੋੜਾਂ ਅਤੇ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਦੀ ਲੋੜਾਂ ਨੂੰ ਸੰਤੁਲਿਤ ਕਰਨ ਲਈ ਕੰਮ ਕਰਨਾ ਚਾਹੁੰਦੇ ਹਨ। ਸਿੱਖਿਆ ਸਿਖਲਾਈ ਸੰਸਥਾਵਾਂ ਦੀ ਇੱਕ ਰਿਪੋਰਟ ਦਰਸਾਉਂਦੀ ਹੈ ਕਿ ਜਦੋਂ ਕਿ 85% ਅਧਿਆਪਕ ਮੰਨਦੇ ਹਨ ਕਿ ਉਹ ਅਕਾਦਮਿਕ ਸਮੱਗਰੀ ਸਿਖਾਉਣ ਲਈ ਤਿਆਰ ਹਨ, ਕੇਵਲ 40% ਮਹਿਸੂਸ ਕਰਦੇ ਹਨ ਕਿ ਉਹ ਸਮਾਜਿਕ-ਭਾਵਨਾ ਸਿਖਾਈ ਦੇਣ ਲਈ ਪ੍ਰਭਾਵਸ਼ਾਲੀ ਹਨ। ਇਹ ਅੰਤਰ ਵਿਦਿਆਰਥੀਆਂ ਨੂੰ ਮਹਿਸੂਸ ਕਰਵਾ ਸਕਦਾ ਹੈ ਕਿ ਉਹਨਾਂ ਦਾ ਸਮਰਥਨ ਨਹੀਂ ਕੀਤਾ ਜਾ ਰਿਹਾ।

**ਜਮਾਤ ਦੀਆਂ ਗਤੀਵਿਧੀਆਂ ’ਤੇ ਪ੍ਰਭਾਵ**-ਵੱਧਦਾ ਫਾਸਲਾ ਜਮਾਤ ਦੀਆਂ ਗਤੀਵਿਧੀਆਂ ਵਿੱਚ ਵੀ ਦਿਖਾਈ ਦੇ ਰਿਹਾ ਹੈ।ਅਧਿਆਪਕ ਮਨੋਵਿਗਿਆਨਿਕ ਸੁਭਾਅ ਦੇ ਮੁੱਦਿਆਂ ਅਤੇ ਵਿਦਿਆਰਥੀਆਂ ਤੋਂ ਵਧਦੀ ਬੇਪਰਵਾਹੀ ਦੇ ਵਧਦੇ ਕੇਸਾਂ ਦੀ ਰਿਪੋਰਟ ਕਰ ਰਹੇ ਹਨ, ਜਦੋਂ ਕਿ ਵਿਦਿਆਰਥੀਆਂ ਨੇ ਮਹਿਸੂਸ ਕੀਤਾ ਹੈ ਕਿ ਉਹਨਾਂ ਦੀ ਵਿਚਾਰਧਾਰਾ ਨੂੰ ਕੀਮਤੀ ਨਹੀਂ ਸਮਝਿਆ ਜਾਂਦਾ। ਵਿਦਿਆਰਥੀਆਂ ਅਨੁਸਾਰ ਕਈ ਵਾਰੀ ਇਹ ਮਹਿਸੂਸ ਹੁੰਦਾ ਹੈ ਕਿ ਉਹਨਾਂ ਦੇ ਅਧਿਆਪਕ ਸਿਰਫ ਇਹ ਨਹੀਂ ਸਮਝਦੇ ਕਿ ਵਿਦਿਆਰਥੀ ਕਿੰਨਾਂ ਹਾਲਾਤਾਂ ਵਿੱਚੋਂ ਗੁਜ਼ਰ ਰਹੇ ਹਨ।” ਇਸ ਮੁੱਦੇ ਦਾ ਸਾਹਮਣਾ ਕਰਨ ਲਈ, ਕੁਝ ਸਕੂਲ ਪ੍ਰੋਗ੍ਰਾਮ ਲਾਗੂ ਕਰ ਰਹੇ ਹਨ ਜੋ ਵਿਦਿਆਰਥੀਆਂ ਅਤੇ ਅਧਿਆਪਕਾਂ ਦਰਮਿਆਨ ਵਧੀਆ ਸੰਚਾਰ ਅਤੇ ਸਮਝ ਬਣਾਉਣ ’ਤੇ ਕੇਂਦ੍ਰਿਤ ਹਨ। ਸਮਾਨ-ਸਤਹ ਮੈਨਟਰਿੰਗ, ਸਹਿ-ਯੋਜਨਾ ਪ੍ਰੋਜੈਕਟ ਅਤੇ ਨਿਯਮਿਤ ਫੀਡਬੈਕ ਸੈਸ਼ਨਾਂ ਵਰਗੇ ਉਪਰਾਲੇ ਇਸ ਫਾਸਲੇ ਨੂੰ ਪੁੱਟਣ ਅਤੇ ਵਿਦਿਆਰਥੀ ਅਤੇ ਅਧਿਆਪਕ ਦੇ ਵਿਚਕਾਰ ਸੁਖਾਲੇ ਵਾਤਾਵਰਨ ਬਣਾਉਣ ਲਈ ਡਿਜ਼ਾਈਨ ਕੀਤੇ ਗਏ ਹਨ।

**ਭਵਿੱਖ ਵੱਲ ਦੇਖਣਾ**-ਜਿਵੇਂ ਕਿ ਸਿੱਖਿਆ ਮਾਹਰ ਅਤੇ ਵਿਦਿਆਰਥੀ ਇਨ੍ਹਾਂ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ। ਇਹ ਸਾਫ਼ ਹੈ ਕਿ ਵੱਧਦੇ ਫਾਸਲੇ ਦਾ ਸਾਹਮਣਾ ਕਰਨ ਲਈ ਸਿੱਖਿਆ ਪ੍ਰਣਾਲੀ ਦੇ ਹਰ ਪੱਖ ਤੋਂ ਇਕੱਠੇ ਹੋ ਕੇ ਕੋਸ਼ਿਸ਼ ਕਰਨ ਦੀ ਲੋੜ ਹੈ। ਤਕਨੀਕ ਇੰਟੀਗ੍ਰੇਸ਼ਨ, ਸੰਚਾਰ ਰਣਨੀਤੀਆਂ ਅਤੇ ਸਮਾਜਿਕ-ਭਾਵਨਾ ਸਿਖਾਈ ’ਤੇ ਕੇਂਦ੍ਰਿਤ ਪੇਸ਼ਾਵਰ ਵਿਕਾਸ ਪ੍ਰੋਗ੍ਰਾਮ ਅਧਿਆਪਕਾਂ ਨੂੰ ਉਹਨਾਂ ਦੇ ਵਿਦਿਆਰਥੀਆਂ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਜੁੜਨ ਲਈ ਲੋੜੀਂਦੇ ਟੂਲਾਂ ਨਾਲ ਸਜਾਇਆ ਜਾ ਸਕਦਾ ਹੈ। ਇਸ ਤੋਂ ਇਲਾਵਾ ਵਿਦਿਆਰਥੀਆਂ ਅਤੇ ਅਧਿਆਪਕਾਂ ਦਰਮਿਆਨ ਖੁੱਲ੍ਹੀ ਗੱਲਬਾਤ ਨੂੰ ਉਤਸ਼ਾਹਿਤ ਕਰਨਾ ਆਪਸੀ ਤਾਲਮੇਲ ਅਤੇ ਸਮਝ ਬਣਾਉਣ ਵਿੱਚ ਮਦਦਗਾਰ ਹੋ ਸਕਦਾ ਹੈ। ਇੱਕ ਦੂਜੇ ਦੇ ਨਜ਼ਰੀਏ ਨੂੰ ਮੰਨ ਕੇ ਅਤੇ ਸਾਂਝੇ ਟੀਚਿਆਂ ਵੱਲ ਮਿਲ ਕੇ ਕੰਮ ਕਰਕੇ ਦੋਵੇਂ ਪੱਖ ਇੱਕ ਸੁਖਦਾਈ ਅਤੇ ਉਤਪਾਦਕ ਸਿੱਖਣ ਵਾਲਾ ਵਾਤਾਵਰਨ ਬਣਾਉਣ ’ਚ ਯੋਗਦਾਨ ਦੇ ਸਕਦੇ ਹਨ। ਜਿਸ ਯੁੱਗ ਵਿੱਚ ਸਿੱਖਿਆ ਪਹਿਲਾਂ ਤੋਂ ਵੀ ਜ਼ਿਆਦਾ ਮਹੱਤਵਪੂਰਣ ਹੈ ਵਿਦਿਆਰਥੀਆਂ ਅਤੇ ਅਧਿਆਪਕਾਂ ਦਰਮਿਆਨ ਫਾਸਲੇ ਨੂੰ ਘਟਾਉਣਾ ਨਾ ਸਿਰਫ ਲਾਭਦਾਇਕ ਹੈ ਬਲਕਿ ਇਹ ਭਵਿੱਖ ਦੇ ਆਗੂਆਂ ਨੂੰ ਵਿਕਸਤ ਕਰਨ ਲਈ ਅਹਿਮ ਹੈ। ਜਦੋਂ ਦੋਵੇਂ ਪੱਖ ਇੱਕ ਦੂਜੇ ਨਾਲ ਮਿਲ ਕੇ ਕੰਮ ਕਰਨ ਦੀ ਕੋਸ਼ਿਸ਼ ਕਰਦੇ ਹਨ ਉਸ ਸਮੇਂ ਇਹ ਆਸ਼ਾ ਜਗਦੀ ਹੈ ਕਿ ਜਮਾਤ ਸਿੱਖਣ ਤੇ ਸਿਖਲਾਈ ਦੇ ਬਹੁਤ ਵਧੀਆ ਸਥਾਨ ਬਣ ਸਕਦੇ ਹਨ। ਵਿਦਿਆਰਥੀਆਂ ਅਤੇ ਅਧਿਆਪਕਾਂ ਵਿਚਕਾਰ ਫਾਸਲਾ ਵੱਧ ਸਕਦਾ ਹੈ ਪਰੰਤੂ ਪਹਿਲਾਂ ਤੋਂ ਹੀ ਕੋਸ਼ਿਸ਼ ਅਤੇ ਚੰਗੀਆਂ ਨੀਤੀਆਂ ਲਾਗੂ ਕਰਕੇ ਇਸ ਪਾੜੇ ਨੂੰ ਘੱਟ ਕਰਨ ਦੀ ਇੱਛਾ ਨਾਲ ਇਸ ਚੁਣੌਤੀ ਨੂੰ ਵਿਕਾਸ ਅਤੇ ਸੰਪਰਕ ਲਈ ਇੱਕ ਮੌਕੇ ਵਿੱਚ ਬਦਲਣਾ ਸੰਭਵ ਹੈ। ਮੌਜੂਦਾ ਯੁਗ ਵਿੱਚ ਜਦੋਂ ਅਸੀਂ ਸਿੱਖਿਆ ਦੇ ਭਵਿੱਖ ਵੱਲ ਦੇਖ ਰਹੇ ਹਾਂ ਤਾਂ ਇਹ ਜਰੂਰੀ ਹੈ ਕਿ ਪੀੜ੍ਹੀਆਂ ਵਿਚਕਾਰ ਸਮਝ ਬਣਾਉਣਾ ਸਾਡੇ ਸਿੱਖਣ ਸਿਖਾਉਣ ਦੀ ਪੂਰੀ ਸੰਭਾਵਨਾ ਨੂੰ ਖੋਲ੍ਹਣ ਲਈ ਕੁੰਜੀ ਹੋਵੇਗਾ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

# ਆਸਟ੍ਰੇਲੀਆ ’ਚ ਮੁੜ ਹੋਇਆ ਹਮਲਾ, ਨਿਊ ਸਾਊਥ ਵੇਲਜ਼ ’ਚ ਗੋਲੀਬਾਰੀ, 3 ਲੋਕਾਂ ਦੀ ਮੌਤ

**ਸਿਡਨੀ, 22 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਆਸਟ੍ਰੇਲੀਆ ਦੇ ਨਿਊ ਸਾਊਥ ਵੇਲਜ਼ ਵਿੱਚ ਵੀਰਵਾਰ ਨੂੰ ਹੋਈ ਗੋਲੀਬਾਰੀ ਵਿੱਚ ਤਿੰਨ ਲੋਕਾਂ ਦੀ ਮੌਤ ਹੋ ਗਈ ਅਤੇ ਇੱਕ ਹੋਰ ਜ਼ਖਮੀ ਹੋ ਗਿਆ। ਪੁਲਿਸ ਨੇ ਦੱਸਿਆ ਕਿ ਵੀਰਵਾਰ ਨੂੰ ਨਿਊ ਸਾਊਥ ਵੇਲਜ਼ ਰਾਜ ਦੇ ਇੱਕ ਕਸਬੇ ਵਿੱਚ ਗੋਲੀਬਾਰੀ ਦੀ ਘਟਨਾ ਵਾਪਰੀ ਹੈ। ਪੁਲਿਸ ਦੇ ਇੱਕ ਬਿਆਨ ਦੇ ਅਨੁਸਾਰ ਗੋਲੀਬਾਰੀ ਦੀਆਂ ਰਿਪੋਰਟਾਂ ਮਿਲਣ ਤੋਂ ਬਾਅਦ, ਲਗਭਗ 1,500 ਲੋਕਾਂ ਦੇ ਕਸਬੇ ਲੇਕ ਕਾਰਗੇਲੀਗੋ ਵਿੱਚ ਐਮਰਜੈਂਸੀ ਸੇਵਾਵਾਂ ਨੂੰ ਬੁਲਾਇਆ ਗਿਆ। ਪੁਲਿਸ ਨੇ ਕਿਹਾ ਕਿ ਤਿੰਨ ਲੋਕਾਂ ਦੀ ਮੌਤ ਹੋ ਗਈ, ਜਿਨ੍ਹਾਂ ਵਿੱਚ ਦੋ ਔਰਤਾਂ ਅਤੇ ਇੱਕ ਆਦਮੀ ਸ਼ਾਮਲ ਹੈ। ਇੱਕ ਹੋਰ ਵਿਅਕਤੀ ਨੂੰ ਹਸਪਤਾਲ ਭਰਤੀ ਕਰਵਾਇਆ ਗਿਆ ਹੈ। ਹਮਲਾਵਰ ਅਜੇ ਵੀ ਫਰਾਰ ਹੈ। ਪੁਲਿਸ ਨੇ ਜਨਤਾ ਨੂੰ ਇਲਾਕੇ ਤੋਂ ਬਚਣ ਅਤੇ ਸਥਾਨਕ ਨਿਵਾਸੀਆਂ ਨੂੰ ਘਰ ਦੇ ਅੰਦਰ ਰਹਿਣ ਦੀ ਅਪੀਲ ਕੀਤੀ। ਪੁਲਿਸ ਦੇ ਅਨੁਸਾਰ, ਅੱਜ ਦੁਪਹਿਰ ਸਿਡਨੀ ਤੋਂ ਲਗਭਗ 600 ਕਿਲੋਮੀਟਰ ਪੱਛਮ ਵਿੱਚ ਸਥਿਤ ਲੇਕ ਕਾਰਗੇਲੀਗੋ ਕਸਬੇ ਵਿੱਚ ਗੋਲੀਬਾਰੀ ਦੀਆਂ ਰਿਪੋਰਟਾਂ ਮਿਲੀਆਂ। ਐਮਰਜੈਂਸੀ ਸੇਵਾਵਾਂ ਨੂੰ ਤੁਰੰਤ ਘਟਨਾ ਸਥਾਨ ’ਤੇ ਭੇਜਿਆ ਗਿਆ। ਉੱਥੇ ਦੋ ਔਰਤਾਂ ਅਤੇ ਇੱਕ ਆਦਮੀ ਮ੍ਰਿਤਕ ਪਾਏ ਗਏ, ਜਦੋਂ ਕਿ ਇੱਕ ਹੋਰ ਆਦਮੀ ਨੂੰ ਗੰਭੀਰ ਪਰ ਸਥਿਰ ਹਾਲਤ ਵਿੱਚ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਨਿਊ ਸਾਊਥ ਵੇਲਜ਼ ਪੁਲਿਸ ਨੇ ਕਿਹਾ ਕਿ ਲੇਕ ਕਾਰਗੇਲੀਗੋ ਵਿੱਚ ਇਸ ਸਮੇਂ ਪੁਲਿਸ ਕਾਰਵਾਈ ਚੱਲ ਰਹੀ ਹੈ। ਪੁਲਿਸ ਨੇ ਲੋਕਾਂ ਨੂੰ ਉਸ ਖੇਤਰ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਹੈ ਅਤੇ ਸਥਾਨਕ ਨਿਵਾਸੀਆਂ ਨੂੰ ਆਪਣੇ ਘਰਾਂ ਦੇ ਅੰਦਰ ਰਹਿਣ ਲਈ ਕਿਹਾ ਹੈ।

### ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ

# ਜਨਮ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਗਏ

## ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਵੱਲੋਂ ਪਹੁੰਚੀਆਂ ਸਮੂਹ ਸੰਗਤਾਂ ਨੂੰ ਜੀ ਆਇਆ ਕਿਹਾ














ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਸ਼੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਨਾਲ ਜੂਨ 1984 ਦੌਰਾਨ ਸੱਚਖੰਡ ਹਰਿਮੰਦਰ ਸਾਹਿਬ ਜੀ ਵਿਖੇ ਜੂਝ ਕੇ ਸ਼ਹਾਦਤ ਦਾ ਜਾਮ ਪੀਣ ਵਾਲੇ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਧੰਨ ਧੰਨ ਬਾਬਾ ਬੀਰ ਸਿੰਘ ਜੀ ਵਾੜਾ ਸ਼ੇਰ ਸਿੰਘ ਵਿਖੇ ਸ਼ਹੀਦ ਪਰਿਵਾਰ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਗਿਆ। ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਵਾ ਕੇ ਉਪਰੰਤ ਦੀਵਾਨ ਸਜਾਏ ਗਏ ਆਏ ਹੋਏ ਪਾਵਨ ਮੁੱਖਵਾਕ ਦੀ ਕਥਾ ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਵੱਡੇ ਸਪੁੱਤਰ ਬਾਬਾ ਦਇਆ ਸਿੰਘ ਜੀ ਵੱਲੋਂ ਕੀਤੀ ਗਈ। ਬਾਬਾ ਤਰਸੇਮ ਸਿੰਘ ਜੀ ਨਾਨਕਸਰ ਵਾਲਿਆਂ ਨੇ ਸ਼ਬਦ ਧਾਰਨਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਇਸ ਤੋਂ ਉਪਰੰਤ ਗੁਰਦੁਆਰਾ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਨਿਸ਼ਾਨ ਸਿੰਘ ਜੀ ਪਹੁੰਚ ਕੇ ਕਥਾ ਰਾਹੀਂ ਸੰਗਤਾਂ ਨੂੰ ਨਾਮ ਬਾਣੀ ਸਿਮਰਨ ਨਾਲ ਜੋੜਿਆ। ਬਹੁਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜਰੀ ਭਰੀ ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ। ਸ਼ਹੀਦ ਭਾਈ ਸਰਵਣ ਸਿੰਘ ਜੀ ਧਰਮ ਸੁਪਤਨੀ ਬੀਬੀ ਗੁਰਵਿੰਦਰ ਕੌਰ ਜੀ ਅਤੇ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਵੱਲੋਂ ਪਹੁੰਚੀਆਂ ਸਮੂਹ ਸੰਗਤਾਂ ਨੂੰ ਜੀ ਆਇਆ ਕਿਹਾ ਤੇ ਧੰਨਵਾਦ ਕੀਤਾ। ਇਸ ਮੌਕੇ ਜਥੇਦਾਰ ਵਜ਼ੀਰ ਸਿੰਘ ਜੀ ਵਾਂ ਮੀਤ ਪ੍ਰਧਾਨ ਤਰਨ ਤਾਰਨ, ਭਾਈ ਗੁਰਭੇਜ ਸਿੰਘ ਜੀ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ, ਭਾਈ ਭੁਪਿੰਦਰ ਸਿੰਘ ਜੀ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ, ਭਾਈ ਬਲਕਾਰ ਸਿੰਘ ਜੀ ਜ਼ਿਲ੍ਹਾ ਪ੍ਰਧਾਨ ਸ੍ਰੀ ਅੰਮ੍ਰਿਤਸਰ, ਬਾਬਾ ਗੁਰਸਾਹਿਬ ਸਿੰਘ ਜੀ ਵਰਨਾਲਾ ਮੁੱਖ ਸੇਵਾਦਾਰ ਗੁਰਮਤਿ ਸਮਾਗਮ, ਭਾਈ ਦਰਸ਼ਨ ਸਿੰਘ ਜੀ ਮੱਖੂ, ਭਾਈ ਮਨਜੀਤ ਸਿੰਘ ਜੀ ਮੰਨਣ, ਸ੍ਰ ਚਾਨਣ ਸਿੰਘ ਸਾਬਕਾ ਸਰਪੰਚ, ਬਾਬਾ ਦਇਆ ਸਿੰਘ ਜੀ ,ਭਾਈ ਮਹਿੰਦਰ ਪਾਲ ਸਿੰਘ , ਸ੍ਰ ਅੰਗਰੇਜ਼ ਸਿੰਘ ਕਲਸੀ, ਕੁਲਵੰਤ ਸਿੰਘ ਮੌਜੂਦਾ ਸਰਪੰਚ, ਜਥੇਦਾਰ ਅਰੂੜ ਸਿੰਘ ਜੀ ਭਰਾਤਾ ਸ਼ਹੀਦ ਭਾਈ ਸਰਵਣ ਸਿੰਘ ਜੀ, ਭਾਈ ਸਤਨਾਮ ਸਿੰਘ, ਭਾਈ ਗੁਰਸੇਵਕ ਸਿੰਘ, ਗੁਰਸਾਬ ਸਿੰਘ ਮੈਂਬਰ ਪੰਚਾਇਤ ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਸਿੱਖ ਸ. ਰਾਮਪਾਲ ਸਿੰਘ ਫੌਜੀ ਪਿੰਡ ਕੋਟ ਸ਼ਮੀਰ ਬਠਿੰਡਾ ਦੀ ਸਪੁੱਤਰੀ ਦੇ ਸ਼ਗਨ ਦੀ ਰਸਮ ਸਮੇਂ

# ਸੁਭਾਗੀ ਜੋੜੀ ਕਾਕਾ ਹਰਕੋਮਲ ਸਿੰਘ ਮਾਣੂੰਕੇ ਗਿੱਲ ਅਤੇ ਬੀਬੀ ਜਸ਼ਨਪਰੀਤ ਕੌਰ ਅਸਟ੍ਰੇਲੀਆ ਨੂੰ ਅਸ਼ੀਰਵਾਦ ਦੇਣ ਪੁੱਜੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ













ਗੁਰਸਿੱਖ ਸ. ਰਾਮਪਾਲ ਸਿੰਘ ਫੌਜੀ ਪਿੰਡ ਕੋਟ ਸ਼ਮੀਰ ਬਠਿੰਡਾ ਦੀ ਸਪੁੱਤਰੀ ਦੇ ਸ਼ਗਨ ਦੀ ਰਸਮ ਸਮੇਂ 20 ਜਨਵਰੀ 2026 ਨੂੰ ਜੋੜੀ ਕਾਕਾ ਹਰਕੋਮਲ ਸਿੰਘ ਮਾਣੂੰਕੇ ਗਿੱਲ ਅਤੇ ਬੀਬੀ ਜਸ਼ਨਪਰੀਤ ਕੌਰ ਅਸਟ੍ਰੇਲੀਆ ਨੂੰ ਅਸ਼ੀਰਵਾਦ ਦੇਣ ਪੁੱਜੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਗੁਰਦੁਆਰਾ ਜੰਡਾਲੀਸਰ ਟਿੱਬਾ ਸਾਹਿਬ ਕੋਟ ਸ਼ਮੀਰ ਪੰਥਕ ਸੇਵਾ ਲਹਿਰ ਦਾਦੂ ਸਾਹਿਬ।



ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਡਾ. ਰਾਜਦੀਪ ਸਿੰਘ,ਡਾ.ਹਰਲੀਨ ਕੌਰ ਵੱਲੋਂ ਆਪਣੇ ਪਲੇਅਵੇ ਸੀਨੀਅਰ ਸੈਕੈਂਡਰੀ ਸਕੂਲ ਪਟਿਆਲਾ ਦੇ 51ਵੇਂ ਸਥਾਪਨਾ ਦਿਵਸ ਅਤੇ ਆਪਣੇ ਮਾਤਾ ਡਾ. ਤਜਿੰਦਰ ਕੌਰ ਜੀ ਦੇ ਜਨਮ ਦਿਨ ਦੀ ਖੁਸ਼ੀ ਵਿੱਚ

# 'ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਏ ਗਏ

## ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ

















ਡਾ. ਰਾਜਦੀਪ ਸਿੰਘ,ਡਾ.ਹਰਲੀਨ ਕੌਰ ਵੱਲੋਂ ਆਪਣੇ ਪਲੇਅਵੇ ਸੀਨੀਅਰ ਸੈਕੈਂਡਰੀ ਸਕੂਲ ਪਟਿਆਲਾ ਦੇ 51ਵੇਂ ਸਥਾਪਨਾ ਦਿਵਸ ਅਤੇ ਆਪਣੇ ਮਾਤਾ ਡਾ. ਤਜਿੰਦਰ ਕੌਰ ਜੀ ਦੇ ਜਨਮ ਦਿਨ ਦੀ ਖੁਸ਼ੀ ਵਿੱਚ "ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ" ਦੀ ਛੱਤਰ ਛਾਇਆ ਹੇਠ ਅੱਜ 22 ਜਨਵਰੀ 2026 ਨੂੰ "ਵਿਸ਼ੇਸ਼ ਗੁਰਮਤਿ ਸਮਾਗਮ" ਕੀਤੇ ਗਏ ਜਿਸ ਵਿੱਚ ਭਾਈ ਸਰਬਜੀਤ ਸਿੰਘ ਪਟਨਾ ਸਾਹਿਬ ਵਾਲਿਆਂ ਨੇ ਰਸਭਿੰਨਾ ਕੀਰਤਨ ਕੀਤਾ ਉਪਰੰਤ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ,ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਿੰਘ ਸਾਹਿਬ ਗਿ. ਰਣਜੀਤ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ,ਗਿਆਨੀ ਚਰਨਜੀਤ ਸਿੰਘ ਤਖ਼ਤ ਸ੍ਰੀ ਪਟਨਾ ਸਾਹਿਬ ਵਾਲਿਆਂ ਨੇ ਸਿੱਖ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਇਸ ਸਮੇਂ ਸਿੱਖ ਸੰਗਤਾਂ ਤੋਂ ਇਲਾਵਾ ਸਿੰਘ ਸਾਹਿਬ ਗਿ. ਬਲਦੇਵ ਸਿੰਘ ਜਥੇਦਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ,ਗਿ. ਗੁਰਦਿਆਲ ਸਿੰਘ ਐਡੀਸ਼ਨਲ ਮੁੱਖ ਗ੍ਰੰਥੀ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗਿ.ਪ੍ਰਨਾਮ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਪਟਿਆਲਾ,ਨੌਜਵਾਨ ਸਿੱਖ ਹਿਸਟੋਰੀਅਨ ਭਾਈ ਸਿਮਰ ਸਿੰਘ,ਡਾ.ਪ੍ਰਭਲੀਨ ਸਿੰਘ ਪਟਿਆਲਾ ਓਐਸਡੀ ਹਰਿਆਣਾ ਸਰਕਾਰ,ਸ. ਹਰਪ੍ਰੀਤ ਸਿੰਘ ਦਰਦੀ ਚੜਦੀਕਲਾ ਟਾਈਮ ਟੀਵੀ ਗਰੁੱਪ,ਸ. ਗੁਰਮੀਤ ਸਿੰਘ ਜੱਗੀ,ਸ,ਇਕਬਾਲ ਸਿੰਘ ਸਿਡਾਨਾ ਬ੍ਰਦਰਜ਼ ਵਾਲੇ ਸੀਨੀਅਰ ਐਡਵੋਕੇਟ ਸ਼ਿੰਦਰਪਾਲ ਸਿੰਘ ਬਰਾੜ ਬਠਿੰਡਾ ਵੀ ਹਾਜ਼ਰ ਸਨ ਇਸ ਸਮੇਂ ਡਾ. ਰਾਜਦੀਪ ਸਿੰਘ ਪਟਿਆਲਾ ਨੇ ਸਮੂਹ ਸ਼ਖਸ਼ੀਅਤਾਂ ਨੂੰ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਨੌਜਵਾਨ ਬੱਚੇ ਬੱਚੀਆਂ ਨੇ ਸਿੱਖ ਮਾਰਸ਼ਲ ਆਰਟ ਗੱਤਕੇ ਦੇ ਜੌਹਰ ਵਿਖਾਏ ਗੁਰੂ ਕਾ ਲੰਗਰ ਅਤੁੱਟ ਵਰਤਿਆ।

## ਧੰਨ ਧੰਨ ਮਾਤਾ ਗੁਜ਼ਰ ਕੌਰ ਜੀ,ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ,ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਅਤੇ ਸ਼ਹੀਦਾਂ ਸਿੰਘਾਂ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਫਤਿਹਗੜ ਸਾਹਿਬ ਸਰਹੰਦ ਵਿਖੇ

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪਰਿਵਾਰ ਅਤੇ ਜਥੇ ਸਮੇਤ ਦਰਸ਼ਨ ਦੀਦਾਰੇ ਕੀਤੇ










ਧੰਨ ਧੰਨ ਮਾਤਾ ਗੁਜ਼ਰ ਕੌਰ ਜੀ,ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ,ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਅਤੇ ਸ਼ਹੀਦਾਂ ਸਿੰਘਾਂ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਫਤਿਹਗੜ ਸਾਹਿਬ ਸਰਹੰਦ ਵਿਖੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪਰਿਵਾਰ ਅਤੇ ਜਥੇ ਸਮੇਤ ਅੱਜ 22 ਜਨਵਰੀ 2026 ਨੂੰ ਦਰਸ਼ਨ ਦੀਦਾਰੇ ਕੀਤੇ ਸਿੰਘ ਸਾਹਿਬ ਗਿ. ਹਰਪਾਲ ਸਿੰਘ ਜੀ ਮੁੱਖ ਗ੍ਰੰਥੀ ਗੁਰਦੁਆਰਾ ਫਤਿਹਗੜ ਸਾਹਿਬ ਨਾਲ ਮਿਲਾਪ ਹੋਇਆ ਤੇ ਉਨਾਂ ਭਾਈ ਕੁਰਬਾਨ ਸਿੰਘ ਅਤੇ ਭਾਈ ਕਿਆਮਤ ਸਿੰਘ ਨੂੰ ਅਸ਼ੀਰਵਾਦ ਦਿੱਤਾ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243